PAIGAM-E-JAGAT

# ਪੈਗ਼ਾਮ-ਏ-ਜਗਤ




ਮੋਬਾਈਲਾਂ 'ਤੇ 'ਟੂੰ-ਟੂੰ' ਦੇ ਸੁਨੇਹੇ ਆਉਂਦਿਆਂ ਹੀ ਔਰਤਾਂ ਦੇ ਚਿਹਰਿਆਂ 'ਤੇ ਛਾਈ ਖੁਸ਼ੀ

# ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੀਆਂ ਔਰਤਾਂ ਦੇ ਖਾਤਿਆਂ ਵਿੱਚ ਇੱਕ ਵਾਰ ਫਿਰ ਪਾਈ ਸਨਮਾਨ ਰਾਸ਼ੀ

- ਪੈਸੇ ਆਉਣ ਮਗਰੋਂ ਪੰਜਾਬ ਦੀਆਂ ਔਰਤਾਂ ਨੇ ਲਾਇਆ ਇੱਕੋ ਨਾਅਰਾ : 'ਭਗਵੰਤ ਮਾਨ ਸਰਕਾਰ ਮੁੜ ਦੁਬਾਰਾ'
- ਜਦੋਂ ਤੱਕ ਪੰਜਾਬ ਵਿੱਚ ਸਾਡੀ ਸਰਕਾਰ ਹੈ, ਔਰਤਾਂ ਦੇ ਮੋਬਾਈਲਾਂ 'ਤੇ 'ਟੂੰ-ਟੂੰ' ਹੁੰਦੀ ਰਹੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਖਡੂਰ ਸਾਹਿਬ, 1 ਅਕਤੂਬਰ (ਪੈਗ਼ਾਮ-ਏ-ਜਗਤ)**

'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 3,000 ਤੋਂ 4,500 ਰੁਪਏ ਸਿੱਧੇ ਖਾਤਿਆਂ ਵਿੱਚ ਤਬਦੀਲ ਹੋਣ ਦੀ ਪੁਸ਼ਟੀ ਵਾਲੇ 'ਟੂੰ-ਟੂੰ' ਦੇ ਸੁਨੇਹੇ ਮਿਲਦਿਆਂ ਹੀ ਪੰਜਾਬ ਦੀਆਂ ਔਰਤਾਂ ਦੇ ਚਿਹਰਿਆਂ 'ਤੇ ਛਾਈ ਖੁਸੀ ਨੇ ਇਸ ਭਲਾਈ ਸਕੀਮ ਦੇ ਉਸਾਰੂ ਪ੍ਰਭਾਵ 'ਤੇ ਮੋਹਰ ਲਾ ਦਿੱਤੀ ਹੈ, ਜਿਸ ਦੇ ਚਲਦਿਆਂ ਸੂਬੇ ਭਰ ਦੀਆਂ ਔਰਤਾਂ ਮੁੜ ਭਗਵੰਤ ਮਾਨ ਸਰਕਾਰ ਲਿਆਉਣ ਦੇ ਹੱਕ ਵਿੱਚ ਨਾਅਰਾ ਮਾਰ ਰਹੀਆਂ ਹਨ। ਸ੍ਰੀ ਗੋਇੰਦਵਾਲ ਸਾਹਿਬ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੇ ਟੈਕਸ ਦਾ ਪੈਸਾ ਸਿੱਧਾ ਉਨ੍ਹਾਂ ਦੀ ਭਲਾਈ ਵਾਲੀਆਂ ਸਕੀਮਾਂ ਵਿੱਚ ਲਾ ਰਹੀ ਹੈ ਅਤੇ ਦਾਅਵਾ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀ ਸਰਕਾਰ ਸੱਤਾ ਵਿੱਚ ਰਹੇਗੀ, ਔਰਤਾਂ ਦੇ ਮੋਬਾਈਲ ਫੋਨਾਂ 'ਤੇ 'ਟੂੰ-ਟੂੰ ਦੇ ਸੁਨੇਹੇ ਲਗਾਤਾਰ ਪਹੁੰਚਦੇ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਜੇ ਕਾਂਗਰਸ, ਭਾਜਪਾ ਜਾਂ ਅਕਾਲੀ ਦਲ ਸੱਤਾ ਵਿੱਚ ਆਉਂਦੇ ਹਨ ਤਾਂ ਔਰਤਾਂ ਦੀ ਮਹੀਨਾਵਾਰ ਸਨਮਾਨ ਰਾਸ਼ੀ, ਮੁਫਤ ਬਿਜਲੀ ਅਤੇ ਮੁਫਤ ਬੱਸ ਸਫਰ ਵਰਗੀਆਂ ਸਹੂਲਤਾਂ ਬੰਦ ਕਰ ਦਿੱਤੀਆਂ ਜਾਣਗੀਆਂ।

ਆਪਣੇ 'ਐਕਸ' ਹੈਂਡਲ 'ਤੇ ਪੋਸਟ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ, "ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਏ ਸਮਾਗਮ ਵਿੱਚ ਇੰਨੀ ਵੱਡੀ ਗਿਣਤੀ 'ਚ ਪਹੁੰਚਣ ਲਈ ਆਪ ਸਭ ਦਾ ਬਹੁਤ-ਬਹੁਤ ਧੰਨਵਾਦ। ਅੱਜ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਮਾਵਾਂ-ਭੈਣਾਂ ਦੇ ਖਾਤਿਆਂ ਵਿੱਚ 3,000 ਤੋਂ 4,500 ਰੁਪਏ ਸਿੱਧੇ ਤਬਦੀਲ ਕੀਤੇ ਗਏ ਹਨ। ਸਾਡੀ ਸਰਕਾਰ ਲੋਕਾਂ ਦੇ ਟੈਕਸ ਦਾ ਪੈਸਾ ਸਿਰਫ ਤੇ ਸਿਰਫ ਉਨ੍ਹਾਂ ਦੀ ਭਲਾਈ 'ਤੇ ਖਰਚ ਰਹੀ ਹੈ। ਇਸੇ ਇਮਾਨਦਾਰ ਨੀਤੀ ਸਦਕਾ ਪੰਜਾਬ ਅੱਜ ਸਿੱਖਿਆ ਅਤੇ ਹੋਰ ਜਨਤਕ ਸੇਵਾਵਾਂ ਵਿੱਚ ਦੇਸ ਦਾ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ। ਇਨਕਲਾਬ ਜ਼ਿੰਦਾਬਾਦ।"



ਸ੍ਰੀ ਖਡੂਰ ਸਾਹਿਬ ਵਿਖੇ ਕਰਵਾਏ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਾਨ ਸਿੱਖ ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਇਸ ਪਵਿੱਤਰ ਧਰਤੀ 'ਤੇ ਨਤਮਸਤਕ ਹੋ ਕੇ ਆਪਣੀ ਸਰਧਾ ਤੇ ਸਤਿਕਾਰ ਭੇਟ ਕੀਤਾ। ਇਸ ਦੌਰਾਨ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, "ਇਹ ਉਹੀ ਪਵਿੱਤਰ ਧਰਤੀ ਹੈ, ਜਿੱਥੇ ਸ੍ਰੀ ਗੁਰੂ ਅਮਰਦਾਸ ਜੀ ਨੇ ਸਤੀ ਪ੍ਰਥਾ ਦਾ ਅੰਤ ਕੀਤਾ ਅਤੇ ਲੰਗਰ ਪ੍ਰਥਾ ਨੂੰ ਹੋਰ ਮਜਬੂਤ ਕੀਤਾ, ਜਿਸ ਵਿੱਚ ਮਾਤਾ ਖੀਵੀ ਜੀ ਨੇ ਖੁਦ ਸੇਵਾ ਨਿਭਾਈ। ਉਨ੍ਹਾਂ ਕਿਹਾ ਕਿ ਇਸੇ ਲਈ ਅਸੀਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਈ ਇਸ ਮਹਾਨ ਅਤੇ ਇਤਿਹਾਸਕ ਧਰਤੀ ਦੀ ਚੋਣ ਕੀਤੀ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀਆਂ ਮਾਵਾਂ-ਧੀਆਂ ਲਈ ਅਕਤੂਬਰ, ਨਵੰਬਰ ਅਤੇ ਦਸੰਬਰ ਮਹੀਨੇ ਦੀ ਦੂਜੀ ਕਿਸਤ ਜਾਰੀ ਕੀਤੀ ਜਾ ਰਹੀ ਹੈ ਅਤੇ 36.87 ਲੱਖ ਔਰਤਾਂ ਦੇ ਬੈਂਕ ਖਾਤਿਆਂ (ਬਾਕੀ ਸਫ਼ਾ 2 'ਤੇ)

ਅੰਤਰਰਾਜ਼ੀ ਹਥਿਆਰ ਤਸਕਰੀ ਗਿਰੋਹ ਦਾ ਪਰਦਾਫਾਸ਼

## 7 ਪਿਸਤੌਲਾਂ ਸਮੇਤ 4 ਗ੍ਰਿਫ਼ਤਾਰ



- ਦੁਬਈ ਅਤੇ ਅਮਰੀਕਾ ਸਥਿਤ ਹੈਂਡਲਰਾਂ ਦੇ ਸੰਪਰਕ 'ਚ ਸਨ ਦੋਸ਼ੀ

**ਗੁਰਦਾਸਪੁਰ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਮੁੱਖ ਮੰਤਰੀ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਲਈ ਚਲਾਏ ਜਾ ਰਹੇ ਅਭਿਆਨ ਦੌਰਾਨ ਇੱਕ ਵੱਡੀ ਸਫ਼ਲਤਾ ਤਹਿਤ ਗੁਰਦਾਸਪੁਰ ਪੁਲਿਸ ਨੇ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਦਿਆਂ ਚਾਰ ਵਿਅਕਤੀਆਂ, ਜਿਨ੍ਹਾਂ ਵਿੱਚੋਂ ਤਿੰਨ ਉੱਤਰਾਖੰਡ ਦੇ ਰਹਿਣ ਵਾਲੇ ਹਨ, ਨੂੰ ਸੱਤ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।

ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲਵਪ੍ਰੀਤ ਸਿੰਘ (26), ਲਵਪ੍ਰੀਤ ਸਿੰਘ (25) ਅਤੇ ਜਸ਼ਨਦੀਪ ਸਿੰਘ (25), ਸਾਰੇ ਨਿਵਾਸੀ ਸਿਤਾਰਗੰਜ, ਊਧਮ ਸਿੰਘ ਨਗਰ, ਉੱਤਰਾਖੰਡ ਅਤੇ ਹਰਜਿੰਦਰ ਸਿੰਘ (23), ਨਿਵਾਸੀ ਲਖਣ ਕਲਾਂ, ਕਲਾਨੌਰ, ਗੁਰਦਾਸਪੁਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਇੱਕ ਗਲੌਕ (ਆਸਟਰੀਆ ਨਿਰਮਿਤ), ਚਾਰ .30 ਬੋਰ (ਚੀਨ ਨਿਰਮਿਤ) ਅਤੇ ਦੋ .30 ਬੋਰ ਪਿਸਤੌਲਾਂ ਸਮੇਤ (ਬਾਕੀ ਸਫ਼ਾ 2 'ਤੇ)

ਪ੍ਰਧਾਨ ਮੰਤਰੀ ਮੋਦੀ ਨੇ ਯੂਪੀਐਸਸੀ ਦੇ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕੀਤਾ

## ਕਿਹਾ-2047 ਦੇ ਭਾਰਤ ਨੂੰ ਧਿਆਨ ਵਿੱਚ ਰੱਖਦਿਆਂ ਸਿਵਲ ਸੇਵਾਵਾਂ ਦੀ ਚੋਣ ਪ੍ਰਕਿਰਿਆ ਵਿੱਚ ਵੱਡੇ ਸੁਧਾਰਾਂ ਦੀ ਲੋੜ

**ਨਵੀਂ ਦਿੱਲੀ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦੇ 100 ਸਾਲ ਪੂਰੇ ਹੋਣ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਵਿੱਚ ਸਿਵਲ ਸੇਵਾਵਾਂ ਦੀ ਚੋਣ ਪ੍ਰਕਿਰਿਆ ਵਿੱਚ ਮਹੱਤਵਪੂਰਨ ਬਦਲਾਅ ਲਿਆਉਣ 'ਤੇ ਜ਼ੋਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਭਰਤੀ ਪ੍ਰਣਾਲੀ ਅਜਿਹੇ ਅਧਿਕਾਰੀਆਂ ਨੂੰ ਤਿਆਰ ਕਰਨ ਵਾਲੀ ਹੋਣੀ ਚਾਹੀਦੀ ਹੈ, ਜੋ 2047 ਤੱਕ ਦੇ ਵਧੇਰੇ ਸ਼ਹਿਰੀ, ਤਕਨਾਲੋਜੀ-ਸੰਚਾਲਿਤ ਅਤੇ ਉੱਚ ਜਨਤਕ ਉਮੀਦਾਂ ਵਾਲੇ ਭਾਰਤ ਦੀ ਅਗਵਾਈ ਕਰਨ ਲਈ ਪੂਰੀ ਤਰ੍ਹਾਂ ਸਮਰੱਥ ਹੋਣ।



ਯੂ.ਪੀ.ਐੱਸ.ਸੀ. ਦੇ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਸੰਸਥਾ ਦੀ ਸਭ ਤੋਂ ਵੱਡੀ ਪੂੰਜੀ ਉਹ ਅਟੁੱਟ ਭਰੋਸਾ ਹੈ, ਜੋ ਇਸ ਨੇ ਬੀਤੀ ਇੱਕ ਸਦੀ ਵਿੱਚ ਕਮਾਇਆ ਹੈ। ਸਮੇਂ ਦੇ ਨਾਲ ਸਰਕਾਰਾਂ, ਤਕਨੀਕ ਅਤੇ ਪਾਠਕ੍ਰਮ ਭਾਵੇਂ ਬਦਲੇ ਹਨ, ਪਰ ਇਸ ਸੰਸਥਾ ਪ੍ਰਤੀ ਲੋਕਾਂ ਦਾ ਵਿਸ਼ਵਾਸ ਅੱਜ ਵੀ ਪੂਰੀ ਤਰ੍ਹਾਂ ਬਰਕਰਾਰ ਹੈ। ਇਸ ਦੇ ਨਾਲ ਹੀ ਉਨ੍ਹਾਂ ਰਾਸ਼ਟਰ ਨਿਰਮਾਣ ਵਿੱਚ ਸਰਦਾਰ ਵੱਲਭਭਾਈ ਪਟੇਲ ਦੇ ਅਹਿਮ ਯੋਗਦਾਨ ਨੂੰ ਵੀ ਯਾਦ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਆਉਣ ਵਾਲੇ 20 ਤੋਂ 25 ਸਾਲ ਦੇਸ਼ ਲਈ ਬੇਹੱਦ ਅਹਿਮ ਹਨ, ਇਸ ਲਈ ਚੋਣ ਸੰਸਥਾਵਾਂ ਨੂੰ ਭਰਤੀ ਦੇ ਕੇਂਦਰ ਵਿੱਚ ਦੋ ਮੁੱਖ ਕਸੌਟੀਆਂ-ਰਾਸ਼ਟਰ ਪਹਿਲਾਂ ਅਤੇ ਨਾਗਰਿਕ ਪਹਿਲਾਂ—ਨੂੰ ਰੱਖਣਾ ਪਵੇਗਾ। ਉਨ੍ਹਾਂ ਦਾ ਵਿਸ਼ੇਸ਼ ਜ਼ੋਰ ਇਸ ਗੱਲ 'ਤੇ ਸੀ ਕਿ ਸਿਵਲ ਸੇਵਾਵਾਂ ਵਿੱਚ ਆਉਣ ਵਾਲੇ ਨੌਜਵਾਨਾਂ ਦੀ ਮਾਨਸਿਕਤਾ ਅਤੇ ਪ੍ਰੋਫਾਈਲ ਨੂੰ ਸਮਝਣ ਦੀ ਲੋੜ ਹੈ। ਪ੍ਰੀਖਿਆਵਾਂ ਸਿਰਫ਼ ਉਮੀਦਵਾਰਾਂ ਦੀ ਗਿਆਨ-ਪਰਖ ਤੱਕ ਸੀਮਤ ਨਾ ਹੋਣ, ਸਗੋਂ ਇਹ ਵੀ ਪਰਖਣ ਕਿ ਉਹ ਨੌਜਵਾਨ ਅਸਲ ਵਿੱਚ ਜਨਤਕ ਸੇਵਾ ਵਿੱਚ ਕਿਉਂ ਆਉਣਾ ਚਾਹੁੰਦਾ ਹੈ।

ਉਨ੍ਹਾਂ ਸੁਝਾਅ ਦਿੱਤਾ ਕਿ ਸਿਖਲਾਈ ਦੀ ਸ਼ੁਰੂਆਤ ਵਿੱਚ ਉਮੀਦਵਾਰਾਂ ਨੂੰ ਇਹ ਲਿਖਤੀ ਰੂਪ ਵਿੱਚ ਦਰਜ ਕਰਨਾ ਚਾਹੀਦਾ ਹੈ ਕਿ ਉਨ੍ਹਾਂ ਨੇ ਸੇਵਾ ਦਾ ਇਹ ਰਾਹ ਕਿਉਂ ਚੁਣਿਆ ਹੈ, ਤਾਂ ਜੋ ਭਵਿੱਖ ਵਿੱਚ ਜ਼ਿੰਮੇਵਾਰੀਆਂ ਨਿਭਾਉਂਦਿਆਂ ਉਹ ਆਪਣੇ ਅਸਲ ਉਦੇਸ਼ ਪ੍ਰਤੀ ਹਮੇਸ਼ਾ ਜਾਗਰੂਕ ਰਹਿਣ। ਆਧੁਨਿਕ ਯੁੱਗ ਦੀਆਂ ਚੁਣੌਤੀਆਂ ਦਾ ਜ਼ਿਕਰ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਅੱਜ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਰੀਅਲ-ਟਾਈਮ ਡੇਟਾ ਦੇ ਜ਼ਮਾਨੇ ਵਿੱਚ ਨਾਗਰਿਕ ਸਰਕਾਰੀ ਸੇਵਾਵਾਂ ਲਈ ਹਫ਼ਤਿਆਂ ਜਾਂ ਮਹੀਨਿਆਂ ਤੱਕ ਇੰਤਜ਼ਾਰ ਨਹੀਂ ਕਰਨਾ ਚਾਹੁੰਦੇ। (ਬਾਕੀ ਸਫ਼ਾ 2 'ਤੇ)

ਮਹੀਨੇ ਦੇ ਪਹਿਲੇ ਦਿਨ ਸ਼ੇਅਰ ਬਾਜ਼ਾਰ 'ਚ ਹਾਹਾਕਾਰ

## ਨਿਵੇਸ਼ਕਾਂ ਨੂੰ 20 ਲੱਖ ਕਰੋੜ ਰੁਪਏ ਦਾ ਨੁਕਸਾਨ

- 72,000 ਦੇ ਪੱਧਰ ਤੋਂ ਫਿਸਲਿਆ ਸੈਂਸੈਕਸ

**ਮੁੰਬਈ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਅਕਤੂਬਰ ਦੇ ਪਹਿਲੇ ਦਿਨ ਸਟਾਕ ਮਾਰਕੀਟ ਵਿੱਚ ਭਾਰੀ ਗਿਰਾਵਟ ਦੇਖੀ ਗਈ, ਜਿਸ ਨਾਲ ਨਿਵੇਸ਼ਕਾਂ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ। ਸੈਂਸੈਕਸ ਅਤੇ ਨਿਫਟੀ ਦੋਵੇਂ 1.5% ਤੋਂ ਵੱਧ ਡਿੱਗ ਗਏ। ਵਿਦੇਸ਼ੀ ਨਿਵੇਸ਼ਕਾਂ ਵੱਲੋਂ ਲਗਾਤਾਰ ਭਾਰੀ ਵਿਕਰੀ, ਵਧਦੇ ਬਾਂਡ ਯੀਲਡ ਅਤੇ ਹੋਰ ਕਾਰਕਾਂ ਕਾਰਨ ਨਿਵੇਸ਼ਕ ਘਬਰਾ ਗਏ।

ਬਾਜ਼ਾਰ ਬੰਦ ਹੋਣ ਸਮੇਂ, ਬੀਐਸਈ ਸੈਂਸੈਕਸ 570.59 ਅੰਕ (0.79 ਪ੍ਰਤੀਸ਼ਤ) ਡਿੱਗ ਕੇ 71,909.70 'ਤੇ ਆ ਗਿਆ ਅਤੇ ਨਿਫਟੀ 50, 198.50 ਅੰਕ (0.88 ਪ੍ਰਤੀਸ਼ਤ) ਡਿੱਗ ਕੇ 22,421.95 'ਤੇ ਪਹੁੰਚ ਗਿਆ। ਇਸ ਨਾਲ ਨਿਵੇਸ਼ਕਾਂ ਦੇ 20 ਲੱਖ ਕਰੋੜ ਰੁਪਏ ਤਬਾਹ ਹੋ ਗਏ।



ਬੀਐਸਈ ਸੈਂਸੈਕਸ 570.59 ਅੰਕ ਡਿੱਗ ਕੇ 71,909.70 'ਤੇ ਆ ਗਿਆ, ਜਦੋਂ ਕਿ ਨਿਫਟੀ 50, 198.50 ਅੰਕ ਡਿੱਗ ਕੇ 22,421.95 'ਤੇ ਬੰਦ ਹੋਇਆ। ਵਪਾਰ ਦੌਰਾਨ, ਸੈਂਸੈਕਸ 1,200 ਅੰਕ ਡਿੱਗ ਕੇ 71,300 ਤੋਂ ਹੇਠਾਂ ਆ ਗਿਆ, ਜਦੋਂ ਕਿ ਨਿਫਟੀ 50 ਲਗਭਗ 400 ਅੰਕ ਡਿੱਗ ਕੇ 22,300 ਤੋਂ ਹੇਠਾਂ ਆ ਗਿਆ। ਇਸ ਭਾਰੀ ਵਿਕਰੀ ਕਾਰਨ, ਬੀਐਸਈ 'ਤੇ ਸੂਚੀਬੱਧ ਸਾਰੀਆਂ (ਬਾਕੀ ਸਫ਼ਾ 2 'ਤੇ)

ਕਾਂਗਰਸ ਹਾਈਕਮਾਂਡ ਵੱਲੋਂ ਰਾਜਾ ਵੜਿੰਗ ਦੀ ਛੁੱਟੀ !

## ਵੜਿੰਗ ਨੇ ਖ਼ੁਦ ਨੂੰ ਸਾਬਕਾ ਪ੍ਰਧਾਨ ਐਲਾਨਿਆ

- ਚੰਨੀ ਧੜੇ ਲਈ ਇਸ ਨੂੰ ਮੰਨਿਆ ਜਾ ਰਿਹਾ ਹੈ ਵੱਡੀ ਸਫ਼ਲਤਾ
- ਰਾਹੁਲ ਗਾਂਧੀ ਦੇ ਕਰੀਬੀ ਵਿਜੈਇੰਦਰ ਸਿੰਗਲਾ ਪੰਜਾਬ ਕਾਂਗਰਸ ਪ੍ਰਧਾਨ ਦੀ ਦੌੜ ਵਿੱਚ ਸਭ ਤੋਂ ਅੱਗੇ

**ਚੰਡੀਗੜ੍ਹ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦੀ ਨਵੀਂ ਕਮਾਨ ਦੇ ਐਲਾਨ ਤੋਂ ਐਨ ਪਹਿਲਾਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਖ਼ੁਦ ਹੀ ਆਪਣੇ ਆਪ ਨੂੰ ਹੁਣ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਹੋਣ ਦੀ ਪੁਸ਼ਟੀ ਕਰ ਦਿੱਤੀ ਹੈ। ਕਾਂਗਰਸੀ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਆਪਣੇ ਐਕਸ ਖਾਤੇ 'ਤੇ ਖ਼ੁਦ ਹੀ ਆਪਣੇ ਆਪ ਨੂੰ 'ਸਾਬਕਾ ਪ੍ਰਧਾਨ' ਐਲਾਨ ਦਿੱਤਾ ਹੈ। ਰਾਜਾ ਵੜਿੰਗ ਦੇ ਇਸ ਐਲਾਨ ਤੋਂ ਸਾਫ਼ ਹੈ ਕਿ ਕਾਂਗਰਸ ਹਾਈਕਮਾਂਡ ਨੇ ਉਨ੍ਹਾਂ ਦਾ ਅਸਤੀਫ਼ਾ ਪ੍ਰਵਾਨ ਕਰ ਲਿਆ ਹੈ।

ਗਰਸ ਹਾਈਕਮਾਂਡ ਵੱਲੋਂ ਹੁਣ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਦਾ ਨਵਾਂ ਐਲਾਨ ਕਿਸੇ ਵੇਲੇ ਵੀ ਸੰਭਵ ਹੈ। ਰਾਜਾ ਵੜਿੰਗ ਦੇ ਅਸਤੀਫ਼ੇ ਮਗਰੋਂ ਕਾਂਗਰਸੀ ਸਫ਼ਾਂ ਵਿੱਚ ਸਿਆਸੀ ਸਰਗਰਮੀ ਤੇਜ਼ ਹੋ ਗਈ ਹੈ। ਪੰਜਾਬ ਕਾਂਗਰਸ ਦੀ ਅੰਦਰੂਨੀ ਖਿੱਚੋਤਾਣ ਨੂੰ ਬ੍ਰੇਕ ਲਾਉਣ ਲਈ ਆਖ਼ਰਕਾਰ ਹਾਈਕਮਾਂਡ ਨੇ ਆਪਣੇ ਪੁਰਾਣੇ ਫ਼ੈਸਲੇ ਨੂੰ ਬਦਲ ਦਿੱਤਾ ਹੈ। ਜਦੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਧੜੇ ਨੇ ਜਨਤਕ ਤੌਰ 'ਤੇ ਰਾਜਾ ਵੜਿੰਗ ਖ਼ਿਲਾਫ਼ ਪੈਂਤੜਾ ਲੈ ਲਿਆ ਸੀ, ਤਾਂ ਹਾਈਕਮਾਂਡ ਨੇ ਇੱਕ ਦਫ਼ਾ ਕਿਸੇ ਧੜੇ ਦੇ ਦਬਾਅ ਹੇਠ ਝੁਕਣ ਤੋਂ ਇਨਕਾਰ ਕਰ ਦਿੱਤਾ ਸੀ।

ਆਖ਼ਰਕਾਰ ਹਾਈਕਮਾਂਡ ਨੇ ਪਹਿਲਾਂ ਪੱਖਪਾਤੀ ਭੂਮਿਕਾ ਵਿੱਚ ਰਹੇ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਨੂੰ ਬਦਲਿਆ ਅਤੇ ਹੁਣ ਰਾਜਾ ਵੜਿੰਗ ਦੀ ਵੀ ਛੁੱਟੀ ਕਰ ਦਿੱਤੀ ਹੈ। ਚੰਨੀ ਧੜੇ ਦੀ ਇਹ ਦੂਸਰੀ ਜਿੱਤ ਹੈ ਕਿ ਉਹ ਵੜਿੰਗ ਨੂੰ ਪ੍ਰਧਾਨਗੀ ਤੋਂ ਲਾਹੁਣ ਵਿੱਚ ਸਫ਼ਲ ਰਹੇ ਹਨ ਅਤੇ ਇਸ ਤੋਂ ਪਹਿਲਾਂ ਬਘੇਲ ਨੂੰ ਬਦਲੇ ਜਾਣ ਨਾਲ ਵੀ ਚੰਨੀ ਧੜੇ ਨੇ ਰਾਹਤ ਮਹਿਸੂਸ ਕੀਤੀ ਸੀ। ਹੁਣ ਸਭ ਦੀਆਂ ਨਜ਼ਰਾਂ ਹਾਈਕਮਾਂਡ ਦੇ ਅਗਲੇ ਫ਼ੈਸਲੇ 'ਤੇ ਹਨ ਕਿ ਨਵੀਂ ਕਮਾਨ ਕਿਸ ਚਿਹਰੇ ਦੇ ਹੱਥ ਦਿੱਤੀ ਜਾਂਦੀ ਹੈ।



ਕਾਂਗਰਸੀ ਵਿਧਾਇਕ ਪਰਗਟ ਸਿੰਘ ਅਤੇ ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਤੋਂ ਇਲਾਵਾ ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ ਦਾ ਨਾਮ ਸਭ ਤੋਂ ਅੱਗੇ ਦੱਸਿਆ ਜਾ ਰਿਹਾ ਹੈ। ਆਲ ਇੰਡੀਆ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦੇ ਸੰਯੁਕਤ ਖ਼ਜ਼ਾਨਚੀ (ਬਾਕੀ ਸਫ਼ਾ 2 'ਤੇ)

## ਸੀਐਮ ਮਾਨ ਨੂੰ ਨਹੀਂ ਮਿਲੀ ਜਾਪਾਨ ਜਾਣ ਦੀ ਮਨਜ਼ੂਰੀ

**ਚੰਡੀਗੜ੍ਹ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਏਸ਼ੀਆਈ ਖੇਡਾਂ ਵਿੱਚ ਭਾਰਤੀ ਪੁਰਸ਼ ਹਾਕੀ ਟੀਮ ਦਾ ਮੈਚ ਦੇਖਣ ਲਈ ਜਾਪਾਨ ਜਾਣ ਵਾਸਤੇ ਕੇਂਦਰ ਸਰਕਾਰ ਤੋਂ ਸਿਆਸੀ ਮਨਜ਼ੂਰੀ ਨਹੀਂ ਮਿਲੀ। ਕੇਂਦਰ ਸਰਕਾਰ ਨੇ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਇਹ ਯਾਤਰਾ ਰੱਦ ਕਰ ਦਿੱਤੀ। ਏਸ਼ੀਆਈ ਹਾਕੀ ਮਹਾਸੰਘ ਤੋਂ ਸੱਦਾ ਮਿਲਿਆ ਸੀ।

ਤੁਹਾਨੂੰ ਦੱਸ ਦੇਈਏ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਈਚੀ-ਨਾਗੋਆ ਵਿੱਚ ਚੱਲ ਰਹੀਆਂ ਏਸ਼ੀਆਈ ਖੇਡਾਂ ਵਿੱਚ ਹਾਕੀ ਮੁਕਾਬਲਿਆਂ ਦੇ ਅੰਤਿਮ ਪੜਾਅ ਅਤੇ ਭਾਰਤੀ ਟੀਮ ਦਾ ਮੈਚ ਦੇਖਣ ਲਈ ਏਸ਼ੀਆਈ ਹਾਕੀ ਮਹਾਸੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ ਸੀ। ਪੰਜਾਬ ਵਿੱਚ ਹੋਣ ਵਾਲੀ 'ਏਸ਼ੀਆਈ ਚੈਂਪੀਅਨਜ਼ ਟਰਾਫ਼ੀ' ਦੀਆਂ ਤਿਆਰੀਆਂ ਨੂੰ ਦੇਖਦੇ ਹੋਏ ਇਸ ਯਾਤਰਾ ਦਾ ਉਦੇਸ਼ ਵੀ ਮਹੱਤਵਪੂਰਨ ਮੰਨਿਆ ਗਿਆ, ਕਿਉਂਕਿ ਭਾਰਤੀ ਹਾਕੀ ਟੀਮ ਦੇ ਕਈ ਖਿਡਾਰੀ ਪੰਜਾਬ (ਬਾਕੀ ਸਫ਼ਾ 2 'ਤੇ)

ਲੁਧਿਆਣਾ : ਐਸ.ਪੀ. ਓਸਵਾਲ ਡਿਜ਼ੀਟਲ ਗ੍ਰਿਫ਼ਤਾਰੀ ਮਾਮਲਾ

## ਕਾਰੋਬਾਰੀ ਨਾਲ 7 ਕਰੋੜ ਦੀ ਆਨਲਾਈਨ ਠੱਗੀ ਕਰਨ ਵਾਲਾ ਕੋਲਕਾਤਾ ਤੋਂ ਕਾਬੂ

- ਫ਼ਰਜ਼ੀ ਖਾਤੇ ਬਣਾ ਕੇ ਵਿਦੇਸ਼ਾਂ ਤੱਕ ਪੈਸੇ ਪਹੁੰਚਾਉਣ ਦਾ ਕਰਦਾ ਸੀ ਕੰਮ
- ਅਦਾਲਤ ਨੇ 6 ਅਕਤੂਬਰ ਤੱਕ ਰਿਮਾਂਡ 'ਤੇ ਭੇਜਿਆ

**ਜਲੰਧਰ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.), ਜਲੰਧਰ ਨੇ ਲੁਧਿਆਣਾ ਦੇ ਉਦਯੋਗਪਤੀ ਐੱਸ.ਪੀ. ਓਸਵਾਲ ਨਾਲ ਕਥਿਤ ਤੌਰ 'ਤੇ ਡਿਜੀਟਲ ਅਰੈਸਟ ਕਰਕੇ ਕੀਤੀ ਗਈ ਠੱਗੀ ਦੇ ਮਾਮਲੇ ਵਿੱਚ ਛਾਪੇਮਾਰੀ ਕਰਨ ਤੋਂ ਬਾਅਦ ਕੋਲਕਾਤਾ ਤੋਂ ਸੁਹੇਲ ਅਖ਼ਤਰ ਉਰਫ਼ ਰਾਜੂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਵੀਰਵਾਰ ਨੂੰ ਜਾਰੀ ਇੱਕ ਪ੍ਰੈੱਸ ਬਿਆਨ ਵਿੱਚ ਏਜੰਸੀ ਨੇ ਦੱਸਿਆ ਕਿ ਅਖ਼ਤਰ ਨੂੰ 28 ਸਤੰਬਰ ਨੂੰ ਪੀ.ਐੱਮ.ਐੱਲ.ਏ. (ਮਨੀ ਲਾਂਡਰਿੰਗ ਰੋਕੂ ਕਾਨੂੰਨ) ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਕੋਲਕਾਤਾ ਦੀ ਅਦਾਲਤ ਵੱਲੋਂ ਟਰਾਂਜ਼ਿਟ ਰਿਮਾਂਡ ਦੇਣ ਤੋਂ ਬਾਅਦ ਉਸ ਨੂੰ ਜਲੰਧਰ ਲਿਆਂਦਾ ਗਿਆ। ਜਲੰਧਰ ਦੀ ਵਿਸ਼ੇਸ਼ ਪੀ.ਐੱਮ.ਐੱਲ.ਏ. ਅਦਾਲਤ ਨੇ ਮੁਲਜ਼ਮ ਨੂੰ 6 ਅਕਤੂਬਰ ਤੱਕ ਪੁਲੀਸ ਹਿਰਾਸਤ (ਰਿਮਾਂਡ) ਵਿੱਚ ਭੇਜ ਦਿੱਤਾ ਹੈ। ਹੁਣ ਏਜੰਸੀ ਅਪਰਾਧ



ਵਿੱਚ ਉਸ ਦੀ ਕਥਿਤ ਭੂਮਿਕਾ ਦਾ ਪਤਾ ਲਾਉਣ ਅਤੇ ਪੈਸੇ ਦੇ ਲੈਣ-ਦੇਣ (ਮਨੀ ਟ੍ਰੇਲ) ਦੀ ਜਾਂਚ ਕਰਨ ਲਈ ਹਿਰਾਸਤ ਵਿੱਚ ਪੁੱਛਗਿੱਛ ਕਰੇਗੀ।

ਵਰਧਮਾਨ ਗਰੁੱਪ ਦੇ ਚੇਅਰਮੈਨ ਓਸਵਾਲ ਨੂੰ ਅਗਸਤ 2023 ਵਿੱਚ ਠੱਗਾਂ ਵੱਲੋਂ ਸੀ.ਬੀ.ਆਈ. ਅਧਿਕਾਰੀ ਬਣ ਕੇ ਡਿਜੀਟਲ ਅਰੈਸਟ ਕੀਤਾ ਗਿਆ ਸੀ ਅਤੇ ਉਨ੍ਹਾਂ ਕੋਲੋਂ 7 ਕਰੋੜ ਰੁਪਏ ਦੀ ਜ਼ਬਰਦਸਤੀ ਵਸੂਲੀ ਕੀਤੀ ਗਈ ਸੀ। ਈ.ਡੀ. ਨੇ ਸਾਈਬਰ ਕ੍ਰਾਈਮ ਪੁਲੀਸ ਸਟੇਸ਼ਨ ਲੁਧਿਆਣਾ ਵੱਲੋਂ ਦਰਜ ਐੱਫ.ਆਈ.ਆਰ. ਦੇ ਆਧਾਰ 'ਤੇ ਆਪਣੀ ਜਾਂਚ ਸ਼ੁਰੂ ਕੀਤੀ ਸੀ। ਇਸ ਜਾਂਚ ਵਿੱਚ ਉਸੇ ਗਰੁੱਪ ਵੱਲੋਂ ਡਿਜੀਟਲ ਅਰੈਸਟ ਨਾਲ ਜੁੜੇ ਸਾਈਬਰ ਕ੍ਰਾਈਮ ਦੇ 9 ਹੋਰ ਕੇਸਾਂ (ਐੱਫ.ਆਈ.ਆਰ.) ਨੂੰ ਵੀ ਸ਼ਾਮਲ ਕੀਤਾ ਗਿਆ ਸੀ। ਏਜੰਸੀ ਮੁਤਾਬਕ, ਠੱਗੀ ਰਾਹੀਂ (ਬਾਕੀ ਸਫ਼ਾ 2 'ਤੇ)



ਅੰਮ੍ਰਿਤਸਰ-ਤਰਨਤਾਰਨ ਬਾਈਪਾਸ 'ਤੇ ਦਰਦਨਾਕ ਹਾਦਸਾ

## ਟਿੱਪਰ 'ਚ ਵੱਜੀ ਸਕਾਰਪੀਓ ਨੂੰ ਲੱਗੀ ਅੱਗ, ਜ਼ਿੰਦਾ ਸੜਿਆ ਵਿਅਕਤੀ

**ਅੰਮ੍ਰਿਤਸਰ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਅੰਮ੍ਰਿਤਸਰ-ਬਠਿੰਡਾ ਨੈਸ਼ਨਲ ਹਾਈਵੇ-54 'ਤੇ ਅੱਜ ਦੁਪਹਿਰ ਕਰੀਬ 2 ਵਜੇ ਪਿੰਡ ਬੰਡਾਲਾ ਵਿਖੇ ਬੁੱਤਾਂ ਵਾਲੇ ਮੋੜ ਨੇੜੇ ਭਿਆਨਕ ਸੜਕ ਹਾਦਸਾ ਵਾਪਰ ਗਿਆ। ਜਾਣਕਾਰੀ ਮੁਤਾਬਕ ਤਰਨਤਾਰਨ ਤੋਂ ਅੰਮ੍ਰਿਤਸਰ ਵੱਲ ਜਾ ਰਹੇ ਬਜਰੀ ਨਾਲ ਭਰੇ ਟਿੱਪਰ ਦੇ ਪਿੱਛੇ ਤੇਜ਼ ਰਫ਼ਤਾਰ ਸਕਾਰਪੀਓ ਗੱਡੀ ਜਾ ਟਕਰਾਈ, ਜਿਸ ਤੋਂ ਬਾਅਦ ਦੋਵਾਂ ਵਾਹਨਾਂ ਨੂੰ ਭਿਆਨਕ ਅੱਗ ਲੱਗ ਗਈ।

ਅੱਗ ਇੰਨੀ ਭਿਆਨਕ ਸੀ ਕਿ ਸਕਾਰਪੀਓ 'ਚ ਸਵਾਰ ਵਿਅਕਤੀ ਨੂੰ ਬਾਹਰ ਨਿਕਲਣ ਦਾ ਮੌਕਾ ਤੱਕ ਨਾ ਮਿਲਿਆ ਅਤੇ ਉਹ ਅੰਦਰ ਹੀ ਜ਼ਿੰਦਾ ਸੜ ਗਿਆ। ਸਕਾਰਪੀਓ 'ਚ ਸਿਰਫ਼ ਇਕੋ ਵਿਅਕਤੀ ਸਵਾਰ ਸੀ ਜਿਸਦੀ ਹਾਲੇ ਤੱਕ ਪਛਾਣ ਨਹੀਂ ਹੋ ਸਕੀ ਹੈ। ਗੱਡੀ ਤਰਨਤਾਰਨ ਜ਼ਿਲ੍ਹੇ ਨਾਲ ਸਬੰਧਤ ਦੱਸੀ ਜਾ ਰਹੀ ਹੈ। (ਬਾਕੀ ਸਫ਼ਾ 2 'ਤੇ)

## ਕਮਰਸ਼ੀਅਲ ਐੱਲ.ਪੀ.ਜੀ. ਸਿਲੰਡਰ 62.50 ਰੁਪਏ ਹੋਇਆ ਮਹਿੰਗਾ

**ਨਵੀਂ ਦਿੱਲੀ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਸਰਕਾਰੀ ਤੇਲ ਮਾਰਕੀਟਿੰਗ ਕੰਪਨੀਆਂ ਨੇ ਅੰਤਰਰਾਸ਼ਟਰੀ ਬੈਂਚਮਾਰਕ ਕੀਮਤਾਂ ਵਿੱਚ ਮਜ਼ਬੂਤੀ ਦੇ ਮੁਤਾਬਕ ਵੀਰਵਾਰ ਤੋਂ 19 ਕਿਲੋਗ੍ਰਾਮ ਵਾਲੇ ਕਮਰਸ਼ੀਅਲ ਐੱਲ.ਪੀ.ਜੀ. ਸਿਲੰਡਰ ਦੀ ਕੀਮਤ ਵਿੱਚ 62.50 ਰੁਪਏ ਦਾ ਵਾਧਾ ਕੀਤਾ ਹੈ। ਇਸ ਸੋਧ ਤੋਂ ਬਾਅਦ ਦਿੱਲੀ ਵਿੱਚ 19 ਕਿਲੋਗ੍ਰਾਮ ਵਾਲੇ ਕਮਰਸ਼ੀਅਲ ਐੱਲ.ਪੀ.ਜੀ. ਸਿਲੰਡਰ ਦੀ ਕੀਮਤ 62.50 ਰੁਪਏ ਵਧ ਕੇ 2,810 ਰੁਪਏ ਹੋ ਗਈ ਹੈ। ਸਤੰਬਰ ਵਿੱਚ ਵੀ ਇਸ ਦੀ ਕੀਮਤ 9.50 ਰੁਪਏ ਵਧਾਈ ਗਈ ਸੀ। ਇਸ ਤੋਂ ਪਹਿਲਾਂ ਅਗਸਤ ਵਿੱਚ ਕਮਰਸ਼ੀਅਲ ਐੱਲ.ਪੀ.ਜੀ. ਸਿਲੰਡਰ ਦੇ ਦਾਮ ਵਿੱਚ 192 ਰੁਪਏ ਅਤੇ ਜੁਲਾਈ ਵਿੱਚ 183.50 ਰੁਪਏ ਦੀ ਕਟੌਤੀ ਕੀਤੀ ਗਈ ਸੀ।

ਗਲੋਬਲ ਊਰਜਾ ਸਪਲਾਈ ਵਿੱਚ ਰੁਕਾਵਟ ਅਤੇ ਅੰਤਰਰਾਸ਼ਟਰੀ ਕੀਮਤਾਂ ਵਿੱਚ ਤੇਜ਼ੀ ਦੇ ਵਿਚਕਾਰ ਜੂਨ ਵਿੱਚ ਕਮਰਸ਼ੀਅਲ ਐੱਲ.ਪੀ.ਜੀ. ਦੀ ਕੀਮਤ ਰਿਕਾਰਡ ਉੱਚਾਈ 'ਤੇ ਪਹੁੰਚ ਗਈ ਸੀ। ਇਸ ਤੋਂ ਇਲਾਵਾ, ਫਰਵਰੀ ਤੋਂ ਜੂਨ ਦੇ ਵਿਚਕਾਰ 19 ਕਿਲੋਗ੍ਰਾਮ ਵਾਲੇ ਸਿਲੰਡਰ ਦੀ ਕੀਮਤ ਵਿੱਚ 1,373 ਰੁਪਏ ਦਾ ਵਾਧਾ ਹੋਇਆ ਸੀ, ਜਿਸ ਨਾਲ ਇਸ ਦੀ ਕੀਮਤ 1,740.50 ਰੁਪਏ ਤੋਂ ਵਧ ਕੇ 3,113.50 ਰੁਪਏ ਹੋ ਗਈ ਸੀ।

ਹਾਲਾਂਕਿ, ਘਰੇਲੂ ਐੱਲ.ਪੀ.ਜੀ. ਦੀ ਕੀਮਤ 942 ਰੁਪਏ 'ਤੇ ਅਪਰਿਵਰਤਿਤ



(ਬਿਨਾਂ ਕਿਸੇ ਬਦਲਾਅ ਦੇ) ਰੱਖੀ ਗਈ ਹੈ। ਪੱਛਮੀ ਏਸ਼ੀਆ ਸੰਕਟ ਨਾਲ ਜੁੜੀਆਂ ਸਪਲਾਈ ਰੁਕਾਵਟਾਂ ਅਤੇ ਅੰਤਰਰਾਸ਼ਟਰੀ ਊਰਜਾ ਕੀਮਤਾਂ ਵਿੱਚ ਤੇਜ਼ੀ ਦੇ ਵਿਚਕਾਰ ਮਾਰਚ ਤੋਂ ਜੂਨ ਦੇ ਵਿਚਕਾਰ ਘਰੇਲੂ ਐੱਲ.ਪੀ.ਜੀ. ਸਿਲੰਡਰ ਦੀ ਕੀਮਤ ਵਿੱਚ 89 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ।

ਇਸ ਤੋਂ ਇਲਾਵਾ, ਏਵੀਏਸ਼ਨ ਟਰਬਾਈਨ ਫਿਊਲ ਦੀਆਂ ਕੀਮਤਾਂ ਵਿੱਚ ਵੀ 16 ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਗਿਆ ਹੈ। ਇਸ ਤੋਂ ਬਾਅਦ ਘਰੇਲੂ (ਬਾਕੀ ਸਫ਼ਾ 2 'ਤੇ)




ਕੱਚੇ ਤੇਲ 'ਚ ਭੂਚਾਲ

## ਇੱਕ ਮਹੀਨੇ 'ਚ 29% ਦਾ ਉਛਾਲ; ਅਰਥਵਿਵਸਥਾ 'ਤੇ ਪਵੇਗਾ ਅਸਰ

**ਨਵੀਂ ਦਿੱਲੀ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਵਿਸ਼ਵ ਅਰਥਵਿਵਸਥਾ ਭਾਵੇਂ ਸੁਸਤ ਪਈ ਹੋਈ ਹੈ, ਪਰ ਭਾਰਤ ਦੀ ਇਕਾਨਮੀ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਹਾਲਾਂਕਿ, ਦੁਨੀਆ ਭਰ 'ਚ ਪੈਦਾ ਹੋ ਰਹੀਆਂ ਚੁਣੌਤੀਆਂ ਭਾਰਤੀ ਅਰਥਵਿਵਸਥਾ ਦੀ ਰਫ਼ਤਾਰ ਨੂੰ ਹੌਲੀ ਕਰ ਸਕਦੀਆਂ ਹਨ। ਦਰਅਸਲ, ਕੱਚੇ ਤੇਲ ਦੀਆਂ ਕੀਮਤਾਂ 'ਚ ਤੇਜ਼ੀ ਦਾ ਤੂਫ਼ਾਨ ਜਾਰੀ ਹੈ।



ਸਤੰਬਰ ਮਹੀਨੇ 'ਚ ਕੱਚੇ ਤੇਲ ਦੀਆਂ ਕੀਮਤਾਂ 'ਚ ਆਏ ਭਾਰੀ ਉਛਾਲ ਤੇ ਅਮਰੀਕਾ ਨਾਲ ਟ੍ਰੇਡ ਡੀਲ ਨੂੰ ਲੈ ਕੇ ਬਣੀ ਅਨਿਸ਼ਚਿਤਤਾ ਚਿੰਤਾ ਦਾ ਕਾਰਨ ਬਣੀ ਹੋਈ ਹੈ। ਇਹੀ ਕਾਰਨ ਹੈ ਕਿ ਵਿੱਤ ਮੰਤਰਾਲੇ ਨੇ ਆਪਣੀ ਤਾਜ਼ਾ 'ਮੰਥਲੀ ਇਕਨਾਮਿਕ ਰਿਵਿਊ' 'ਚ ਇਨ੍ਹਾਂ ਦੋਵਾਂ ਕਾਰਨਾਂ ਨੂੰ ਭਾਰਤੀ ਅਰਥਵਿਵਸਥਾ ਲਈ ਖ਼ਤਰਾ ਦੱਸਿਆ ਹੈ। ਪੈਟਰੋਲੀਅਮ ਪਲਾਨਿੰਗ ਐਂਡ ਐਨਾਲਿਸਿਸ ਸੈੱਲ ਦੇ ਅੰਕੜਿਆਂ ਮੁਤਾਬਕ, ਸਤੰਬਰ 'ਚ ਭਾਰਤੀ ਕ੍ਰੂਡ ਆਇਲ ਬਾਸਕਟ ਦੀ ਔਸਤ ਕੀਮਤ 116.04 ਡਾਲਰ ਪ੍ਰਤੀ ਬੈਰਲ ਰਹੀ। ਉੱਥੇ ਹੀ ਅਗਸਤ 'ਚ ਇਹ 90.19 ਡਾਲਰ ਪ੍ਰਤੀ ਬੈਰਲ ਸੀ। ਯਾਨੀ ਇਸ 'ਚ 25.85 ਡਾਲਰ ਪ੍ਰਤੀ ਬੈਰਲ ਦਾ ਵਾਧਾ ਹੋਇਆ ਹੈ। ਪ੍ਰਤੀਸ਼ਤ ਦੇ ਹਿਸਾਬ ਨਾਲ ਇਹ ਲਗਭਗ 28.66 ਫੀਸਦੀ ਹੈ। 29 ਸਤੰਬਰ ਨੂੰ ਭਾਰਤੀ ਬਾਸਕਟ 116.52 ਡਾਲਰ ਪ੍ਰਤੀ ਬੈਰਲ 'ਤੇ ਵੀ ਟ੍ਰੇਡ ਕਰ ਰਹੀ ਸੀ। ਜੇ ਕੱਚੇ ਤੇਲ ਦੀਆਂ ਕੀਮਤਾਂ 'ਚ ਤੇਜ਼ੀ ਦਾ ਇਹ ਦੌਰ ਜਾਰੀ ਰਿਹਾ ਤਾਂ (ਬਾਕੀ ਸਫ਼ਾ 2 'ਤੇ)

## ਭਾਰਤ ਨੇ ਪਾਕਿ ਨੂੰ ਆਖ਼ਰੀ ਮਿੰਟ ਵਿੱਚ ਗੋਲ ਕਰ ਸੈਮੀਫਾਈਨਲ 'ਚ ਹਰਾਇਆ

ਕਪਤਾਨ ਹਰਮਨਪ੍ਰੀਤ ਦੇ ਦੋ ਗੋਲਾਂ ਸਦਕਾ ਫਾਈਨਲ ਵਿੱਚ ਪੁੱਜੀ ਭਾਰਤੀ ਟੀਮ

- ਮਲੇਸ਼ੀਆ ਨਾਲ ਹੋਵੇਗਾ ਸਾਹਮਣਾ

**ਕਾਕਾਮਿਗਹਾਰਾ, 1 ਅਕਤੂਬਰ (ਪੈਗ਼ਾਮ-ਏ-ਜਗਤ)**

ਭਾਰਤੀ ਪੁਰਸ਼ ਹਾਕੀ ਟੀਮ ਨੇ ਏਸ਼ਿਆਈ ਖੇਡਾਂ ਦੇ ਸੈਮੀਫਾਈਨਲ ਵਿੱਚ ਆਖਰੀ ਸੀਟੀ ਵੱਜਣ ਤੋਂ 45 ਸੈਕਿੰਡ ਪਹਿਲਾਂ ਅਭਿਸ਼ੇਕ ਵੱਲੋਂ ਕੀਤੇ ਗਏ ਸ਼ਾਨਦਾਰ ਗੋਲ ਦੀ ਬਦੌਲਤ ਪਾਕਿਸਤਾਨ ਨੂੰ 4-3 ਨਾਲ ਹਰਾ ਕੇ ਫਾਈਨਲ ਵਿੱਚ ਜਗ?ਹਾ ਬਣਾ ਲਈ ਹੈ। ਹੁਣ 3 ਅਕਤੂਬਰ ਨੂੰ ਫਾਈਨਲ ਵਿੱਚ ਭਾਰਤ ਦਾ ਸਾਹਮਣਾ ਮਲੇਸ਼ੀਆ ਨਾਲ ਹੋਵੇਗਾ, ਜਿਸ ਨੇ ਦੂਜੇ ਸੈਮੀਫਾਈਨਲ ਵਿੱਚ ਕੋਰੀਆ ਨੂੰ ਹਰਾਇਆ ਹੈ।



ਭਾਰਤ ਲਈ ਕਪਤਾਨ ਹਰਮਨਪ੍ਰੀਤ ਸਿੰਘ (5ਵੇਂ ਅਤੇ 13ਵੇਂ ਮਿੰਟ) ਨੇ ਪੈਨਲਟੀ ਕਾਰਨਰ 'ਤੇ ਦੋ ਗੋਲ ਕੀਤੇ, ਜਦਕਿ ਸੁਖਜੀਤ ਸਿੰਘ (23ਵੇਂ ਮਿੰਟ) ਅਤੇ ਅਭਿਸ਼ੇਕ (60ਵੇਂ ਮਿੰਟ) ਨੇ ਫੀਲਡ ਗੋਲ ਦਾਗੇ। ਪਾਕਿਸਤਾਨ ਵੱਲੋਂ ਕਪਤਾਨ ਅਬੂ ਬਕਰ ਨੇ 30ਵੇਂ ਮਿੰਟ ਵਿੱਚ ਪੈਨਲਟੀ ਕਾਰਨਰ 'ਤੇ ਪਹਿਲਾ ਗੋਲ ਕੀਤਾ, ਜਦਕਿ ਸ਼ਾਹਿਦ ਹਨਾਨ (45ਵੇਂ ਮਿੰਟ) ਅਤੇ ਰਾਣਾ ਵਾਹਿਦ (49ਵੇਂ ਮਿੰਟ) ਨੇ ਪੰਜ ਮਿੰਟਾਂ ਦੇ ਅੰਦਰ ਦੋ ਗੋਲ ਕਰਕੇ ਵਾਪਸੀ ਕੀਤੀ। ਮੈਚ ਦੇ ਪਹਿਲੇ ਹਾਫ ਵਿੱਚ ਭਾਰਤ ਦਾ ਪੂਰਾ ਦਬਦਬਾ ਰਿਹਾ ਅਤੇ ਟੀਮ ਨੇ (ਬਾਕੀ ਸਫ਼ਾ 2 'ਤੇ)

### ਏਸ਼ੀਆਈ ਖੇਡਾਂ: ਭਾਰਤ ਨੇ ਸ਼੍ਰੀਲੰਕਾ ਨੂੰ 124 ਦੌੜਾਂ ਨਾਲ ਹਰਾਇਆ

*ਭਾਰਤ ਨੇ ਸ਼੍ਰੀਲੰਕਾ ਨੂੰ 124 ਦੌੜਾਂ ਨਾਲ ਹਰਾ ਕੇ ਏਸ਼ੀਆਈ ਖੇਡਾਂ ਦੇ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ ਹੈ। ਹੁਣ ਭਾਰਤ ਦਾ ਮੁਕਾਬਲਾ ਸ਼ਨੀਵਾਰ ਨੂੰ ਸੋਨ ਤਗਮੇ ਲਈ ਪਾਕਿਸਤਾਨ ਨਾਲ ਹੋਵੇਗਾ। ਇਹ ਪਹਿਲੀ ਵਾਰ ਹੈ ਜਦੋਂ ਇਹ ਦੋਵੇਂ ਟੀਮਾਂ ਏਸ਼ੀਆਈ ਖੇਡਾਂ ਵਿੱਚ ਕ੍ਰਿਕਟ ਮੈਚ ਦੌਰਾਨ ਆਹਮੋ-ਸਾਹਮਣੇ ਹੋਣਗੀਆਂ। ਜਾਪਾਨ ਦੇ ਨਿਸ਼ਿਨ ਵਿੱਚ ਖੇਡੇ ਗਏ ਸੈਮੀਫਾਈਨਲ ਵਿੱਚ ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤ ਨੇ 20 ਓਵਰਾਂ ਵਿੱਚ 7 ਵਿਕਟਾਂ ਦੇ ਨੁਕਸਾਨ 'ਤੇ 169 ਦੌੜਾਂ ਬਣਾਈਆਂ। ਜਵਾਬ ਵਿੱਚ, ਸ਼੍ਰੀਲੰਕਾ ਦੀ ਟੀਮ 9.5 ਓਵਰਾਂ ਵਿੱਚ 45 ਦੌੜਾਂ 'ਤੇ ਆਲ-ਆਊਟ ਹੋ ਗਈ। ਸ਼੍ਰੀਲੰਕਾ* (ਬਾਕੀ ਸਫ਼ਾ 2 'ਤੇ)

# ਸੇਵਾ ਪਖਵਾੜੇ ਤਹਿਤ ਨਗਰ ਪੰਚਾਇਤ ਟਾਹਲੀਵਾਲ ਵਿੱਚ ਕੱਢੀ ਸਫਾਈ ਰੈਲੀ

## ਨਗਰ ਪੰਚਾਇਤ ਟਾਹਲੀਵਾਲ ਅਤੇ ਮੇਰਾ ਯੁਵਾ ਭਾਰਤ ਊਨਾ ਦੇ ਸਹਿਯੋਗ ਨਾਲ ਕਰਵਾਈ ਗਈ ਰੈਲੀ

**ਪੈ.ਗਾਮ-ਏ-ਜਗਤ ਟਾਹਲੀਵਾਲ/ਊਨਾ, 1 ਅਕਤੂਬਰ (ਰਾਜਵੀਰ ਚੋਪੜਾ)**

ਨਗਰ ਪੰਚਾਇਤ ਟਾਹਲੀਵਾਲ ਵਿੱਚ ਸੇਵਾ ਪਖਵਾੜੇ ਤਹਿਤ ਸਕੂਲੀ ਬੱਚਿਆਂ ਵੱਲੋਂ ਸਫਾਈ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨਗਰ ਪੰਚਾਇਤ ਟਾਹਲੀਵਾਲ ਅਤੇ ਮੇਰਾ ਯੁਵਾ ਭਾਰਤ ਊਨਾ, ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਵੱਲੋਂ ਬੱਚਿਆਂ ਨੂੰ ਸਫਾਈ ਵਾਲੀਆਂ ਟੋਪੀਆਂ ਅਤੇ ਹੋਰ ਸਮਾਨ ਦਿੱਤਾ ਗਿਆ। ਇਹ ਰੈਲੀ ਨਗਰ ਪੰਚਾਇਤ ਦਫ਼ਤਰ ਤੋਂ ਸ਼ੁਰੂ ਹੋ ਕੇ ਬਾਜ਼ਾਰ ਦੇ ਵਿਚਕਾਰੋਂ ਹੁੰਦੀ ਹੋਈ ਵਾਪਸ ਨਗਰ ਪੰਚਾਇਤ ਦਫ਼ਤਰ ਪਹੁੰਚੀ, ਜਿੱਥੇ ਰੈਲੀ ਦੀ ਸਮਾਪਤੀ ਹੋਈ। ਇਸ ਰੈਲੀ ਰਾਹੀਂ ਬੱਚਿਆਂ ਨੇ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਦੇ ਹੋਏ ਸਾਫ਼-ਸੁਥਰੇ ਅਤੇ ਤੰਦਰੁਸਤ ਸਮਾਜ




ਦਾ ਸੰਦੇਸ਼ ਦਿੱਤਾ। ਸਕੂਲੀ ਬੱਚਿਆਂ ਨੇ ਹੱਥਾਂ ਵਿੱਚ ਸਫਾਈ ਸਬੰਧੀ ਸੰਦੇਸ਼ ਲਿਖੀਆਂ ਤਖ਼ਤੀਆਂ ਫੜ ਕੇ ਨਗਰ ਪੰਚਾਇਤ ਖੇਤਰ ਵਿੱਚ ਰੈਲੀ ਕੱਢੀ ਅਤੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਸਫਾਈ ਬਣਾਈ ਰੱਖਣ ਦੀ ਅਪੀਲ ਕੀਤੀ। ਬੱਚਿਆਂ ਨੇ "ਸਫਾਈ ਅਪਣਾਓ, ਬਿਮਾਰੀ ਭਜਾਓ" ਅਤੇ "ਸਾਫ਼ ਟਾਹਲੀਵਾਲ, ਸੁੰਦਰ ਟਾਹਲੀਵਾਲ" ਵਰਗੇ ਨਾਅਰਿਆਂ ਰਾਹੀਂ ਜਾਗਰੂਕਤਾ ਫੈਲਾਈ।

ਇਸ ਮੌਕੇ ਨਗਰ ਪੰਚਾਇਤ ਟਾਹਲੀਵਾਲ ਦੀ ਪ੍ਰਧਾਨ ਨਿਰੰਜਨਾ ਕੁਮਾਰੀ ਵੱਲੋਂ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਗਿਆ ਕਿ ਸਫਾਈ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਬੱਚਿਆਂ ਵੱਲੋਂ ਦਿੱਤਾ ਗਿਆ ਸਫਾਈ ਦਾ ਸੰਦੇਸ਼ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ। ਨਗਰ ਪੰਚਾਇਤ ਟਾਹਲੀਵਾਲ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜਾ-ਕਰਕਟ ਨਿਰਧਾਰਤ ਥਾਂ 'ਤੇ ਸੁੱਟਣ, ਜਨਤਕ ਥਾਵਾਂ ਨੂੰ ਸਾਫ਼ ਰੱਖਣ ਅਤੇ ਸਫਾਈ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ। ਕੇਂਦਰ ਸਰਕਾਰ ਵੱਲੋਂ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਮੇਰਾ ਯੁਵਾ ਭਾਰਤ ਊਨਾ ਵੱਲੋਂ ਸਕੂਲੀ ਬੱਚਿਆਂ ਨੂੰ ਟੀ-ਸ਼ਰਟਾਂ ਅਤੇ ਟੋਪੀਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਨਗਰ ਪੰਚਾਇਤ ਦੇ ਮੀਤ ਪ੍ਰਧਾਨ ਰਾਜ ਕੁਮਾਰ ਮੱਲੀ, ਕੌਂਸਲਰ ਡਿੰਪਲ, ਕੌਂਸਲਰ ਅਜੇ ਸਹਿਗਲ, ਨਗਰ ਪੰਚਾਇਤ ਦੇ ਸਕੱਤਰ ਵਿਜੈ ਕੁਮਾਰ, ਰਾਧਾ ਮੈਡਮ, ਆਕਾਸ਼ ਧੀਮਾਨ, ਵਿਸ਼ਾਲ ਕੁਮਾਰ, ਚਰਨਜੀਤ ਕੌਰ, ਸਹਿਗਲ ਫਾਊਂਡੇਸ਼ਨ ਤੋਂ ਪਵਨ ਕੁਮਾਰ, ਅੰਕੁਸ਼, ਗੁਰਪ੍ਰੀਤ ਸਿੰਘ, ਜਦਕਿ ਅਧਿਆਪਕਾਂ ਵਿੱਚ ਸਾਧਨਾ ਰਾਣੀ ਅਤੇ ਜੋਗਿੰਦਰ ਪਾਲ ਸਮੇਤ ਹੋਰ ਵੀ ਮੌਜੂਦ ਸਨ।

# ਸਤੰਬਰ 'ਚ ਸਾਲਾਨਾ ਆਧਾਰ 'ਤੇ 100 ਫੀਸਦੀ ਦੇ ਵਾਧੇ ਨਾਲ ਨਿਸਾਨ ਦੀ ਵਿਕਰੀ 'ਚ ਦਿਖੀ ਤੇਜ਼ੀ

**ਚੰਡੀਗੜ੍ਹ, 1 ਅਕਤੂਬਰ (ਪੈ.ਗਾਮ-ਏ-ਜਗਤ)**

ਨਿਸਾਨ ਮੋਟਰ ਇੰਡੀਆ ਨੇ ਅੱਜ ਸਤੰਬਰ, 2026 ਵਿੱਚ ਕੁੱਲ 10,025 ਯੂਨਿਟਾਂ ਦੀ ਹੋਲਸੇਲ ਵਿਕਰੀ ਦਾ ਐਲਾਨ ਕੀਤਾ। ਇਹਨਾਂ ਵਿੱਚੋਂ ਘਰੇਲੂ ਬਾਜ਼ਾਰ ਵਿੱਚ 3,300 ਅਤੇ ਨਿਰਯਾਤ ਬਾਜ਼ਾਰ ਵਿੱਚ 6,725 ਯੂਨਿਟਾਂ ਦੀ ਵਿਕਰੀ ਹੋਈ। ਬੀਤੇ ਮਹੀਨੇ ਕੰਪਨੀ ਨੇ ਘਰੇਲੂ ਬਾਜ਼ਾਰ ਵਿੱਚ ਵਿਕਰੀ ਵਿੱਚ ਜ਼ਬਰਦਸਤ ਤੇਜ਼ੀ ਦਰਜ ਕੀਤੀ। ਘਰੇਲੂ ਬਾਜ਼ਾਰ ਵਿੱਚ ਸਤੰਬਰ, 2025 ਵਿੱਚ 1,652 ਯੂਨਿਟਾਂ ਦੀ ਤੁਲਨਾ ਵਿੱਚ ਸਤੰਬਰ, 2026 ਵਿੱਚ ਸਾਲਾਨਾ ਆਧਾਰ 'ਤੇ 100 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ। ਨਵੀਂ ਨਿਸਾਨ ਟੈਕਟੌਨ, ਮੈਗਨਾਈਟ ਅਤੇ ਗ੍ਰੇਵਾਈਟ ਦੇ ਨਾਲ ਨਿਸਾਨ ਦੇ ਵਧਦੇ




ਐਸ.ਯੂ.ਵੀ. ਪੋਰਟਫੋਲੀਓ ਨੂੰ ਲੈ ਕੇ ਗਾਹਕਾਂ ਵੱਲੋਂ ਮਜ਼ਬੂਤ ਮੰਗ ਅਤੇ ਲਗਾਤਾਰ ਵਧਦੇ ਡੀਲਰ ਨੈੱਟਵਰਕ ਨਾਲ ਇਹ ਸ਼ਾਨਦਾਰ ਪ੍ਰਦਰਸ਼ਨ ਸੰਭਵ ਹੋਇਆ ਹੈ। ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸੌਰਭ ਵਤਸ ਨੇ ਕਿਹਾ, ਸਤੰਬਰ ਵਿੱਚ ਘਰੇਲੂ ਬਾਜ਼ਾਰ ਵਿੱਚ ਸਾਡੀ ਵਿਕਰੀ ਸਾਲਾਨਾ ਆਧਾਰ 'ਤੇ ਲਗਭਗ ਦੁੱਗਣੀ ਹੋ ਗਈ। ਇਹ ਸ਼ਾਨਦਾਰ ਪ੍ਰਦਰਸ਼ਨ ਨਿਸਾਨ ਦੀ ਪ੍ਰੋਡਕਟ ਕੇਂਦਰਿਤ ਰਣਨੀਤੀ, ਸਾਡੇ ਨੈੱਟਵਰਕ ਦੀ ਮਜ਼ਬੂਤੀ ਅਤੇ ਵਧੀ ਹੋਈ ਸਮਰੱਥਾ, ਫਾਈਨਾਂਸ ਅਤੇ ਬਿਜ਼ਨਸ ਪਾਰਟਨਰਾਂ ਦੇ ਯੋਗਦਾਨ ਅਤੇ ਨਿਸਾਨ ਬ੍ਰਾਂਡ ਵਿੱਚ ਭਾਰਤੀ ਗਾਹਕਾਂ ਦੇ ਲਗਾਤਾਰ ਵਧਦੇ ਭਰੋਸੇ ਨੂੰ ਦਰਸਾਉਂਦਾ ਹੈ। ਘਰੇਲੂ ਬਾਜ਼ਾਰ ਵਿੱਚ ਵਧਦੀ ਵਿਕਰੀ ਨਾਲ ਸਾਨੂੰ ਭਾਰਤ ਵਿੱਚ ਵਿਸਤਾਰ ਕਰਨ ਦਾ ਇੱਕ ਮਜ਼ਬੂਤ ਆਧਾਰ ਮਿਲਿਆ ਹੈ। ਨਿਸਾਨ ਨੇ ਸਤੰਬਰ, 2026 ਵਿੱਚ ਬਰਾਮਦ ਬਾਜ਼ਾਰਾਂ ਵਿੱਚ ਕੁੱਲ 6,725 ਯੂਨਿਟਾਂ ਦੀ ਵਿਕਰੀ ਕੀਤੀ। ਇਸ ਪ੍ਰਦਰਸ਼ਨ ਦੇ ਨਾਲ ਕੰਪਨੀ ਨੇ ਭਾਰਤ ਤੋਂ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਗਾਹਕਾਂ ਨੂੰ ਸ਼ਾਨਦਾਰ ਸਰਵਿਸ ਦੇਣ ਦੀ ਆਪਣੀ ਵਚਨਬੱਧਤਾ ਨੂੰ ਕਾਇਮ ਰੱਖਿਆ ਹੈ।

# ਐਸਐਸਆਰਵੀਐਮ ਊਨਾ ਵਿੱਚ ਸ਼ਾਨਦਾਰ ਕਾਰਨੀਵਲ ਦਾ ਆਯੋਜਨ

**ਊਨਾ, 1 ਅਕਤੂਬਰ (ਪੈ.ਗਾਮ-ਏ-ਜਗਤ)**



ਐਸਐਸਆਰਵੀਐਮ ਊਨਾ ਵਿੱਚ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਕਾਰਨੀਵਲ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 300 ਤੋਂ ਵੱਧ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਪੂਰਾ ਸਕੂਲ ਕੈਂਪਸ ਉਮੰਗ, ਖੁਸ਼ੀ ਅਤੇ ਉਤਸ਼ਾਹ ਨਾਲ ਭਰਿਆ ਨਜ਼ਰ ਆਇਆ।

ਕਾਰਨੀਵਲ ਵਿੱਚ ਬੱਚਿਆਂ ਦੇ ਮਨੋਰੰਜਨ ਲਈ 24 ਆਕਰਸ਼ਕ ਗਤੀਵਿਧੀਆਂ ਅਤੇ ਝੂਲਿਆਂ ਦਾ ਪ੍ਰਬੰਧ ਕੀਤਾ ਗਿਆ। ਇਨ੍ਹਾਂ ਵਿੱਚ ਵ੍ਹਾਈਟ ਕੈਸਲ, ਪਿੰਕ ਕੈਸਲ, ਯੈਲੋ-ਬਲੂ ਬਾਊਂਸੀ, ਰਾਕੇਟ, ਫਰੋਜ਼ਨ ਬਾਊਂਸੀ, ਯੂਨੀਕੌਰਨ ਬਾਊਂਸੀ, ਪਿਰਾਮਿਡ ਰਾਈਡ, ਹੈਲੀਕਾਪਟਰ ਬਾਊਂਸੀ, ਬਬਲ ਹਾਊਸ, ਬੁਲਜ਼ ਆਈ, ਪੀਕੌਕ ਰਾਈਡ, ਸਨੇਕ ਐਂਡ ਲੈਡਰ, ਟ੍ਰੇਨ, ਪੌਟਰੀ, ਟੈਨਿਸ, ਬਰਮਾ ਬ੍ਰਿਜ, ਤਿੰਨ ਵੱਡੇ ਪਾਣੀ ਦੇ ਤਲਾਬ, ਵਾਟਰ ਰੋਲਰ, ਵਾਟਰ ਸਲਾਈਡ, ਰੇਨ ਡਾਂਸ, ਡੀਜੇ, ਸੈਲਫੀ ਏਰੀਆ, ਤੀਰਅੰਦਾਜ਼ੀ ਅਤੇ ਗੁਬਾਰਾ ਸਜਾਵਟ ਮੁੱਖ ਆਕਰਸ਼ਣ ਰਹੇ। ਬੱਚਿਆਂ ਨੇ ਸਾਰੀਆਂ ਗਤੀਵਿਧੀਆਂ ਅਤੇ ਝੂਲਿਆਂ ਦਾ ਭਰਪੂਰ ਆਨੰਦ ਮਾਣਿਆ। ਇਹ ਸਮਾਗਮ ਉਨ੍ਹਾਂ ਲਈ ਮਨੋਰੰਜਨ, ਦੋਸਤੀ ਅਤੇ ਖੁਸ਼ੀ ਨਾਲ ਭਰਿਆ ਇੱਕ ਯਾਦਗਾਰ ਤਜਰਬਾ ਸਾਬਤ ਹੋਇਆ। ਪ੍ਰਬੰਧ ਨਿਰਦੇਸ਼ਕ ਸ੍ਰੀ ਸੁਮੇਸ਼ ਕੁਮਾਰ ਸ਼ਰਮਾ ਦਾ ਸੰਦੇਸ਼: ਉਨ੍ਹਾਂ ਨੇ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਸਿੱਖਿਆ ਦੇ ਨਾਲ-ਨਾਲ ਖੇਡਾਂ, ਮਨੋਰੰਜਨ ਅਤੇ ਖੁਸ਼ੀ ਭਰੀਆਂ ਗਤੀਵਿਧੀਆਂ ਵੀ ਜ਼ਰੂਰੀ ਹਨ। ਪ੍ਰਿੰਸੀਪਲ ਸ੍ਰੀਮਤੀ ਬ੍ਰਿਜ ਬਾਲਾ ਸ਼ਰਮਾ ਦਾ ਸੰਦੇਸ਼: ਉਨ੍ਹਾਂ ਨੇ ਬੱਚਿਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਸਮਾਗਮ ਨੂੰ ਸਫਲ ਬਣਾਉਣ ਲਈ ਅਧਿਆਪਕਾਂ ਅਤੇ ਪੂਰੀ ਆਯੋਜਨ ਟੀਮ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਕਾਰਨੀਵਲ ਦੀ ਸਮਾਪਤੀ ਬੱਚਿਆਂ ਦੇ ਚਿਹਰਿਆਂ 'ਤੇ ਮੁਸਕਾਨ ਅਤੇ ਕਈ ਖੂਬਸੂਰਤ ਯਾਦਾਂ ਨਾਲ ਹੋਈ।

# ਅੰਤਰਰਾਸ਼ਟਰੀ ਬਜ਼ੁਰਗ ਨਾਗਰਿਕ ਦਿਵਸ ਮੌਕੇ ਸੰਤੋਖਗੜ੍ਹ ਦੇ ਸਭ ਤੋਂ ਵੱਧ ਉਮਰ ਵਾਲੇ ਬਜ਼ੁਰਗਾਂ ਦਾ ਸਨਮਾਨ

**ਪੈ.ਗਾਮ-ਏ-ਜਗਤ ਸੰਤੋਖਗੜ੍ਹ/ਊਨਾ, 1 ਅਕਤੂਬਰ (ਰਾਜਵੀਰ ਚੋਪੜਾ)**

ਅੰਤਰਰਾਸ਼ਟਰੀ ਬਜ਼ੁਰਗ ਨਾਗਰਿਕ ਦਿਵਸ ਦੇ ਮੌਕੇ 'ਤੇ ਕਲਿਆਣ ਵਿਭਾਗ, ਊਨਾ, ਹਿਮਾਚਲ ਪ੍ਰਦੇਸ਼ ਵੱਲੋਂ ਜ਼ਿਲ੍ਹਾ ਊਨਾ ਦੇ 80 ਸਾਲ ਤੋਂ ਵੱਧ ਉਮਰ ਦੇ ਸਭ ਤੋਂ ਵੱਧ ਉਮਰ ਵਾਲੇ ਬਜ਼ੁਰਗ ਨਾਗਰਿਕਾਂ ਦੇ ਸਨਮਾਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਸੰਤੋਖਗੜ੍ਹ ਦੇ ਬਜ਼ੁਰਗ ਨਾਗਰਿਕ ਭਲਾਈ ਕੌਂਸਲ ਦੇ ਸੀਨੀਅਰ ਮੈਂਬਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।




ਬਜ਼ੁਰਗ ਨਾਗਰਿਕ ਭਲਾਈ ਕੌਂਸਲ, ਸੰਤੋਖਗੜ੍ਹ ਦੇ ਪ੍ਰਧਾਨ ਜਗਮੋਹਨ ਸਿੰਘ ਵਾਲੀਆ ਅਤੇ ਖ਼ਜ਼ਾਨਚੀ ਅਸ਼ੋਕ ਕੁਮਾਰ ਤੇਜਪਾਲ ਦੀ ਅਗਵਾਈ ਹੇਠ ਸੰਸਥਾ ਦੇ ਸਭ ਤੋਂ ਵੱਧ ਉਮਰ ਵਾਲੇ ਮੈਂਬਰ ਸ੍ਰੀ ਵਿਕਰਮਜੀਤ ਚੱਬਾ, ਸ੍ਰੀ ਚਰਨ ਦਾਸ ਮਹਾਜਨ ਅਤੇ ਸ੍ਰੀ ਪ੍ਰਤਾਪ ਸਿੰਘ ਨੇਗੀ ਨੂੰ 80 ਸਾਲ ਦੀ ਉਮਰ ਪੂਰੀ ਕਰਨ 'ਤੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਕਲਿਆਣ ਅਧਿਕਾਰੀ ਸ੍ਰੀ ਆਵਾਸ ਪੰਡਿਤ ਅਤੇ ਤਹਿਸੀਲ ਕਲਿਆਣ ਅਧਿਕਾਰੀ ਸ੍ਰੀ ਜਿਤੇਂਦਰ ਕੁਮਾਰ ਨੇ ਉਨ੍ਹਾਂ ਨੂੰ ਹਿਮਾਚਲੀ ਵਿਰਾਸਤੀ ਟੋਪੀ ਅਤੇ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ।

ਇਸ ਮੌਕੇ ਸ੍ਰੀ ਵਿਕਰਮਜੀਤ ਚੱਬਾ ਨੇ ਜ਼ਿਲ੍ਹਾ ਕਲਿਆਣ ਅਧਿਕਾਰੀ ਸ੍ਰੀ ਆਵਾਸ ਪੰਡਿਤ ਤੋਂ ਸਨਮਾਨ ਪ੍ਰਾਪਤ ਕਰਨ ਉਪਰੰਤ ਸਮਾਗਮ ਵਿੱਚ ਮੌਜੂਦ ਜ਼ਿਲ੍ਹਾ ਊਨਾ ਦੇ ਬਜ਼ੁਰਗ ਨਾਗਰਿਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਬਜ਼ੁਰਗ ਨਾਗਰਿਕਾਂ ਦੇ ਅਧਿਕਾਰਾਂ ਅਤੇ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਬੱਚਿਆਂ ਨੂੰ ਅਜਿਹੀ ਸਿੱਖਿਆ ਅਤੇ ਸੰਸਕਾਰ ਦਿੱਤੇ ਜਾਣੇ ਚਾਹੀਦੇ ਹਨ, ਜਿਸ ਨਾਲ ਉਹ ਨਸ਼ੇ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ ਅਤੇ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

ਬਜ਼ੁਰਗ ਨਾਗਰਿਕ ਭਲਾਈ ਕੌਂਸਲ, ਸੰਤੋਖਗੜ੍ਹ ਦੇ ਪ੍ਰਧਾਨ ਜਗਮੋਹਨ ਸਿੰਘ ਵਾਲੀਆ ਨੇ ਜ਼ਿਲ੍ਹਾ ਕਲਿਆਣ ਅਧਿਕਾਰੀ ਸ੍ਰੀ ਆਵਾਸ ਪੰਡਿਤ ਅਤੇ ਤਹਿਸੀਲ ਕਲਿਆਣ ਅਧਿਕਾਰੀ ਸ੍ਰੀ ਜਿਤੇਂਦਰ ਕੁਮਾਰ ਦਾ ਸਨਮਾਨ ਸਮਾਗਮ ਕਰਵਾਉਣ ਅਤੇ ਬਜ਼ੁਰਗ ਨਾਗਰਿਕਾਂ ਨੂੰ ਸਨਮਾਨ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕੌਂਸਲ ਸੰਤੋਖਗੜ੍ਹ ਦੇ ਬਜ਼ੁਰਗ ਨਾਗਰਿਕਾਂ ਦੀ ਸੇਵਾ ਅਤੇ ਭਲਾਈ ਲਈ ਲਗਾਤਾਰ ਕੰਮ ਕਰਦੀ ਰਹੇਗੀ। ਸੰਸਥਾ ਦੀ ਸਮੁੱਚੀ ਕਾਰਜਕਾਰਨੀ ਬਜ਼ੁਰਗ ਨਾਗਰਿਕਾਂ ਦੀ ਸਹਾਇਤਾ ਅਤੇ ਸੇਵਾ ਲਈ ਹਮੇਸ਼ਾ ਤਿਆਰ ਰਹਿੰਦੀ ਹੈ।

ਸਮਾਗਮ ਵਿੱਚ ਜ਼ਿਲ੍ਹਾ ਕਲਿਆਣ ਅਧਿਕਾਰੀ ਸ੍ਰੀ ਆਵਾਸ ਪੰਡਿਤ, ਤਹਿਸੀਲ ਕਲਿਆਣ ਅਧਿਕਾਰੀ ਸ੍ਰੀ ਜਿਤੇਂਦਰ ਕੁਮਾਰ, ਜ਼ਿਲ੍ਹਾ ਕਲਿਆਣ ਦਫ਼ਤਰ ਤੋਂ ਮੈਡਮ ਸੀਮਾ, ਜ਼ਿਲ੍ਹਾ ਊਨਾ ਬਜ਼ੁਰਗ ਨਾਗਰਿਕ ਭਲਾਈ ਕੌਂਸਲ ਦੇ ਪ੍ਰਧਾਨ ਸ੍ਰੀ ਜੀ. ਆਰ. ਵਰਮਾ, ਬਜ਼ੁਰਗ ਨਾਗਰਿਕ ਭਲਾਈ ਕੌਂਸਲ ਸੰਤੋਖਗੜ੍ਹ ਦੇ ਪ੍ਰਧਾਨ ਜਗਮੋਹਨ ਸਿੰਘ ਵਾਲੀਆ, ਖ਼ਜ਼ਾਨਚੀ ਅਸ਼ੋਕ ਕੁਮਾਰ ਤੇਜਪਾਲ, ਸਾਬਕਾ ਪ੍ਰਧਾਨ ਡਾ. ਰਾਮ ਨਾਰਾਇਣ ਪ੍ਰਭਾਕਰ, ਵਿਕਰਮਜੀਤ ਚੱਬਾ, ਪ੍ਰਤਾਪ ਸਿੰਘ ਨੇਗੀ, ਚਰਨ ਦਾਸ ਮਹਾਜਨ, ਅਸ਼ੋਕ ਕੁਮਾਰ ਸਮੇਤ ਹੋਰ ਬਜ਼ੁਰਗ ਨਾਗਰਿਕ ਅਤੇ ਪਤਵੰਤੇ ਹਾਜ਼ਰ ਸਨ।

# ਪਿੰਡ ਮਲਕਪੁਰ ਵਿਚ ਲੱਗਾ ਤਪਦਿਕ ਜਾਂਚ ਕੈਂਪ

**ਬੂਥਗੜ੍ਹ, 1 ਅਕਤੂਬਰ (ਪੈ.ਗਾਮ-ਏ-ਜਗਤ)**

ਟੀ.ਬੀ. ਮੁਕਤ ਭਾਰਤ ਅਭਿਆਨ ਤਹਿਤ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਅਧੀਨ ਪਿੰਡਾਂ ਵਿਚ ਜਾਂਚ ਤੇ ਜਾਗਰੂਕਤਾ ਕੈਂਪ ਰੋਜ਼ਾਨਾ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਐਸ. ਐਮ. ਓ. ਡਾ. ਅਲਕਜੋਤ ਕੌਰ ਨੇ ਦਸਿਆ ਕਿ ਦੇਸ਼ ਵਿਚ ਤਪਦਿਕ ਦੇ ਮੁਕੰਮਲ ਖ਼ਾਤਮੇ ਲਈ ਤੀਬਰ ਰੋਕਥਾਮ ਮੁਹਿੰਮ ਚੱਲ ਰਹੀ ਹੈ ਜਿਸ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਘਰ-ਘਰ ਜਾ ਕੇ ਲੋਕਾਂ ਨੂੰ ਟੀ.ਬੀ. ਦੇ ਲੱਛਣਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਕੈਂਪਾਂ ਵਿਚ ਸ਼ੱਕੀ ਮਰੀਜ਼ਾਂ ਦੀ ਮੌਕੇ



'ਤੇ ਹੀ ਐਕਸਰੇ ਜਾਂਚ ਕੀਤੀ ਜਾਂਦੀ ਹੈ। ਪੁਸ਼ਟੀ ਹੋਣ ਮਗਰੋਂ ਮਰੀਜ਼ਾਂ ਦੀ ਤੁਰੰਤ ਰਜਿਸਟਰੇਸ਼ਨ ਕੀਤੀ ਜਾਂਦੀ ਹੈ ਅਤੇ ਮਾਹਰ ਡਾਕਟਰ ਵਲੋਂ ਉਨ੍ਹਾਂ ਦਾ ਇਲਾਜ ਸ਼ੁਰੂ ਕੀਤਾ ਜਾਂਦਾ ਹੈ।

ਇਸੇ ਲੜੀ ਤਹਿਤ ਅੱਜ ਪਿੰਡ ਮਲਕਪੁਰ ਟੱਪਰੀਆਂ ਵਿਚ ਜਾਂਚ ਕੈਂਪ ਲਗਾਇਆ ਗਿਆ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਟੀ.ਬੀ. ਦੇ ਮਰੀਜ਼ਾਂ ਦੀ ਸ਼ੁਰੂਆਤੀ ਪਛਾਣ ਕਰ ਕੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਸ਼ੁਰੂ ਕਰਨਾ ਹੈ ਤਾਕਿ ਬੀਮਾਰੀ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦਸਿਆ ਕਿ ਟੀਬੀ ਦਾ ਪੱਕਾ

- **ਬੂਥਗੜ੍ਹ ਦੇ ਸਰਕਾਰੀ ਹਸਪਤਾਲ ਵਿਚ ਟੀ. ਬੀ. ਦਾ ਮੁਫ਼ਤ ਇਲਾਜ ਉਪਲਭਧ : ਐਸ.ਐਮ.ਓ.**

ਇਲਾਜ ਮੌਜੂਦ ਹੈ। ਦੋ ਹਫ਼ਤੇ ਪੁਰਾਣੀ ਖੰਘ, ਭੁੱਖ ਘੱਟ ਲੱਗਣਾ ਤੇ ਵਜ਼ਨ ਘਟਣਾ ਟੀ.ਬੀ. ਦੇ ਲੱਛਣ ਹੋ ਸਕਦੇ ਹਨ। ਇਹ ਬੀਮਾਰੀ ਹੋਣ 'ਤੇ ਘਬਰਾਉਣ ਦੀ ਲੋੜ ਨਹੀਂ। ਹਰ ਸਰਕਾਰੀ ਸਿਹਤ ਸੰਸਥਾ ਵਿਚ ਡਾਟਸ ਪ੍ਰਣਾਲੀ ਰਾਹੀਂ ਇਸ ਬੀਮਾਰੀ ਦਾ ਬਿਲਕੁਲ ਮੁਫ਼ਤ ਇਲਾਜ ਹੁੰਦਾ ਹੈ। ਇਸ ਮੌਕੇ ਸੀ. ਐਚ. ਓ. ਸੁਨੈਨਾ ਅਰੋੜਾ ਵੀ ਮੌਜੂਦ ਸਨ।

# ਜਨਗਣਨਾ 2027 ਵਿੱਚ ਸਰਕਾਰ ਵੱਲੋਂ ਦਿਵਿਆਂਗਾਂ ਨਾਲ ਭੇਦਭਾਵ ਦੇ ਖ਼ਿਲਾਫ਼ ਦਿਵਿਆਂਗ ਅਧਿਕਾਰ ਮੰਚ ਨੇ ਉਪਮੰਡਲ ਮੈਜਿਸਟ੍ਰੇਟ ਨੂੰ ਸੌਂਪਿਆ ਮੰਗ ਪੱਤਰ

**ਪੈਗ਼ਾਮ-ਏ-ਜਗਤ ਰਤੀਆ, 1 ਅਕਤੂਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਜਨਗਣਨਾ 2027 ਵਿੱਚ ਸਾਰੇ ਦਿਵਿਆਂਗ ਵਿਅਕਤੀਆਂ ਦੀ ਗਿਣਤੀ ਲਾਜ਼ਮੀ ਤੌਰ 'ਤੇ ਕੀਤੀ ਜਾਵੇ, ਇਸ ਮੰਗ ਨੂੰ ਲੈ ਕੇ ਦਿਵਿਆਂਗ ਅਧਿਕਾਰ ਮੰਚ ਹਰਿਆਣਾ ਦੀ ਰਤੀਆ ਬਲਾਕ ਕਮੇਟੀ ਨੇ ਹਰਿਆਣਾ ਜਨਗਣਨਾ ਅਧਿਕਾਰੀ ਦੇ ਨਾਮ ਉਪਮੰਡਲ ਮੈਜਿਸਟ੍ਰੇਟ ਰਤੀਆ ਰਾਹੀਂ ਮੰਗ ਪੱਤਰ ਸੌਂਪਿਆ।

ਜ਼ਿਲ੍ਹਾ ਸਕੱਤਰ ਕਰਮਜੀਤ ਸਿੰਘ ਪਦਮ ਨੇ ਕਿਹਾ ਕਿ ਜਨਗਣਨਾ 2027 ਵਿੱਚ ਦਿਵਿਆਂਗ ਵਿਅਕਤੀਆਂ ਦੀ ਗਿਣਤੀ ਲਈ ਪ੍ਰਸਤਾਵਿਤ ਸ਼੍ਰੇਣੀਆਂ ਵਿੱਚ ਕੀਤੀਆਂ ਗਈਆਂ ਕਮੀਆਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦੇ ਹਾਂ ਅਤੇ ਅਸੀਂ ਇਸ ਨੂੰ ਪੂਰੀ ਤਰ੍ਹਾਂ ਅਸਵੀਕਾਰਯੋਗ ਮੰਨਦੇ ਹਾਂ। ਜਿੱਥੇ ਦਿਵਿਆਂਗ ਵਿਅਕਤੀਆਂ ਦੇ ਅਧਿਕਾਰ ਕਾਨੂੰਨ (ਆਰ.ਪੀ.ਡਬਲਯੂ.ਡੀ. ਐਕਟ), 2016 ਦੀ ਅਨੁਸੂਚੀ 21 ਸਥਿਤੀਆਂ ਨੂੰ "ਨਿਰਧਾਰਤ ਦਿਵਿਆਂਗਤਾ" ਵਜੋਂ ਮਾਨਤਾ ਦਿੰਦੀ ਹੈ, ਉੱਥੇ ਪ੍ਰਾਪਤ ਜਾਣਕਾਰੀ



ਅਨੁਸਾਰ ਜਨਗਣਨਾ 2027 ਵਿੱਚ ਦਿਵਿਆਂਗਤਾ ਨੂੰ ਸਿਰਫ਼ ਨੌਂ ਸ਼੍ਰੇਣੀਆਂ ਅਧੀਨ ਦਰਜ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਨਜ਼ਰ, ਸੁਣਨ, ਬੋਲਣ, ਗਤੀਸ਼ੀਲਤਾ, ਬੌਧਿਕ ਦਿਵਿਆਂਗਤਾ, ਮਾਨਸਿਕ ਬਿਮਾਰੀ, ਐਸਿਡ ਹਮਲਾ, ਲੰਬੇ ਸਮੇਂ ਦੀਆਂ ਤੰਤੂ ਸੰਬੰਧੀ ਬਿਮਾਰੀਆਂ ਅਤੇ ਖ਼ੂਨ ਨਾਲ ਸਬੰਧਤ ਵਿਕਾਰ ਸ਼ਾਮਲ ਹਨ। "ਮਾਨਸਿਕ ਮੰਦਤਾ" ਦੀ ਥਾਂ "ਬੌਧਿਕ ਦਿਵਿਆਂਗਤਾ" ਨਾਮ ਕੀਤੇ ਜਾਣ ਨੂੰ ਛੱਡ ਕੇ, ਪਹਿਲੀਆਂ ਛੇ ਸ਼੍ਰੇਣੀਆਂ 2011 ਦੀ ਜਨਗਣਨਾ ਵਿੱਚ ਵੀ ਮੌਜੂਦ ਸਨ। ਨਵੀਆਂ ਜੋੜੀਆਂ ਗਈਆਂ ਸ਼੍ਰੇਣੀਆਂ ਐਸਿਡ ਹਮਲਾ, ਲੰਬੇ ਸਮੇਂ ਦੀਆਂ ਤੰਤੂ ਸੰਬੰਧੀ ਬਿਮਾਰੀਆਂ ਅਤੇ ਖ਼ੂਨ ਨਾਲ ਸਬੰਧਤ ਵਿਕਾਰ ਹਨ। ਇਹ ਸਥਿਤੀ ਉਸ ਸਮੇਂ ਪੈਦਾ ਹੋ ਰਹੀ ਹੈ ਜਦੋਂ ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਵੱਲੋਂ ਇਹ ਸਪੱਸ਼ਟ ਭਰੋਸਾ ਦਿੱਤਾ ਗਿਆ ਸੀ ਕਿ ਸਾਰੀਆਂ 21 ਕਿਸਮਾਂ ਦੀਆਂ ਦਿਵਿਆਂਗਤਾਵਾਂ ਨਾਲ ਸਬੰਧਤ ਅੰਕੜੇ ਦਰਜ ਕੀਤੇ ਜਾਣਗੇ। ਇਸ ਦੇ ਬਾਵਜੂਦ ਅਜਿਹਾ ਹੋਣਾ ਬਹੁਤ ਨਿੰਦਣਯੋਗ ਹੈ।

ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਨੇ ਕਿਹਾ ਕਿ ਪ੍ਰਸਤਾਵਿਤ ਨੌਂ-ਸ਼੍ਰੇਣੀ ਪ੍ਰਣਾਲੀ ਇਸ ਕਾਨੂੰਨੀ ਅਤੇ ਸਮਾਜਿਕ ਹਕੀਕਤ ਨੂੰ ਢੁੱਕਵੇਂ ਢੰਗ ਨਾਲ ਦਰਜ ਕਰਨ ਵਿੱਚ ਅਸਫਲ ਰਹਿੰਦੀ ਹੈ। ਇਹ ਬਹੁਤ ਅਫ਼ਸੋਸਜਨਕ ਹੈ ਕਿ ਆਟਿਜ਼ਮ ਸਪੈਕਟ੍ਰਮ ਡਿਸਆਰਡਰ, ਵਿਸ਼ੇਸ਼ ਸਿੱਖਣ ਸੰਬੰਧੀ ਦਿਵਿਆਂਗਤਾਵਾਂ, ਬੌਣਾਪਣ, ਕੋਹੜ ਤੋਂ ਇਲਾਜ ਪ੍ਰਾਪਤ ਵਿਅਕਤੀ ਅਤੇ ਬਹਿਰੇ-ਅੰਨ੍ਹੇਪਣ ਸਮੇਤ ਬਹੁ-ਦਿਵਿਆਂਗਤਾ ਵਰਗੀਆਂ ਸਥਿਤੀਆਂ ਨੂੰ ਵੱਖਰੇ ਅਤੇ ਸਪੱਸ਼ਟ ਤੌਰ 'ਤੇ ਸਥਾਨ ਨਹੀਂ ਦਿੱਤਾ ਗਿਆ ਹੈ। ਇਹ ਪ੍ਰਕਿਰਿਆ ਨਾ ਸਿਰਫ਼ ਗਣਨਾਕਾਰਾਂ ਨੂੰ ਉਲਝਣ ਵਿੱਚ ਪਾਏਗੀ, ਸਗੋਂ ਇਸ ਨਾਲ ਗਲਤ ਅਤੇ ਅਧੂਰੇ ਅੰਕੜੇ ਤਿਆਰ ਹੋਣਗੇ ਅਤੇ ਦਿਵਿਆਂਗ ਵਿਅਕਤੀਆਂ ਦੇ ਪੂਰੇ-ਪੂਰੇ ਸਮੂਹ ਸਰਕਾਰੀ ਅੰਕੜਿਆਂ ਵਿੱਚ ਅਦਿੱਖ ਹੋ ਜਾਣਗੇ। ਇਸ ਦੇ ਸਿੱਧੇ ਨਤੀਜੇ ਨੀਤੀ-ਨਿਰਮਾਣ, ਪ੍ਰੋਗਰਾਮਾਂ ਦੇ ਨਿਰਮਾਣ, ਬਜਟ ਵੰਡ ਅਤੇ ਜਵਾਬਦੇਹੀ 'ਤੇ ਪੈਣਗੇ। ਜਨਗਣਨਾ ਨੂੰ ਦਿਵਿਆਂਗ ਵਿਅਕਤੀਆਂ ਦੇ ਅਧਿਕਾਰਾਂ ਦੇ ਕਾਨੂੰਨ ਤਹਿਤ ਹੋਈ ਤਰੱਕੀ ਨੂੰ ਦਰਸਾਉਣਾ ਚਾਹੀਦਾ ਹੈ, ਨਾ ਕਿ ਪੁਰਾਣੀ ਅਤੇ ਨਾਕਾਫ਼ੀ ਵਰਗੀਕਰਨ ਪ੍ਰਣਾਲੀ ਨੂੰ ਕਾਇਮ ਰੱਖਣਾ ਚਾਹੀਦਾ ਹੈ। ਬਲਾਕ ਪ੍ਰਧਾਨ ਟੇਕ ਚੰਦ ਨੇ ਮੰਗ ਕਰਦਿਆਂ ਕਿਹਾ ਕਿ ਜਨਗਣਨਾ 2027 ਦੀ ਦਿਵਿਆਂਗਤਾ ਸਬੰਧੀ ਪ੍ਰਸ਼ਨਾਵਲੀ ਵਿੱਚ ਆਰ.ਪੀ.ਡਬਲਯੂ.ਡੀ. ਐਕਟ, 2016 ਤਹਿਤ ਮਾਨਤਾ ਪ੍ਰਾਪਤ ਸਾਰੀਆਂ 21 ਦਿਵਿਆਂਗਤਾਵਾਂ ਨੂੰ ਵੱਖ-ਵੱਖ ਦਰਜ ਕੀਤਾ ਜਾਵੇ।

# ਜੀ.ਆਰ.ਪੀ. ਫਿਰੋਜ਼ਪੁਰ ਵੱਲੋਂ ਰੇਲਵੇ ਸਟੇਸ਼ਨ ਨੇੜਿਓਂ 50 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ; ਮੁਕੱਦਮਾ ਦਰਜ

**ਪੈ.ਗਾਮ-ਏ-ਜਗਤ/ਫਿਰੋਜ਼ਪੁਰ 01 ਅਕਤੂਬਰ (ਗੁਰਮੇਜ ਸਿੰਘ)**

ਰੇਲਵੇ ਸੁਰੱਖਿਆ ਅਤੇ ਨਸ਼ਾ ਵਿਰੋਧੀ ਮੁਹਿੰਮ ਤਹਿਤ ਜੀ.ਆਰ.ਪੀ. (ਗੌਰਮਿੰਟ ਰੇਲਵੇ ਪੁਲਿਸ) ਫਿਰੋਜ਼ਪੁਰ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ ਜਦੋਂ ਪੁਲਿਸ ਪਾਰਟੀ ਵੱਲੋਂ ਚੈਕਿੰਗ ਦੌਰਾਨ ਭਾਰੀ ਮਾਤਰਾ ਵਿੱਚ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ। ਏਐਸ ਆਈ ਵਧਾਵਾ ਸਿੰਘ ਸਮੇਤ ਪੁਲਿਸ ਪਾਰਟੀ ਰੇਲਵੇ ਸਟੇਸ਼ਨ ਫਿਰੋਜ਼ਪੁਰ ਕੈਂਟ ਅਤੇ ਆਸ-ਪਾਸ ਦੇ ਏਰੀਆ ਦੀ ਰੁਟੀਨ ਚੈਕਿੰਗ ਕਰ



ਰਹੇ ਸੀ ਤਾਂ, ਚੈਕਿੰਗ ਦੌਰਾਨ ਰੇਲਵੇ ਸਟੇਸ਼ਨ ਫਿਰੋਜ਼ਪੁਰ ਦੀ ਪੱਛਮੀ ਸਾਈਡ, ਓਵਰ ਬ੍ਰਿਜ ਨੇੜੇ ਝਾੜੀਆਂ ਵਿੱਚ ਇੱਕ ਸ਼ੱਕੀ ਨੀਲੇ ਰੰਗ ਦਾ ਪਲਾਸਟਿਕ ਦਾ ਕੈਨ ਪਿਆ ਦਿਖਾਈ ਦਿੱਤਾ। ਪੁਲਿਸ ਪਾਰਟੀ ਵੱਲੋਂ ਜਦੋਂ ਉਕਤ ਕੈਨ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 50 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ।ਇਸ ਬਰਾਮਦਗੀ ਦੇ ਆਧਾਰ 'ਤੇ ਥਾਣਾ ਜੀ.ਆਰ.ਪੀ. ਫਿਰੋਜ਼ਪੁਰ ਵਿਖੇ ਮੁਕੱਦਮਾ ਨੰਬਰ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤਾਂ ਜੋ ਸ਼ਰਾਬ ਰੱਖਣ ਵਾਲੇ ਅਣਪਛਾਤੇ ਦੋਸ਼ੀ ਦਾ ਪਤਾ ਲਗਾਇਆ ਜਾ ਸਕੇ।

# ਸ.ਫਾ 1 ਦਾ ਬਾਕੀ...

**ਮੁੱਖ ਮੰਤਰੀ ਭਗਵੰਤ...**

ਵਿੱਚ 1,262.54 ਕਰੋੜ ਰੁਪਏ ਸਿੱਧੇ ਤਬਦੀਲ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ, "ਅੱਜ ਹਰੇਕ ਔਰਤ ਨੂੰ ਤਿੰਨ ਮਹੀਨਿਆਂ ਦੀ ਕਿਸਤ ਇਕੱਠੀ ਮਿਲ ਰਹੀ ਹੈ। ਇਸ ਤੋਂ ਪਹਿਲਾਂ 73.99 ਲੱਖ ਔਰਤਾਂ ਨੂੰ ਸਤਿਕਾਰ ਰਾਸੀ ਵਜੋਂ 2,562.33 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ। ਅੱਜ ਦੀ ਰਾਸ਼ੀ ਨੂੰ ਮਿਲਾ ਕੇ ਹੁਣ ਤੱਕ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਤਿਕਾਰ ਰਾਸੀ ਵਜੋਂ ਕੁੱਲ 3,824.87 ਕਰੋੜ ਰੁਪਏ ਸਿੱਧੇ ਭੇਜੇ ਜਾ ਚੁੱਕੇ ਹਨ।" ਉਨ੍ਹਾਂ ਕਿਹਾ, "ਇਹ ਸਕੀਮ ਇੱਕ ਸਮਾਜਿਕ ਕ੍ਰਾਂਤੀ ਹੈ, ਜੋ ਸਾਡੀਆਂ ਮਾਵਾਂ ਅਤੇ ਧੀਆਂ ਦਾ ਆਤਮ-ਵਿਸਵਾਸ ਅਤੇ ਸਵੈ-ਮਾਣ ਵਧਾਏਗੀ। ਇਹ ਔਰਤਾਂ ਦੀ ਆਰਥਿਕ ਆਜਾਦੀ ਦਾ ਮਾਰਗ ਵੀ ਹੈ। ਪੰਜਾਬ ਦੀਆਂ ਲਗਪਗ 97 ਫੀਸਦ ਔਰਤਾਂ ਇਸ ਸਕੀਮ ਦਾ ਲਾਭ ਲੈਣ ਦੇ ਯੋਗ ਹੋਣਗੀਆਂ। ਇਹ ਦੇਸ ਦੀ ਆਪਣੀ ਕਿਸਮ ਦੀ ਪਹਿਲੀ ਅਜਿਹੀ ਸਕੀਮ ਹੈ, ਜਿਸ ਤਹਿਤ ਸਾਰੀਆਂ ਯੋਗ ਔਰਤਾਂ ਨੂੰ ਸਤਿਕਾਰ ਰਾਸੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡਾ ਟੀਚਾ ਸਤਿਕਾਰ ਯੋਜਨਾ ਦਾ ਲਾਭ ਇੱਕ ਕਰੋੜ ਔਰਤਾਂ ਤੱਕ ਪਹੁੰਚਾਉਣਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਸਕੀਮ ਅਧੀਨ ਕੋਈ ਸਰਤਾਂ ਨਹੀਂ ਹਨ। ਜੇ ਇੱਕੋ ਪਰਿਵਾਰ ਵਿੱਚ ਤਿੰਨ ਔਰਤਾਂ ਯੋਗ ਹਨ ਤਾਂ ਤਿੰਨੇ ਹੀ ਸਤਿਕਾਰ ਰਾਸੀ ਲੈਣ ਦੀਆਂ ਹੱਕਦਾਰ ਹਨ। ਸਕੀਮ ਅਧੀਨ ਔਰਤਾਂ ਦੀ ਰਜਿਸਟ੍ਰੇਸ਼ਨ ਕਰਵਾਉਣ ਵਿੱਚ 1.37 ਲੱਖ 'ਸਤਿਕਾਰ ਸਖੀਆਂ' ਨੇ ਸਭ ਤੋਂ ਵੱਡਾ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਨੂੰ ਪ੍ਰੋਤਸਾਹਨ ਰਾਸੀ ਵਜੋਂ ਹੁਣ ਤੱਕ 51 ਕਰੋੜ ਰੁਪਏ ਤੋਂ ਵੱਧ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ।" ਉਨ੍ਹਾਂ ਅੱਗੇ ਦੱਸਿਆ, "ਇਸੇ ਤਰ੍ਹਾਂ ਰਜਿਸਟ੍ਰੇਸ਼ਨ ਦੇ ਕੰਮ ਵਿੱਚ ਸਹਿਯੋਗ ਦੇ ਰਹੀਆਂ ਆਂਗਣਵਾੜੀ ਵਰਕਰਾਂ ਨੂੰ ਵੀ 25 ਕਰੋੜ ਰੁਪਏ ਦੀ ਰਾਸੀ ਦਿੱਤੀ ਜਾਵੇਗੀ।" ਮੁੱਖ ਮੰਤਰੀ ਨੇ ਕਿਹਾ, "ਸਰਕਾਰਾਂ ਦੀ ਜ਼ਿੰਮੇਵਾਰੀ ਲੋਕਾਂ ਤੋਂ ਟੈਕਸ ਇਕੱਠਾ ਕਰਕੇ ਉਸ ਪੈਸੇ ਨੂੰ ਮੁੜ ਲੋਕਾਂ ਦੀ ਭਲਾਈ ਲਈ ਖਰਚ ਕਰਨ ਦੀ ਹੁੰਦੀ ਹੈ। ਚਾਹੇ ਉਹ ਵਿਕਾਸ ਕਾਰਜ ਹੋਣ, ਖੇਤਾਂ ਦੇ ਕੰਮ ਹੋਣ, ਸੜਕਾਂ ਦੇ ਕੰਮ ਹੋਣ, 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਉਣ ਦੀ ਗੱਲ ਹੋਵੇ ਜਾਂ 70,000 ਤੋਂ ਵੱਧ ਨੌਕਰੀਆਂ ਦੇਣ ਦਾ ਮਾਮਲਾ ਹੋਵੇਸਾਡੀ ਸਰਕਾਰ ਲੋਕਾਂ ਦੇ ਪੈਸੇ ਦੀ ਵਰਤੋਂ ਲੋਕ ਭਲਾਈ ਲਈ ਇਮਾਨਦਾਰੀ ਨਾਲ ਕਰ ਰਹੀ ਹੈ। ਸਾਡੀ ਸਰਕਾਰ ਇਸ ਨੇਕ ਕੰਮ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ" ਉਨ੍ਹਾਂ ਕਿਹਾ, "ਆਮ ਆਦਮੀ ਪਾਰਟੀ ਨੇ ਆਮ ਪਰਿਵਾਰਾਂ ਵਿੱਚੋਂ ਆਗੂ ਪੈਦਾ ਕਰ ਕੇ ਉਨ੍ਹਾਂ ਨੂੰ ਮੌਕਾ ਦਿੱਤਾ ਹੈ। ਇਸ ਤੋਂ ਪਹਿਲਾਂ ਰਾਜਨੀਤੀ 'ਤੇ ਬਾਦਲ ਪਰਿਵਾਰ, ਕੈਪਟਨ ਪਰਿਵਾਰ ਜਾਂ ਮਜੀਠੀਆ ਪਰਿਵਾਰ ਦਾ ਹੀ ਦਬਦਬਾ ਰਿਹਾ। ਜਿਹੜੇ ਪੰਜਾਬ 'ਤੇ 25 ਸਾਲ ਰਾਜ ਕਰਨ ਦੇ ਦਾਅਵੇ ਕਰਦੇ ਸਨ, ਅੱਜ ਉਨ੍ਹਾਂ ਕੋਲ 25 ਆਗੂ ਵੀ ਨਹੀਂ ਬਚੇ। ਸੁਖਬੀਰ ਬਾਦਲ ਅਤੇ ਹੋਰ ਜਮਾਨਤ 'ਤੇ ਬਾਹਰ ਹਨ, ਜਦਕਿ ਰਵਿੰਦਰ ਸਿੰਘ ਬ੍ਰਹਮਪੁਰਾ, ਜਿਨ੍ਹਾਂ ਦੇ ਪਿਤਾ ਬਾਦਲ ਸਾਹਿਬ ਨਾਲ ਜੇਲ ਕੱਟਦੇ ਰਹੇ, ਅੱਜ 'ਆਪ' ਵਿੱਚ ਸਾਮਲ ਹੋ ਗਏ ਹਨ।" ਉਨ੍ਹਾਂ ਕਿਹਾ, "ਜੇ ਵਿਰੋਧੀ ਪਾਰਟੀਆਂ ਦੀ ਸਰਕਾਰ ਸੱਤਾ ਵਿੱਚ ਆਉਂਦੀ ਹੈ ਤਾਂ ਉਹ 'ਮਾਵਾਂ-ਧੀਆਂ ਸਤਿਕਾਰ ਯੋਜਨਾ', ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ ਹੋਰ ਜਨਤਕ ਭਲਾਈ ਸਕੀਮਾਂ ਬੰਦ ਕਰ ਦੇਣਗੇ।" ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਹੋਰ ਵੀ ਹਾਜ਼ਰ ਸਨ।

**7 ਪਿਸਤੌਲਾਂ ਸਮੇਤ...**

ਅੱਠ ਮੈਗਜ਼ੀਨ ਸ਼ਾਮਲ ਹਨ। ਹਥਿਆਰ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਸਿਲਵਰ ਮਾਰੂਤੀ ਸਵਿਫ਼ਟ ਕਾਰ ਨੂੰ ਵੀ ਜ਼ਬਤ ਕਰ ਲਿਆ ਹੈ, ਜਿਸ ਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਦੁਬਈ ਅਤੇ ਅਮਰੀਕਾ ਸਥਿਤ ਹੈਂਡਲਰਾਂ ਨਾਲ ਸਬੰਧ ਸਨ, ਜਿਨ੍ਹਾਂ ਵੱਲੋਂ ਮੁਲਜ਼ਮਾਂ ਨੂੰ ਗੈਰ-ਕਾਨੂੰਨੀ ਹਥਿਆਰ ਬਰਾਮਦ ਕਰਨ ਦਾ ਕੰਮ ਸੌਂਪਿਆ ਗਿਆ ਸੀ। ਆਪ੍ਰੇਸ਼ਨ ਬਾਰੇ ਵੇਰਵੇ ਸਾਂਝੇ ਕਰਦਿਆਂ, ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਗੁਰਦਾਸਪੁਰ ਪੁਲਿਸ ਨੂੰ ਪੁਖ਼ਤਾ ਸੂਚਨਾ ਮਿਲੀ ਸੀ ਕਿ ਲਵਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਜਸ਼ਨਦੀਪ ਸਿੰਘ ਅਤੇ ਹਰਜਿੰਦਰ ਸਿੰਘ ਵਜੋਂ ਪਛਾਣੇ ਗਏ ਸ਼ੱਕੀਆਂ ਨੇ ਹਥਿਆਰਾਂ ਦੀ ਇੱਕ ਖੇਪ ਬਰਾਮਦ ਕੀਤੀ ਹੈ, ਜਿਸ ਨੂੰ ਉਹ ਅੱਗੇ ਸਪਲਾਈ ਕਰਨ ਜਾ ਰਹੇ ਸਨ।

**ਕਿਹਾ-2047 ਦੇ...**

ਉਨ੍ਹਾਂ ਖੁਸ਼ੀ ਜ਼ਾਹਿਰ ਕੀਤੀ ਕਿ ਯੂ.ਪੀ.ਐੱਸ.ਸੀ. ਨੇ ਪਹਿਲਾਂ ਹੀ ਆਪਣੀ ਪ੍ਰੀਖਿਆ ਪ੍ਰਕਿਰਿਆ ਦੇ ਚੱਕਰ ਨੂੰ ਲਗਪਗ 100 ਦਿਨ ਘਟਾ ਲਿਆ ਹੈ।

ਆਪਣੀ ਗੱਲ ਨੂੰ ਅੱਗੇ ਵਧਾਉਂਦਿਆਂ ਉਨ੍ਹਾਂ ਕਿਹਾ ਕਿ ਭਵਿੱਖ ਦੀਆਂ ਸਿਵਲ ਸੇਵਾਵਾਂ ਨੂੰ 'ਲੋਕ-ਪੱਖੀ, ਕਿਰਿਆਸ਼ੀਲ ਅਤੇ ਚੰਗੇ ਸ਼ਾਸਨ' ਦੀ ਮਜ਼ਬੂਤ ਸੋਚ ਨਾਲ ਅੱਗੇ ਵਧਣਾ ਹੋਵੇਗਾ, ਜਿੱਥੇ ਪ੍ਰਬੰਧਕੀ ਸੌਖ ਨਾਲੋਂ ਜਨਤਕ ਹਿੱਤ ਨੂੰ ਸਭ ਤੋਂ ਉੱਪਰ ਰੱਖਿਆ ਜਾਵੇ।

**ਨਿਵੇਸ਼ਕਾਂ ਨੂੰ 20...**

ਕੰਪਨੀਆਂ ਦਾ ਕੁੱਲ ਮਾਰਕੀਟ ਕੈਪ ਲਗਭਗ 10 ਲੱਖ ਕਰੋੜ ਰੁਪਏ ਘਟ ਗਿਆ, ਭਾਵ ਮਹੀਨੇ ਦੇ ਪਹਿਲੇ ਦਿਨ ਨਿਵੇਸ਼ਕਾਂ ਨੂੰ 10 ਲੱਖ ਕਰੋੜ ਰੁਪਏ ਦਾ ਨੁਕਸਾਨ ਹੋਇਆ।

ਐਮ ਐਂਡ ਐਮ, ਮਾਰੂਤੀ ਸੁਜ਼ੂਕੀ, ਟਾਟਾ ਸਟੀਲ, ਅਡਾਨੀ ਪੋਰਟਸ, ਅਲਟਰਾਟੈਕ ਸੀਮੇਂਟ, ਆਈਟੀਸੀ, ਐਚਯੂਐਲ, ਅਤੇ ਬੀਈਐਲ ਦੇ ਸ਼ੇਅਰ ਅੱਜ 3-4% ਡਿੱਗ ਗਏ, ਜਿਸ ਨਾਲ ਉਹ ਸੈਂਸੈਕਸ 'ਤੇ ਸਭ ਤੋਂ ਵੱਧ ਨੁਕਸਾਨੇ ਗਏ। ਟ੍ਰੈਂਟ, ਐਲ ਐਂਡ ਟੀ, ਪਾਵਰ ਗਰਿੱਡ, ਬਜਾਜ ਫਾਈਨੈਂਸ, ਈਟਰਨਲ, ਅਤੇ ਟਾਈਟਨ ਦੇ ਸ਼ੇਅਰ 2% ਤੋਂ ਵੱਧ ਡਿੱਗ ਗਏ। ਇਸਦੇ ਉਲਟ, ਐਚਡੀਐਫਸੀ ਬੈਂਕ ਅਤੇ ਕੋਟਕ ਮਹਿੰਦਰਾ ਬੈਂਕ ਵਿੱਚ ਲਗਭਗ 1% ਦੀ ਤੇਜ਼ੀ ਆਈ। ਭਾਰਤੀ ਸਟਾਕ ਮਾਰਕੀਟ 'ਚ ਦੁਪਹਿਰ 2 ਵਜੇ ਦਰਮਿਆਨ ਵਿਕਰੀ ਦਾ ਦਬਾਅ ਤੇਜ਼ ਹੋ ਗਿਆ। ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਵੱਲੋਂ ਕੀਤੀ ਗਈ ਭਾਰੀ ਵਿਕਰੀ ਅਤੇ ਆਟੋ ਸੈਕਟਰ ਵਿੱਚ ਘਬਰਾਹਟ ਕਾਰਨ, ਦੋਵੇਂ ਪ੍ਰਮੁੱਖ ਸੂਚਕਾਂਕ ਡਿੱਗ ਗਏ। BSE ਸੈਂਸੈਕਸ 1,000 ਅੰਕਾਂ ਤੋਂ ਵੱਧ ਡਿੱਗ ਕੇ 71,433.69 'ਤੇ ਆ ਗਿਆ, ਜਦੋਂ ਕਿ NSE ਨਿਫਟੀ 50 ਵੀ 364 ਅੰਕਾਂ ਤੋਂ ਵੱਧ ਡਿੱਗ ਕੇ 22,255.95 'ਤੇ ਕਾਰੋਬਾਰ ਕਰਦਾ ਦੇਖਿਆ ਗਿਆ।

**ਵੜਿੰਗ ਨੇ ਖ਼ੁਦ...**

ਅਤੇ ਸੰਗਰੂਰ ਤੋਂ ਸਾਬਕਾ ਲੋਕ ਸਭਾ ਮੈਂਬਰ ਵਿਜੈਇੰਦਰ ਸਿੰਗਲਾ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਜਗ?ਹਾ ਲੈਣ ਲਈ ਸਭ ਤੋਂ ਮੋਹਰੀ ਉਮੀਦਵਾਰ ਵਜੋਂ ਉੱਭਰ ਰਹੇ ਹਨ, ਜਿਨ੍ਹਾਂ ਨੂੰ ਜਲਦੀ ਹੀ ਬਦਲੇ ਜਾਣ ਦੀ ਸੰਭਾਵਨਾ ਹੈ। ਪਤਾ ਲੱਗਾ ਹੈ ਕਿ ਸਿੰਗਲਾ ਪਹਿਲਾਂ ਵੀ ਵੜਿੰਗ ਦੀ ਥਾਂ ਲੈਣ ਲਈ ਪਸੰਦੀਦਾ ਆਗੂ ਸਨ, ਪਰ ਇਸ ਫ਼ੈਸਲੇ ਨੂੰ ਉਸ ਸਮੇਂ ਰੋਕ ਦਿੱਤਾ ਗਿਆ ਸੀ ਜਦੋਂ ਪੰਜਾਬ ਭਾਜਪਾ ਨੇ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਨਿਯੁਕਤ ਕੀਤਾ ਸੀ।

**ਸੀਐਮ ਮਾਨ ਨੂੰ...**

ਤੋਂ ਹਨ। ਰਾਜ ਸਰਕਾਰ ਦੇ ਸਰੋਤਾਂ ਅਨੁਸਾਰ, ਕੇਂਦਰ ਸਰਕਾਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੌਰਾਨ ਕਿਸੇ ਵੀ ਵੀ.ਆਈ.ਪੀ. ਦੀ ਸੁਰੱਖਿਆ ਯਕੀਨੀ ਬਣਾਉਣਾ ਇੱਕ ਵੱਡੀ ਚੁਣੌਤੀ ਹੈ ਅਤੇ ਸੁਰੱਖਿਆ ਨੂੰ ਦੇਖਦੇ ਹੋਏ ਕੋਈ ਖ਼ਤਰਾ ਨਹੀਂ ਲਿਆ ਜਾ ਸਕਦਾ, ਇਸ ਲਈ ਇਸ ਯਾਤਰਾ ਦੀ ਮਨਜ਼ੂਰੀ ਨਹੀਂ ਦਿੱਤੀ ਗਈ।

**ਕਾਰੋਬਾਰੀ ਨਾਲ 7...**

ਹਾਸਲ ਕੀਤੀ ਗਈ ਰਕਮ ਸ਼ੁਰੂ ਵਿੱਚ 'ਐਮ/ ਐੱਸ ਰਿਗਲੋ ਵੈਂਚਰਸ ਪ੍ਰਾਈਵੇਟ ਲਿਮਟਿਡ' ਅਤੇ 'ਐਮ/ ਐੱਸ ਫਰੋਜ਼ਨਮੈਨ ਵੇਅਰਹਾਊਸਿੰਗ ਐਂਡ ਲੌਜਿਸਟਿਕਸ' ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਗਈ ਸੀ। 'ਫਰੋਜ਼ਨਮੈਨ ਵੇਅਰਹਾਊਸਿੰਗ ਐਂਡ ਲੌਜਿਸਟਿਕਸ' ਦੇ ਬੈਂਕ ਖਾਤੇ ਗੁਹਾਟੀ ਦੇ ਰੁਮੀ ਕਲਿਤਾ ਅਤੇ ਕਾਨਪੁਰ ਦੇ ਅਰਪਿਤ ਰਾਠੌਰ ਵੱਲੋਂ ਕੰਟਰੋਲ ਕੀਤੇ ਜਾਂਦੇ ਸਨ।

**ਟਿੱਪਰ 'ਚ ਵੱਜੀ...**

ਹਾਦਸੇ ਤੋਂ ਬਾਅਦ ਫਾਇਰ ਬ੍ਰਿਗੇਡ ਅੰਮ੍ਰਿਤਸਰ ਨੂੰ ਤੁਰੰਤ ਸੂਚਨਾ ਦਿੱਤੀ ਗਈ ਪਰ ਕਰੀਬ ਇੱਕ ਘੰਟੇ ਬਾਅਦ ਵੀ ਗੱਡੀ ਮੌਕੇ 'ਤੇ ਨਾ ਪਹੁੰਚੀ। ਜਿਸ ਤੋਂ ਬਾਅਦ ਤਰਨਤਾਰਨ ਤੋਂ ਫਾਇਰ ਬ੍ਰਿਗੇਡ ਦੀ ਗੱਡੀ ਸੱਦਣੀ ਪਈ। ਇਸ ਦੌਰਾਨ ਆਸ-ਪਾਸ ਦੇ ਲੋਕਾਂ ਨੇ ਖੁਦ ਹੀ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ। ਇਸ ਸਬੰਧੀ ਥਾਣਾ ਜੰਡਿਆਲਾ ਗੁਰੂ ਦੀ ਪੁਲਸ ਵੱਲੋਂ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

**ਕਮਰਸ਼ੀਅਲ ਐੱਲ.ਪੀ.ਜੀ...**

ਏਅਰਲਾਈਨਜ਼ ਲਈ ਏ.ਟੀ.ਐੱਫ. ਦੀ ਕੀਮਤ 121 ਰੁਪਏ ਤੋਂ ਵਧ ਕੇ 137 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਹਾਲਾਂਕਿ, ਇਹ ਵਾਧਾ ਸਤੰਬਰ ਵਿੱਚ 6.28 ਰੁਪਏ ਪ੍ਰਤੀ ਲੀਟਰ (ਯਾਨੀ 5.46 ਪ੍ਰਤੀਸ਼ਤ) ਅਤੇ ਅਗਸਤ ਵਿੱਚ 5 ਰੁਪਏ ਪ੍ਰਤੀ ਲੀਟਰ ਦੇ ਵਾਧੇ ਤੋਂ ਬਾਅਦ ਹੋਇਆ ਹੈ। ਏ.ਟੀ.ਐੱਫ. ਕਿਸੇ ਵੀ ਏਅਰਲਾਈਨ ਦੀ ਆਪ੍ਰੇਟਿੰਗ ਲਾਗਤ ਦਾ 40 ਪ੍ਰਤੀਸ਼ਤ ਤੱਕ ਹਿੱਸਾ ਹੁੰਦਾ ਹੈ, ਜਿਸ ਨਾਲ ਬਾਲਣ ਦੀਆਂ ਕੀਮਤਾਂ ਏਅਰਲਾਈਨਜ਼ ਦੇ ਖਰਚੇ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਜਾਂਦੀਆਂ ਹਨ।

ਤਾਜ਼ਾ ਕੀਮਤਾਂ ਵਿੱਚ ਸੋਧ ਅੰਤਰਰਾਸ਼ਟਰੀ ਬੈਂਚਮਾਰਕ ਕੀਮਤਾਂ ਵਿੱਚ ਬਦਲਾਅ ਅਤੇ ਰੁਪਏ-ਡਾਲਰ ਦੀ ਵਟਾਂਦਰਾ ਦਰ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੀ ਗਈ ਹੈ। ਏ.ਟੀ.ਐੱਫ. ਅਤੇ ਐੱਲ.ਪੀ.ਜੀ. ਦੀਆਂ ਕੀਮਤਾਂ ਵਿੱਚ ਹਰ ਮਹੀਨੇ ਦੀ ਪਹਿਲੀ ਤਾਰੀਖ਼ ਨੂੰ ਸੋਧ ਕੀਤੀ ਜਾਂਦੀ ਹੈ। ਸਥਾਨਕ ਕਰਾਂ ਦੇ ਕਾਰਨ ਵੱਖ-ਵੱਖ ਰਾਜਾਂ ਵਿੱਚ ਕੀਮਤਾਂ ਵੱਖ-ਵੱਖ ਹੋ ਸਕਦੀਆਂ ਹਨ। ਇਸ ਤੋਂ ਇਲਾਵਾ, ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ, ਜਿਨ੍ਹਾਂ ਵਿੱਚ ਮਈ ਵਿੱਚ ਵਾਧਾ ਕੀਤਾ ਗਿਆ ਸੀ, ਹਾਲੇ ਵੀ ਅਪਰਿਵਰਤਿਤ ਹਨ।

**ਇੱਕ ਮਹੀਨੇ 'ਚ...**

ਇਸ ਦਾ ਸਿੱਧਾ ਅਸਰ ਭਾਰਤੀ ਅਰਥਵਿਵਸਥਾ 'ਤੇ ਦੇਖਣ ਨੂੰ ਮਿਲ ਸਕਦਾ ਹੈ। ਭਾਰਤੀ ਕ੍ਰੂਡ ਬਾਸਕਟ 'ਚ 'ਸਵੀਟ ਕ੍ਰੂਡ' (ਜੋ 'ਡੇਟਿਡ ਬ੍ਰੈਂਟ' 'ਤੇ ਆਧਾਰਿਤ ਹੈ) ਤੇ 'ਸਾਵਰ ਕ੍ਰੂਡ' (ਜੋ ਭਾਰਤੀ ਰਿਫਾਈਨਰਾਂ ਵੱਲੋਂ ਦਰਾਮਦ ਕੀਤੇ ਜਾਣ ਵਾਲੇ ਓਮਾਨ ਤੇ ਦੁਬਈ ਗ੍ਰੇਡ ਦੀ ਔਸਤ 'ਤੇ ਆਧਾਰਿਤ ਹੈ) ਦਾ ਮਿਸ਼ਰਣ ਸ਼ਾਮਲ ਹੁੰਦਾ ਹੈ।

**ਭਾਰਤ ਨੇ ਪਾਕਿ...**

3-0 ਦੀ ਮਜ਼ਬੂਤ ਬੜ੍ਹਤ ਬਣਾ ਲਈ ਸੀ। ਪਰ ਦੂਜੇ ਹਾਫ ਵਿੱਚ ਪਾਕਿਸਤਾਨ ਦੇ ਨੌਜਵਾਨ ਖਿਡਾਰੀ ਪੂਰੀ ਤਰ੍ਹਾਂ ਹਾਵੀ ਰਹੇ, ਜਿਸ ਕਾਰਨ ਭਾਰਤੀ ਡਿਫੈਂਸ ਕਈ ਵਾਰ ਲੜਖੜਾਇਆ ਅਤੇ ਪਾਕਿਸਤਾਨ ਨੇ 3-3 ਨਾਲ ਸਕੋਰ ਬਰਾਬਰ ਕਰ ਦਿੱਤਾ। ਅਜਿਹਾ ਲੱਗ ਰਿਹਾ ਸੀ ਕਿ ਮੈਚ ਪੈਨਲਟੀ ਸ਼ੂਟਆਊਟ ਤੱਕ ਜਾਵੇਗਾ, ਪਰ ਆਖਰੀ ਮਿੰਟ ਵਿੱਚ ਅਭਿਸ਼ੇਕ ਨੇ ਪਾਕਿਸਤਾਨੀ ਗੋਲਕੀਪਰ ਅਲੀ ਰਜ਼ਾ ਅਤੇ ਡਿਫੈਂਡਰ ਸੂਫੀਆਨ ਨੂੰ ਚਕਮਾ ਦੇ ਕੇ ਜੇਤੂ ਗੋਲ ਦਾਗ ਦਿੱਤਾ। ਆਖਰੀ ਮਿੰਟਾਂ ਵਿੱਚ ਪਾਕਿਸਤਾਨ ਨੇ ਆਕਰਾਮਕ ਖੇਡ ਦਿਖਾਈ ਪਰ ਭਾਰਤੀ ਗੋਲਕੀਪਰ ਸੂਰਜ ਕਰਕੇਰਾ ਨੇ ਕਈ ਅਹਿਮ ਬਚਾਅ ਕੀਤੇ।

**ਏਸ਼ੀਆਈ ਖੇਡਾਂ: ਭਾਰਤ...**

ਦੇ ਛੇ ਬੱਲੇਬਾਜ਼ ਆਪਣਾ ਖਾਤਾ ਵੀ ਨਹੀਂ ਖੋਲ੍ਹ ਸਕੇ। ਜਸਪ੍ਰੀਤ ਬੁਮਰਾਹ, ਅਕਸ਼ਰ ਪਟੇਲ ਅਤੇ ਅਭਿਸ਼ੇਕ ਸ਼ਰਮਾ ਨੇ ਦੋ-ਦੋ ਵਿਕਟਾਂ ਲਈਆਂ, ਜਦਕਿ ਤਿੰਨ ਬੱਲੇਬਾਜ਼ ਰਨ-ਆਊਟ ਹੋਏ। ਈਸ਼ਾਨ ਕਿਸ਼ਨ ਨੇ 80 ਦੌੜਾਂ ਦੀ ਨਾਬਾਦ ਪਾਰੀ ਖੇਡੀ ਅਤੇ ਵੈਭਵ ਸੂਰਿਆਵੰਸ਼ੀ ਨੇ 21 ਗੇਂਦਾਂ ਵਿੱਚ 38 ਦੌੜਾਂ ਬਣਾਈਆਂ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਬਸਿਆਲਾ ਸਕੂਲ ਵਿੱਚ ਵਿਸ਼ੇਸ਼ ਸੈਮੀਨਾਰ, ਵਿਦਿਆਰਥੀਆਂ ਨੂੰ ਪੱਤਰਕਾਰੀ ਦੇ ਬਦਲਦੇ ਰੂਪ ਤੇ ਰੁਜ਼ਗਾਰ ਦੀਆਂ ਸੰਭਾਵਨਾਵਾਂ ਤੋਂ ਕਰਵਾਇਆ ਜਾਣੂ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ/ਦਲਜੀਤ ਅਜਨੋਹਾ**

• ਭਾਸ਼ਾ 'ਤੇ ਪਕੜ, ਤੱਥਾਂ ਦੀ ਜਾਂਚ, ਨਿਰਪੱਖਤਾ ਤੇ ਨੈਤਿਕਤਾ ਨੂੰ ਦੱਸਿਆ ਸਫਲ ਪੱਤਰਕਾਰ ਬਣਨ ਦੀ ਪਹਿਲੀ ਲੋੜ



ਸਰਕਾਰੀ ਹਾਈ ਸਕੂਲ ਬਸਿਆਲਾ ਵਿਖੇ ਵਿਦਿਆਰਥੀਆਂ ਨੂੰ ਪੱਤਰਕਾਰੀ ਅਤੇ ਮੀਡੀਆ ਖੇਤਰ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦੇਣ ਲਈ 'ਪ੍ਰੈੱਸ ਅਤੇ ਮੀਡੀਆ ਵਿੱਚ ਕਰੀਅਰ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਅਤੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਪ੍ਰੈੱਸ ਕਲੱਬ ਗੜ੍ਹਸ਼ੰਕਰ ਦੇ ਪ੍ਰਧਾਨ ਅਜਾਇਬ ਸਿੰਘ ਬੋਪਾਰਾਏ ਨੇ ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰਾ ਕੀਤਾ। ਬੁਲਾਰਿਆਂ ਨੇ ਕਿਹਾ ਕਿ ਡਿਜੀਟਲ ਯੁੱਗ ਵਿੱਚ ਪੱਤਰਕਾਰੀ ਦਾ ਦਾਇਰਾ ਸਿਰਫ਼ ਅਖ਼ਬਾਰ ਵਿੱਚ ਖ਼ਬਰ ਲਿਖਣ ਤੱਕ ਸੀਮਤ ਨਹੀਂ ਰਿਹਾ। ਅਖ਼ਬਾਰ, ਟੈਲੀਵਿਜ਼ਨ, ਰੇਡੀਓ, ਵੈੱਬ ਪੋਰਟਲ, ਸੋਸ਼ਲ ਮੀਡੀਆ, ਫੋਟੋ ਜਰਨਲਿਜ਼ਮ, ਵੀਡੀਓ ਪ੍ਰੋਡਕਸ਼ਨ, ਵੀਡੀਓ ਐਡਿਟਿੰਗ ਅਤੇ ਕੰਟੈਂਟ ਕ੍ਰੀਏਸ਼ਨ ਸਮੇਤ ਮੀਡੀਆ ਦੇ ਕਈ ਖੇਤਰਾਂ ਵਿੱਚ ਨੌਜਵਾਨਾਂ ਲਈ ਕਰੀਅਰ ਦੇ ਮੌਕੇ ਮੌਜੂਦ ਹਨ।

ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਪੱਤਰਕਾਰੀ ਦੇ ਖੇਤਰ ਵਿੱਚ ਅੱਗੇ ਵਧਣ ਲਈ ਲੋੜੀਂਦੀ ਵਿੱਦਿਅਕ ਯੋਗਤਾ, ਭਾਸ਼ਾ 'ਤੇ ਮਜ਼ਬੂਤ ਪਕੜ, ਲਿਖਣ ਅਤੇ ਸੰਚਾਰ ਹੁਨਰ, ਤੱਥਾਂ ਦੀ ਜਾਂਚ, ਨਿਰਪੱਖ ਸੋਚ ਅਤੇ ਪੱਤਰਕਾਰੀ ਦੀਆਂ ਨੈਤਿਕ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇੱਕ ਪੱਤਰਕਾਰ ਲਈ ਸੱਚ ਦੀ ਖੋਜ ਕਰਨਾ, ਤੱਥਾਂ ਦੀ ਪੁਸ਼ਟੀ ਕਰਨਾ ਅਤੇ ਜ਼ਿੰਮੇਵਾਰੀ ਨਾਲ ਜਾਣਕਾਰੀ ਲੋਕਾਂ ਤੱਕ ਪਹੁੰਚਾਉਣਾ ਬੇਹੱਦ ਮਹੱਤਵਪੂਰਨ ਹੈ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਮੀਡੀਆ ਵਿੱਚ ਕਰੀਅਰ ਬਣਾਉਣ, ਪੱਤਰਕਾਰੀ ਦੀ ਪੜ੍ਹਾਈ, ਡਿਜੀਟਲ ਮੀਡੀਆ ਅਤੇ ਖ਼ਬਰ ਤਿਆਰ ਕਰਨ ਨਾਲ ਸਬੰਧਤ ਵੱਖ-ਵੱਖ ਸਵਾਲ ਪੁੱਛੇ। ਬੁਲਾਰਿਆਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਸੌਖੇ ਅਤੇ ਵਿਹਾਰਕ ਢੰਗ ਨਾਲ ਜਵਾਬ ਦਿੱਤੇ।

ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਪੇਂਡੂ ਖੇਤਰ ਦੇ ਵਿਦਿਆਰਥੀਆਂ ਲਈ ਅਜਿਹੇ ਕਰੀਅਰ ਗਾਈਡੈਂਸ ਪ੍ਰੋਗਰਾਮ ਬਹੁਤ ਲਾਹੇਵੰਦ ਹਨ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੂੰ ਰਵਾਇਤੀ ਕਰੀਅਰ ਵਿਕਲਪਾਂ ਦੇ ਨਾਲ-ਨਾਲ ਮੀਡੀਆ ਅਤੇ ਪੱਤਰਕਾਰੀ ਵਰਗੇ ਉੱਭਰ ਰਹੇ ਖੇਤਰਾਂ ਬਾਰੇ ਵੀ ਜਾਣਕਾਰੀ ਮਿਲਦੀ ਹੈ।

ਇਸ ਮੌਕੇ. ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਵੱਲੋਂ ਡਾ. ਲਖਵਿੰਦਰ ਸਿੰਘ ਅਤੇ ਪੱਤਰਕਾਰ ਫੂਲਾ ਸਿੰਘ , ਸਕੂਲ ਦੀ ਹੈਡ ਮਿਸਟਰੈਸ ਪ੍ਰੀਤੀ ਰਤਨ, ਸਾਇੰਸ ਅਧਿਆਪਕ ਸੁਭਾਸ਼ ਚੰਦਰ, ਗਣਿਤ ਅਧਿਆਪਕ ਹਰਪਿੰਦਰ ਸਿੰਘ, ਅੰਗਰੇਜ਼ੀ ਅਧਿਆਪਿਕਾ ਅਨੀਤਾ, ਹਿੰਦੀ ਅਧਿਆਪਿਕਾ ਨਰਿੰਦਰ ਕੌਰ ਸਮੇਤ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ। ਅੰਤ ਵਿੱਚ ਸਕੂਲ ਸਟਾਫ਼ ਵੱਲੋਂ ਆਏ ਹੋਏ ਮਹਿਮਾਨ ਬੁਲਾਰਿਆਂ ਦਾ ਧੰਨਵਾਦ ਕੀਤਾ ਗਿਆ।

# ਹੁਸ਼ਿਆਰਪੁਰ ਵਿੱਚ ਐਸ.ਆਈ.ਆਰ. ਦਾ ਕੰਮ ਅੰਤਿਮ ਪੜਾਅ 'ਤੇ, 99.91 ਫੀਸਦੀ ਕੰਮ ਮੁਕੰਮਲ : ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

• ਜ਼ਿਲ੍ਹੇ ਦੇ 7 ਵਿਧਾਨ ਸਭਾ ਹਲਕਿਆਂ ਵਿੱਚੋਂ 5 ਵਿੱਚ ਐਸ.ਆਈ.ਆਰ.-2026 ਦੀ ਪ੍ਰਕਿਰਿਆ 100 ਫੀਸਦੀ ਮੁਕੰਮਲ



ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸਆਈਆਰ) 2026 ਦਾ ਕੰਮ ਅੰਤਿਮ ਪੜਾਅ 'ਤੇ ਪਹੁੰਚ ਗਿਆ ਹੈ। ਜ਼ਿਲ੍ਹੇ ਵਿੱਚ ਹੁਣ ਤੱਕ 99.91 ਫੀਸਦੀ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ ਹੁਸ਼ਿਆਰਪੁਰ ਆਸ਼ਿਕਾ ਜੈਨ ਨੇ ਦਿੱਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਕੁੱਲ 7 ਵਿਧਾਨ ਸਭਾ ਹਲਕਿਆਂ ਵਿੱਚੋਂ 5 ਹਲਕਿਆਂ 40-ਦਸੂਹਾ, 42-ਸ਼ਾਮ ਚੁਰਾਸੀ, 43-ਹੁਸ਼ਿਆਰਪੁਰ, 44-ਚੱਬੇਵਾਲ ਅਤੇ 45-ਗੜ੍ਹਸ਼ੰਕਰ ਵਿੱਚ ਐਸ.ਆਈ.ਆਰ.-2026 ਦੀ ਪ੍ਰਕਿਰਿਆ 100 ਫੀਸਦੀ ਮੁਕੰਮਲ ਹੋ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਯਕੀਨੀ ਬਣਾਉਣ ਅਤੇ ਵੋਟਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਸੁਣਵਾਈ ਜਾਂ ਦਸਤਾਵੇਜ਼ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਹਾਲੇ ਬਕਾਇਆ ਹੈ, ਅਜਿਹੇ ਵੋਟਰਾਂ ਨਾਲ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਖੁਦ ਸੰਪਰਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਸਿੱਧੇ ਤੌਰ 'ਤੇ ਇਕੱਠੇ ਕਰਨਗੇ। ਜਿੱਥੇ ਲੋੜ ਹੋਵੇਗੀ, ਵੋਟਰਾਂ ਨੂੰ ਨਿੱਜੀ ਸੁਣਵਾਈ ਜਾਂ ਦਸਤਾਵੇਜ਼ ਜਮ?ਹਾਂ ਕਰਵਾਉਣ ਲਈ ਸਬੰਧਤ ਦਫ਼ਤਰਾਂ ਵਿੱਚ ਆਉਣ ਦੀ ਲੋੜ ਨਹੀਂ ਪਵੇਗੀ।

ਉਨ੍ਹਾਂ ਕਿਹਾ ਕਿ ਇਸ ਪ੍ਰਬੰਧ ਨਾਲ ਵੋਟਰਾਂ ਨੂੰ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓ.) ਦੇ ਦਫ਼ਤਰਾਂ ਵਿੱਚ ਨਿੱਜੀ ਤੌਰ 'ਤੇ ਜਾਣ ਤੋਂ ਰਾਹਤ ਮਿਲੇਗੀ ਅਤੇ ਬਕਾਇਆ ਮਾਮਲਿਆਂ ਦੇ ਨਿਪਟਾਰੇ ਵਿੱਚ ਵੀ ਤੇਜ਼ੀ ਆਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹੇ ਵਿੱਚ ਜ਼ਿਲ੍ਹਾ ਚੋਣ ਅਧਿਕਾਰੀ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓ.) ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਹੈਲਪ ਡੈਸਕਾਂ ਰਾਹੀਂ ਵੋਟਰ ਸੂਚੀਆਂ ਨਾਲ ਸਬੰਧਤ ਸਵਾਲਾਂ ਅਤੇ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ।

ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਸਮੁੱਚੀ ਚੋਣ ਮਸ਼ੀਨਰੀ ਦੇ ਸਹਿਯੋਗ ਨਾਲ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਪਾਰਦਰਸ਼ੀ, ਸੁਚਾਰੂ ਅਤੇ ਸਮਾਂਬੱਧ ਢੰਗ ਨਾਲ ਮੁਕੰਮਲ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐੱਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਜਿੱਥੇ ਲੋੜ ਹੋਵੇ, ਉੱਥੇ ਨਿਰਧਾਰਤ ਦਸਤਾਵੇਜ਼ ਅਤੇ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਵਿਸ਼ੇਸ਼ ਗਹਿਰੀ ਸੁਧਾਈ ਦੀ ਪ੍ਰਕਿਰਿਆ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕੀਤਾ ਜਾ ਸਕੇ।

# ਪ੍ਰਸ਼ਾਂਤੀ ਧਾਮ ਸਾਈਂ ਬਾਬਾ ਮੰਦਰ: ਉੱਜੈਨ ਦੀ ਅਧਿਆਤਮਿਕ ਨਗਰੀ ਵਿੱਚ ਸ਼ਾਂਤੀ, ਸੇਵਾ ਅਤੇ ਸ਼ਰਧਾ ਦਾ ਅਨੋਖਾ ਸੰਗਮ

**ਪੈ.ਗਾਮ-ਏ-ਜਗਤ/ਉੱਜੈਨ**
**01 ਅਕਤੂਬਰ (ਦਲਜੀਤ ਅਜਨੋਹਾ)**



ਧਾਰਮਿਕ ਅਤੇ ਅਧਿਆਤਮਿਕ ਪੱਖੋਂ ਦੇਸ਼ ਦੇ ਪ੍ਰਮੁੱਖ ਸ਼ਹਿਰਾਂ ਵਿੱਚ ਸ਼ਾਮਲ ਉੱਜੈਨ ਵਿੱਚ ਸਥਿਤ ਪ੍ਰਸ਼ਾਂਤੀ ਧਾਮ ਸ਼ਰਧਾਲੂਆਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਹੈ। ਪਵਿੱਤਰ ਕਸ਼ਿਪਰਾ ਨਦੀ ਦੇ ਕੰਢੇ ਸਥਿਤ ਇਹ ਪਰਿਸਰ ਸਾਈਂ ਪਰੰਪਰਾ, ਅਧਿਆਤਮਿਕ ਸਾਧਨਾ, ਧਾਰਮਿਕ ਸਮਾਗਮਾਂ ਅਤੇ ਸੇਵਾ ਗਤੀਵਿਧੀਆਂ ਨਾਲ ਜੁੜਿਆ ਹੋਇਆ ਹੈ।

ਇਸੇ ਅਧਿਆਤਮਿਕ ਵਿਰਾਸਤ ਅਤੇ ਪ੍ਰਸ਼ਾਂਤੀ ਧਾਮ ਦੀਆਂ ਵਿਸ਼ੇਸ਼ਤਾਵਾਂ ਨੂੰ ਸਮਝਣ ਦੇ ਉਦੇਸ਼ ਨਾਲ ਸੀਨੀਅਰ ਪੱਤਰਕਾਰ ਦਲਜੀਤ ਅਜਨੋਹਾ ਨੇ ਪੰਡਿਤ ਡਾਕਟਰ ਸੁਨੀਲ ਕੁਮਾਰ ਜੋਸ਼ੀ ਨਾਲ ਵਿਸ਼ੇਸ਼ ਗੱਲਬਾਤ ਕੀਤੀ। ਗੱਲਬਾਤ ਦੌਰਾਨ ਪੰਡਿਤ ਜੀ ਨੇ ਪ੍ਰਸ਼ਾਂਤੀ ਧਾਮ ਦੇ ਇਤਿਹਾਸ, ਧਾਰਮਿਕ ਮਹੱਤਵ, ਇੱਥੋਂ ਦੀਆਂ ਅਧਿਆਤਮਿਕ ਪਰੰਪਰਾਵਾਂ ਅਤੇ ਸ਼ਰਧਾਲੂਆਂ ਲਈ ਇਸ ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

ਪ੍ਰਸ਼ਾਂਤੀ ਧਾਮ ਦੀ ਵਿਸ਼ੇਸ਼ ਖਿੱਚ ਇਸ ਦਾ ਕਸ਼ਿਪਰਾ ਨਦੀ ਦੇ ਨੇੜੇ ਸਥਿਤ ਹੋਣਾ ਹੈ। ਉਪਲਬਧ ਅਧਿਕਾਰਤ ਜਾਣਕਾਰੀ ਅਨੁਸਾਰ ਇੱਥੇ ਵੱਡੇ ਧਾਰਮਿਕ ਅਤੇ ਵੈਦਿਕ ਸਮਾਗਮ ਵੀ ਕਰਵਾਏ ਜਾਂਦੇ ਰਹੇ ਹਨ। ਫਰਵਰੀ 2025 ਵਿੱਚ ਇਸੇ ਪਰਿਸਰ ਵਿੱਚ ਚੰਡੀ ਸਮੇਤ ਅਤਿਰੁਦ੍ਰ ਮਹਾਯੱਗ ਕਰਵਾਇਆ ਗਿਆ ਸੀ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਸ਼ਰਧਾਲੂਆਂ ਅਤੇ ਵੱਡੀ ਗਿਣਤੀ ਵਿੱਚ ਰਿਤਵਿਜਾਂ ਨੇ ਭਾਗ ਲਿਆ ਸੀ। ਸਮਾਗਮ ਦੌਰਾਨ ਨਾਰਾਇਣ ਸੇਵਾ ਅਤੇ ਮੈਡੀਕਲ ਕੈਂਪ ਵਰਗੀਆਂ ਸੇਵਾ ਗਤੀਵਿਧੀਆਂ ਵੀ ਕਰਵਾਈਆਂ ਗਈਆਂ ਸਨ।

ਪ੍ਰਸ਼ਾਂਤੀ ਧਾਮ ਪਰਿਸਰ ਨੂੰ ਸਿਰਫ਼ ਇੱਕ ਮੰਦਰ ਵਜੋਂ ਨਹੀਂ, ਸਗੋਂ ਇੱਕ ਵਿਸ਼ਾਲ ਅਧਿਆਤਮਿਕ ਪਰਿਸਰ ਵਜੋਂ ਦੇਖਿਆ ਜਾਂਦਾ ਹੈ। ਉਪਲਬਧ ਵੇਰਵਿਆਂ ਅਨੁਸਾਰ ਇੱਥੇ ਸ਼ਿਰਡੀ ਸਾਈਂ ਬਾਬਾ, ਸਤਿਆ ਸਾਈਂ ਬਾਬਾ ਅਤੇ ਹੋਰ ਦੇਵੀ-ਦੇਵਤਿਆਂ ਅਤੇ ਸੰਤ ਪਰੰਪਰਾ ਨਾਲ ਜੁੜੇ ਸ਼ਰਧਾ ਸਥਾਨਾਂ ਦੇ ਦਰਸ਼ਨ ਹੁੰਦੇ ਹਨ। ਪਰਿਸਰ ਵਿੱਚ ਭਜਨ, ਪੂਜਾ-ਅਰਚਨਾ ਅਤੇ ਅਧਿਆਤਮਿਕ ਗਤੀਵਿਧੀਆਂ ਦੇ ਨਾਲ-ਨਾਲ ਕੁਦਰਤੀ ਵਾਤਾਵਰਣ ਵੀ ਸ਼ਰਧਾਲੂਆਂ ਨੂੰ ਆਕਰਸ਼ਿਤ ਕਰਦਾ ਹੈ।

ਪੰਡਿਤ ਡਾ. ਸੁਨੀਲ ਕੁਮਾਰ ਜੋਸ਼ੀ ਨੇ ਗੱਲਬਾਤ ਦੌਰਾਨ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਭਾਰਤੀ ਅਧਿਆਤਮਿਕ ਪਰੰਪਰਾ ਵਿੱਚ ਪੂਜਾ-ਪਾਠ ਦੇ ਨਾਲ ਮਨੁੱਖੀ ਸੇਵਾ, ਸਦਭਾਵਨਾ ਅਤੇ ਪਰਉਪਕਾਰ ਨੂੰ ਵੀ ਮਹੱਤਵਪੂਰਨ ਸਥਾਨ ਪ੍ਰਾਪਤ ਹੈ। ਪ੍ਰਸ਼ਾਂਤੀ ਧਾਮ ਨਾਲ ਜੁੜੇ ਵੱਖ-ਵੱਖ ਸਮਾਗਮਾਂ ਵਿੱਚ ਸੇਵਾ ਗਤੀਵਿਧੀਆਂ ਦਾ ਜ਼ਿਕਰ ਵੀ ਮਿਲਦਾ ਹੈ। 2025 ਦੇ ਮਹਾਯੱਗ ਦੌਰਾਨ ਮੈਡੀਕਲ ਕੈਂਪ ਅਤੇ ਨਾਰਾਇਣ ਸੇਵਾ ਇਸ ਦੀਆਂ ਉਦਾਹਰਣਾਂ ਰਹੀਆਂ।

ਉੱਜੈਨ ਖੁਦ ਭਗਵਾਨ ਮਹਾਕਾਲ ਦੀ ਨਗਰੀ ਵਜੋਂ ਵਿਸ਼ਵ ਭਰ ਵਿੱਚ ਪ੍ਰਸਿੱਧ ਹੈ। ਸ਼੍ਰੀ ਮਹਾਕਾਲੇਸ਼ਵਰ ਮੰਦਰ ਦੀ ਅਧਿਕਾਰਤ ਜਾਣਕਾਰੀ ਅਨੁਸਾਰ ਉੱਜੈਨ ਵਿੱਚ ਹਰ ਰੋਜ਼ ਵੱਡੀ ਗਿਣਤੀ ਵਿੱਚ ਸ਼ਰਧਾਲੂ ਪਹੁੰਚਦੇ ਹਨ ਅਤੇ ਮੰਦਰ ਪਰਿਸਰ ਵਿੱਚ ਨਿਯਮਤ ਧਾਰਮਿਕ ਅਨੁਸ਼ਠਾਨ ਕਰਵਾਏ ਜਾਂਦੇ ਹਨ। ਪ੍ਰਸ਼ਾਂਤੀ ਧਾਮ ਇਸ ਵਿਆਪਕ ਧਾਰਮਿਕ ਮਾਹੌਲ ਵਿੱਚ ਕਸ਼ਿਪਰਾ ਨਦੀ ਦੇ ਕੰਢੇ ਨੇੜੇ ਇੱਕ ਆਧੁਨਿਕ ਅਧਿਆਤਮਿਕ ਕੇਂਦਰ ਵਜੋਂ ਆਪਣੀ ਵੱਖਰੀ ਪਛਾਣ ਰੱਖਦਾ ਹੈ। ਸੀਨੀਅਰ ਪੱਤਰਕਾਰ ਦਲਜੀਤ ਅਜਨੋਹਾ ਨਾਲ ਪੰਡਿਤ ਡਾ. ਸੁਨੀਲ ਕੁਮਾਰ ਜੋਸ਼ੀ ਦੀ ਇਹ ਵਿਸ਼ੇਸ਼ ਗੱਲਬਾਤ ਪ੍ਰਸ਼ਾਂਤੀ ਧਾਮ ਦੇ ਧਾਰਮਿਕ ਅਤੇ ਅਧਿਆਤਮਿਕ ਸਰੂਪ ਨੂੰ ਸਮਝਣ ਦਾ ਇੱਕ ਮਹੱਤਵਪੂਰਨ ਮੌਕਾ ਰਹੀ। ਗੱਲਬਾਤ ਵਿੱਚ ਧਾਮ ਦੀਆਂ ਪਰੰਪਰਾਵਾਂ, ਧਾਰਮਿਕ ਸਮਾਗਮਾਂ, ਸੇਵਾ ਭਾਵਨਾ ਅਤੇ ਸ਼ਰਧਾਲੂਆਂ ਲਈ ਇਸ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸ੍ਰੀ ਨਾਭ ਕੰਵਲ ਰਾਜਾ ਸਾਹਿਬ, ਬਿਰਧ ਆਸ਼ਰਮ ਫਤੋਆਣਾ ਸਾਹਿਬ, ਪਿੰਡ ਭਰੋਮਜਾਰਾ ਵਿਖੇ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮੌਕੇ ਕਰਵਾਇਆ ਕਾਨੂੰਨੀ ਜਾਗਰੂਕਤਾ ਸੈਮੀਨਾਰ

**ਪੈ.ਗਾਮ-ਏ-ਜਗਤ**
**ਨਵਾਂਸ਼ਹਿਰ (ਦੇਸ ਰਾਜ ਬਾਲੀ)**




ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਅਤੇ ਮਾਣਯੋਗ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਵੱਲੋਂ ਸ੍ਰੀ ਨਾਭ ਕੰਵਲ ਰਾਜਾ ਸਾਹਿਬ, ਬਿਰਧ ਆਸ਼ਰਮ ਫਤੋਆਣਾ ਸਾਹਿਬ, ਪਿੰਡ ਭਰੋਮਜਾਰਾ ਵਿਖੇ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ ਗਿਆ ਅਤੇ ਕਾਨੂੰਨੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਤੇ ਸਿਵਲ ਜੱਜ (ਸੀਨੀਅਰ ਡੀਵੀਜ਼ਨ)/ ਸੀ.ਜੇ.ਐਮ-ਕਮ- ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਡਾ. ਅਮਨਦੀਪ ਜੀਆਂ ਵੱਲੋਂ ਬਜ਼ੁਰਗਾਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਦੀਆ ਸਮੱਸਿਆਵਾਂ ਸੁਣੀਆ ਗਈਆ। ਇਸ ਤੋਂ ਇਲਾਵਾ ਸੀਨੀਅਰ ਸੀਟੀਜ਼ਨ ਐਕਟ ਤਹਿਤ ਉਹਨਾਂ ਦੇ ਹੱਕਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਤੋ ਇਲਾਵਾ ਉਹਨ੍ਹਾਂ ਨੂੰ ਆਧਾਰ ਕਾਰਡ, ਬੁਢਾਪਾ ਪੈਨਸ਼ਨ ਅਤੇ ਹੋਰਨਾਂ ਮੁਸ਼ਕਲਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡੀ.ਐਲ.ਐਸ.ਏ ਸਟਾਫ, ਪੀ.ਐਲ.ਵੀ ਦੇਸ ਰਾਜ ਬਾਲੀ ਅਤੇ ਵਾਸਦੇਵ ਪ੍ਰਦੇਸੀ ਅਤੇ ਸ੍ਰੀ ਨਾਭ ਕੰਵਲ ਰਾਜਾ ਸਾਹਿਬ, ਬਿਰਧ ਆਸ਼ਰਮ ਫਤੋਆਣਾ ਸਾਹਿਬ, ਪਿੰਡ ਭਰੋਮਜਾਰਾ ਦੇ ਮੈਂਬਰ ਅਤੇ ਹੋਰ ਸੇਵਾਦਾਰ ਹਾਜ਼ਰ ਸਨ।

# ਕੌਮੀ ਖੂਨਦਾਨ ਦਿਵਸ ਮੇਰੇ ਲਈ ਬਣਿਆ ਨਿਵੇਕਲਾ ਦਿਵਸ : ਮਨਜੀਤ ਕੌਰ ਵਾਸੀ ਸੋਨਾ

**ਪੈ.ਗਾਮ-ਏ-ਜਗਤ**
**ਨਵਾਂਸ਼ਹਿਰ (ਦੇਸ ਰਾਜ ਬਾਲੀ)**



ਸਥਾਨਕ ਬੀ.ਡੀ.ਸੀ.ਬਲੱਡ ਸੈਂਟਰ ਵਿਖੇ ਕੌਮੀ ਖੂਨਦਾਨ ਦਿਵਸ ਨੂੰ ਸਮਰਪਿਤ ਖੂਨਦਾਨ ਕੈਂਪ ਦੇ ਆਯੋਜਨ ਵੇਲੇ ਆਪਣੇ ਬਿਮਾਰ ਸਤਿਕਾਰਯੋਗ ਪਿਤਾ ਲਈ ਇੱਕ ਹਸਪਤਾਲ ਵਲੋਂ ਮੰਗੇ ਖੂਨ ਨੂੰ ਪ੍ਰਾਪਤ ਕਰਨ ਆਈ ਮਹਿਲਾ ਮਨਜੀਤ ਕੌਰ ਨੇ ਕੌਮੀ ਖੂਨਦਾਨ ਦਿਵਸ ਵਾਰੇ ਜਾਣੂ ਹੁੰਦਿਆ ਆਖਿਆ ਕਿ ਇਹ ਦਿਨ ਮੇਰੀ ਜ਼ਿੰਦਗੀ ਲਈ ਨਿਵੇਕਲਾ ਦਿਨ ਬਣ ਗਿਆ ਹੈ ਕਿਉਂਕਿ ਕਿ ਇਹ ਦਿਨ ਮੇਰੇ ਪਿਤਾ ਜੀ ਦੀ ਜੀਵਨ ਜੋਤ ਜਗਦੀ ਰੱਖਣ ਵਾਲ੍ਹਾ ਦਿਨ ਬਣ ਗਿਆ ਹੈ।

ਆਯੋਜਿਕ ਸੰਸਥਾ ਨੇ ਮਹਿਲਾ ਦੇ ਜਜ਼ਬਾਤਾਂ ਦਾ ਸਤਿਕਾਰ ਕਰਦਿਆਂ ਖੂਨਦਾਨ ਕੈਂਪ ਦਾ ਉਦਘਾਟਨ ਮਨਜੀਤ ਕੌਰ ਵਾਸੀ ਸੋਨਾ ਤੋਂ ਕਰਵਾਉਣ ਦਾ ਫੈਸਲਾ ਕੀਤਾ। ਕੈਂਪ ਵਿੱਚ 21 ਖੂਨਦਾਨੀਆਂ ਨੇ ਖੂਨਦਾਨ ਕੀਤਾ। ਇਸ ਮੌਕੇ ਐਸ.ਕੇ.ਸਰੀਨ, ਜੀ.ਐਸ.ਤੂਰ, ਜੇ.ਐਸ.ਗਿੱਦਾ, ਡਾ.ਅਜੇ ਬੱਗਾ, ਪ੍ਰਵੇਸ਼ ਕੁਮਾਰ, ਸੁਰਿੰਦਰ ਕੌਰ ਤੂਰ, ਯੁਵਰਾਜ ਕਾਲ੍ਹੀਆ, ਨਰਿੰਦਰਪਾਲ ਤੂਰ , ਮੈਨੇਜਰ ਮਨਮੀਤ ਸਿੰਘ ਅਤੇ ਸੰਸਥਾ ਦਾ ਸਟਾਫ ਹਾਜਰ ਸੀ। ਬੁਲਾਰਿਆਂ ਨੇ ਆਖਿਆ ਕਿ ਭਾਰਤ ਵਿੱਚ ਖੂਨਦਾਨ ਲਹਿਰ ਦੇ ਪਿਤਾਮਾ ਸਵ: ਡਾ.ਜੇ.ਜੀ.ਜੌਲ੍ਹੀ ਦੇ ਜਨਮ ਦਿਨ ਨੂੰ ਕੌਮੀ ਖੂਨਦਾਨ ਦਿਵਸ ਦੇ ਤੌਰ ਤੇ ਮਨਾਇਆ ਜਾਂਦਾ ਹੈ। ਉਹਨਾਂ ਵਲੋਂ ਖੂਨਦਾਨ ਸਬੰਧੀ ਜਾਗਰੂਕਤਾ ਦੇ ਨਾਲ੍ਹ ਨਾਲ੍ਹ ਕੌਮੀ ਪੱਧਰ ਤੇ ਖੂਨਦਾਨ ਨਿਯਮਾਂ ਨੂੰ ਲਾਗੂ ਕਰਵਾਉਣ ਲਈ ਨਿਆਂ ਪਾਲਿਕਾ ਦਾ ਸਹਾਰਾ ਵੀ ਲਿਆ।

ਇਸ ਤੋਂ ਪਹਿਲਾਂ ਸੰਸਥਾ ਦੇ ਮੁੱਖ ਦੁਆਰ ਤੇ ਖੂਨਦਾਨ ਲਹਿਰ ਪ੍ਰਤੀ ਬਚਨਬੱਧਤਾ ਦੀ ਸਹੁੰ ਚੁੱਕਣ ਦਾ ਸਮਾਗਮ ਕੀਤਾ ਗਿਆ। ਇਸ ਦਿਨ ਨੂੰ ਸਮਰਪਿਤ ਵਿਸ਼ਏ ਪ੍ਰੋਜੈਕਟ ਮੁਫਤ ਬਲੱਡ ਗਰੁਪਿੰਗ ਤੇ ਐਚ.ਬੀ.ਟੈਸਟ ਕੈਂਪ ਆਰੰਭ ਕੀਤਾ ਗਿਆ ਜੋ ਪੂਰਾ ਦਿਨ ਚੱਲੇਗਾ ਖੂਨ ਦੀ ਕਮਜ਼ੋਰੀ ਵਾਲ੍ਹ ਵਿਅਕਤੀਆਂ ਨੂੰ ਮੁਫਤ ਦਵਾਈ ਦਿੱਤੀ ਜਾਵੇਗੀ।

# 21ਵੀਂ ਸੈਕੰਡ ਡਵੀਜ਼ਨ ਪੰਜਾਬ ਸਟੇਟ ਫੁੱਟਬਾਲ ਲੀਗ ਦਾ ਮੁਕਾਬਲਾ ਸੰਤ ਬਾਬਾ ਭਾਗ ਸਿੰਘ ਫੁੱਟਬਾਲ ਅਕੈਡਮੀ ਨੇ ਜਿੱਤਿਆ

**ਪੈ.ਗਾਮ-ਏ-ਜਗਤ**
**ਗੜ੍ਹਸ਼ੰਕਰ, 01 ਅਕਤੂਬਰ**
**(ਹਰੀ ਕ੍ਰਿਸ਼ਨ ਗੰਗੜ)**

• ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਨੂੰ 4-1 ਨਾਲ ਹਰਾਇਆ



ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਜੇ.ਸੀ.ਟੀ. ਵਲੋਂ ਕਰਵਾਈ ਜਾ ਰਹੀ 21ਵੀਂ ਪੰਜਾਬ ਸਟੇਟ ਸੈਕੰਡ ਡਵੀਜ਼ਨ ਫੁੱਟਬਾਲ ਲੀਗ ਦਾ ਮੁਕਾਬਲਾ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਦੇ ਪ੍ਰਬੰਧਾਂ ਹੇਠ ਕਰਵਾਇਆ ਗਿਆ।

ਇਸ ਮੌਕੇ ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਗੜ੍ਹਸ਼ੰਕਰ ਅਤੇ ਸੰਤ ਬਾਬਾ ਭਾਗ ਸਿੰਘ ਫੁੱਟਬਾਲ ਅਕੈਡਮੀ ਖਿਆਲਾ ਵਿਚਕਾਰ ਕਰਵਾਏ ਗਏ ਮੁਕਾਬਲੇ ਵਿਚ ਸੰਤ ਬਾਬਾ ਭਾਗ ਸਿੰਘ ਫੁੱਟਬਾਲ ਅਕੈਡਮੀ ਖਿਆਲਾ ਦੀ ਟੀਮ 4-1 ਗੋਲਾਂ ਦੇ ਫਰਕ ਨਾਲ ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਗੜ੍ਹਸ਼ੰਕਰ ਨੂੰ ਹਰਾਕੇ ਜੇਤੂ ਰਹੀ।

ਇਸ ਮੌਕੇ ਟੂਰਨਾਮੈਂਟ ਕਮੇਟੀ ਵਲੋਂ ਡਾ. ਹਰਵਿੰਦਰ ਸਿੰਘ ਬਾਠ, ਪ੍ਰਿੰਸੀਪਲ ਡਾ. ਅਮਨਦੀਪ ਹੀਰਾ, ਯੋਗ ਰਾਜ ਗੰਭੀਰ, ਸਲਿੰਦਰ ਸਿੰਘ ਰਾਣਾ, ਮਹਿੰਦਰ ਸਿੰਘ ਡੀ.ਪੀ.ਈ., ਪ੍ਰਮੋਦ ਰਾਣਾ ਸਾਬਕਾ ਸਰਪੰਚ, ਅਮਰੀਕ ਸਿੰਘ ਸੈਂਹਬੀ, ਡਾ. ਦਿਨੇਸ਼ ਕੁਮਾਰ, ਪਰਮਿੰਦਰ ਸਿੰਘ ਸੁਪਰਡੈਂਟ, ਨਿਰਮਲ ਸਿੰਘ, ਪ੍ਰਿੰਸੀਪਲ ਦਰਬਾਰਾ ਸਿੰਘ, ਗਗਨਦੀਪ ਥਾਂਦੀ, ਕਿਸ਼ਨ ਚੰਦ, ਭੀਮ ਸਿੰਘ ਰਾਣਾ, ਹਰਦੀਪ ਸਿੰਘ ਗਿੱਲ ਕੋਚ, ਤਰਲੋਚਨ ਸਿੰਘ ਗੋਲੀਆਂ ਤੇ ਹੋਰ ਹਾਜ਼ਰ ਹੋਏ।

# ਕਿਰਤੀ ਕਿਸਾਨ ਯੂਨੀਅਨ ਨੇ ਕੇਂਦਰ ਸਰਕਾਰ ਵੱਲੋਂ ਹਾੜ੍ਹੀ ਦੀਆਂ ਫ਼ਸਲਾਂ ਖਾਸ ਕਰਕੇ ਕਣਕ ਦੇ ਭਾਅ ਵਿਚ ਕੀਤੇ ਬਹੁਤ ਘੱਟ ਵਾਧੇ ਦੀ ਸਖ਼ਤ ਨਿਖੇਧੀ

**ਪੈ.ਗਾਮ-ਏ-ਜਗਤ**
**ਗੜ੍ਹਸ਼ੰਕਰ, 1 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)**

ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਹਰਮੇਸ਼ ਸਿੰਘ ਢੇਸੀ ਅਤੇ ਜ਼ਿਲ੍ਹਾ ਸਕੱਤਰ ਕੁਲਵਿੰਦਰ ਸਿੰਘ ਚਾਹਲ ਨੇ ਕਿਹਾ ਕਿ ਇਕ ਪਾਸੇ ਡੀਜ਼ਲ, ਖਾਦ ਅਤੇ ਕੀਟਨਾਸਕ ਦਵਾਈਆਂ ਦੀਆਂ ਕੀਮਤਾਂ ਵਿੱਚ ਅਥਾਹ ਵਾਧਾ ਕਰ ਦਿੱਤਾ ਹੈ ਪਰ ਕਣਕ ਦੇ ਭਾਅ ਵਿਚ 1% ਤੋਂ ਵੀ ਘੱਟ ਵਾਧਾ ਕੀਤਾ ਗਿਆ ਹੈ, ਜਦੋਂ ਕਿ ਕਿਸਾਨਾਂ ਨਾਲ ਸਰਾਸਰ ਬੇਇਨਸਾਫ਼ੀ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਮੋਦੀ ਸਰਕਾਰ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੀਆਂ ਡੀਂਗਾਂ ਮਾਰ ਰਹੀ ਹੈ ਪਰ ਕਣਕ ਦੇ ਭਾਅ ਵਿਚ ਕੀਤੇ ਵਾਧੇ ਨਾਲ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਸਾਹਮਣੇ ਆ ਗਿਆ ਹੈ। ਉਹਨਾਂ ਕਿਹਾ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਖੇਤੀ ਘਾਟੇ ਦਾ ਸੌਦਾ ਬਣਦੀ ਜਾ ਰਹੀ ਹੈ, ਜਿਸ ਕਰਕੇ ਕਿਸਾਨਾਂ ਵਿੱਚ ਸਰਕਾਰ ਵਿਰੁੱਧ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਸਮੂਹ ਲੋਕਾਂ ਨੂੰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਇਕੱਠੇ ਹੋਣ ਦਾ ਸੱਦਾ ਦਿੱਤਾ।

# ਐੱਸ.ਆਈ.ਆਰ: ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 08.10.2026 ਤਕ

*ਸੰਗਰੂਰ, 01 ਅਕਤੂਬਰ (ਪੈਗ਼ਾਮ-ਏ-ਜਗਤ)*

*ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ, ਸ਼੍ਰੀਮਤੀ ਪੂਨਮਦੀਪ ਕੌਰ, ਨੇ ਦੱਸਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ ਤਹਿਤ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਮਿਤੀ 08.10.2026 ਤਕ ਕੀਤਾ ਜਾਣਾ ਹੈ। ਵੋਟਰਾਂ ਦੀ ਸਹਾਇਤਾ ਕਰਨ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਅਤੇ ਚਿੰਤਾਵਾਂ ਦਾ ਹੱਲ ਕਰਨ ਲਈ ਜ਼ਿਲ੍ਹਾ ਚੋਣ ਦਫਤਰ ਅਤੇ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ। ਜ਼ਿਲ੍ਹਾ ਸੰਗਰੂਰ ਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ ਦੇ ਤੀਜੇ ਪੜਾਅ ਤਹਿਤ ਨੋਟਿਸ ਫੇਜ਼ ਦੀ ਪ੍ਰਕਿਰਿਆ 100 ਫੀਸਦੀ ਪੂਰੀ ਹੋ ਚੁੱਕੀ ਹੈ। ਸ਼੍ਰੀਮਤੀ ਪੂਨਮਦੀਪ ਕੌਰ ਨੇ ਕਿਹਾ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਪੂਰੀ ਚੋਣ ਮਸ਼ੀਨਰੀ ਦੇ ਸਹਿਯੋਗ ਨਾਲ ਐੱਸ.ਆਈ.ਆਰ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਸਮੇਂ ਸਿਰ ਮੁਕੰਮਲ ਕੀਤਾ ਗਿਆ ਹੈ।*

# ਕੀ ਸਰਕਾਰ ਪੰਜਾਬ ਦੀ ਆਉਣ ਵਾਲੀ ਜਵਾਨੀ ਨੂੰ ਡਾਕਟਰ ਇੰਜੀਨੀਅਰ ਜਾਂ ਖਿਡਾਰੀ ਦੀ ਜਗ੍ਹਾ ਸ਼ਰਾਬੀ ਬਣਾਉਣਾ ਚਾਹੁੰਦੀ ਹੈ :ਜਸਵੀਰ ਸਿੰਘ ਪੁਰਖੋਵਾਲ

**ਪੈ.ਗਾਮ-ਏ-ਜਗਤ**
**ਗੜ੍ਹਸ਼ੰਕਰ (ਗੰਗੜ)**



ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਜਸਵੀਰ ਸਿੰਘ ਨੇ ਦੱਸਿਆ ਕਿ ਸਿੱਖਿਆ ਦੀਆਂ ਗੱਲਾਂ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਗੜ੍ਹਸ਼ੰਕਰ ਵਿੱਚ ਕੋਈ ਵੀ ਸਰਕਾਰੀ ਸਕੂਲ ਜਾਂ ਕਾਲਜ ਅਤੇ ਨਾ ਹੀ ਕੋਈ ਤਕਨੀਕੀ ਸਿੱਖਿਆ ਦਾ ਅਦਾਰਾ ਖੋਲ੍ਹਿਆ, ਬਲਕਿ ਪਹਿਲੀਆਂ ਸਰਕਾਰਾਂ ਸਮੇਂ ਖੋਲੇ ਸਕੂਲਾਂ ਵਿੱਚ ਵੀ ਅਧਿਆਪਕਾਂ ਦੀ ਘਾਟ ਕਾਰਨ ਸਕੂਲ ਬੰਦ ਹੋਣ ਦੀ ਕਗਾਰ 'ਤੇ ਹਨ। ਇਸੇ ਤਰ੍ਹਾਂ ਸਰਕਾਰ ਨੇ ਖਿਡਾਰੀਆਂ ਲਈ ਵੀ ਕੋਈ ਸਰਕਾਰੀ ਕੋਚਿੰਗ ਸੈਂਟਰ ਨਹੀਂ ਖੋਲ੍ਹਿਆ, ਜਦੋਂ ਕਿ ਸਾਡਾ ਏਰੀਆ ਨੀਮ ਪਹਾੜੀ ਹੋਣ ਕਰਕੇ ਨੌਜਵਾਨਾਂ ਦਾ ਸਟੈਮਿਨਾ ਦੂਜੇ ਇਲਾਕਿਆਂ ਨਾਲੋਂ ਜ਼ਿਆਦਾ ਹੈ।

ਦੂਜੇ ਪਾਸੇ ਜੇ ਗੱਲ ਸ਼ਰਾਬ ਦੇ ਠੇਕਿਆਂ ਦੀ ਕਰੀਏ ਤਾਂ ਗਿਣਤੀ ਦਿਨੋ-ਦਿਨ ਵੱਧ ਰਹੀ ਹੈ। ਲੱਗਦਾ ਹੈ ਕਿ ਸਰਕਾਰ ਬੱਚਿਆਂ ਨੂੰ ਪਲੇਅਰ, ਡਾਕਟਰ, ਇੰਜੀਨੀਅਰ ਬਣਾਉਣ ਦੀ ਬਜਾਏ ਸ਼ਰਾਬੀ ਬਣਾਉਣਾ ਚਾਹੁੰਦੀ ਹੈ। ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਜਿੱਥੇ ਗੜ੍ਹਸ਼ੰਕਰ ਦਾ ਸਰਕਾਰੀ ਹਸਪਤਾਲ ਡਾਕਟਰਾਂ, ਐਂਬੂਲੈਂਸਾਂ ਅਤੇ ਹੋਰ ਜ਼ਰੂਰੀ ਤਕਨੀਕ ਦੀ ਕਮੀ ਕਾਰਨ ਲੋਕਾਂ ਨੂੰ ਸਹੂਲਤ ਪ੍ਰਦਾਨ ਕਰਨ ਯੋਗ ਨਹੀਂ ਹੈ।

ਉਨ੍ਹਾਂ ਕਿਹਾ ਕਿ ਹੋਰ ਸੂਬਿਆਂ ਦੀ ਤਰਜ਼ 'ਤੇ ਖੇਡਾਂ ਲਈ ਵਧੀਆ ਪ੍ਰਬੰਧ ਕੀਤੇ ਜਾਣ ਅਤੇ ਗੜ੍ਹਸ਼ੰਕਰ ਨੂੰ ਤਕਨੀਕੀ ਸਿੱਖਿਆ ਦੇ ਮਿਆਰ ਨੂੰ ਹੋਰ ਬਿਹਤਰ ਬਣਾਇਆ ਜਾਣਾ ਚਾਹੀਦਾ ਸੀ, ਪਰ ਸਰਕਾਰ ਨੂੰ ਨੌਜਵਾਨੀ ਦਾ ਕੋਈ ਫ਼ਿਕਰ ਹੀ ਨਹੀਂ ਹੈ।

# ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਜਿੰਪਾ ਤੇ ਡਿਪਟੀ ਕਮਿਸ਼ਨਰ ਨੇ ਹੁਸ਼ਿਆਰਪੁਰ ਦਾਣਾ ਮੰਡੀ 'ਚ ਕਰਵਾਈ ਝੋਨੇ ਦੀ ਖਰੀਦ ਦੀ ਸ਼ੁਰੂਆਤ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ, 01 ਅਕਤੂਬਰ**
**(ਦਲਜੀਤ ਅਜਨੋਹਾ)**



ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਦਾਣਾ ਮੰਡੀ ਹੁਸ਼ਿਆਰਪੁਰ ਵਿੱਚ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਨੇ ਪਿੰਡ ਰਾਜਪੁਰ ਭਾਈਆਂ ਦੇ ਕਿਸਾਨ ਸੁਖਵਿੰਦਰ ਸਿੰਘ ਦੀ ਢੇਰੀ ਤੋਂ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਅਤੇ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਅੱਜ ਝੋਨੇ ਦੀ ਖਰੀਦ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਝੋਨੇ ਦੀ ਖਰੀਦ ਲਈ ਸਰਕਾਰ ਨੂੰ 43,786 ਕਰੋੜ ਰੁਪਏ ਦੀ ਸੀ.ਸੀ.ਐਲ. ਲਿਮਿਟ ਪ੍ਰਾਪਤ ਹੋ ਚੁੱਕੀ ਹੈ ਅਤੇ ਖਰੀਦ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਲੋੜੀਂਦੀ ਮਾਤਰਾ ਵਿੱਚ ਬਾਰਦਾਨਾ ਉਪਲਬਧ ਹੈ ਅਤੇ ਜ਼ਿਲ੍ਹੇ ਵਿੱਚ ਨਿਰਧਾਰਤ ਖਰੀਦ ਟੀਚਾ ਪੂਰਾ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਖਰੀਦੇ ਗਏ ਝੋਨੇ ਦੀ ਸਮੇਂ ਸਿਰ ਲਿਫਟਿੰਗ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਨਮੀ ਦੇ ਮਾਪਦੰਡਾਂ ਅਨੁਸਾਰ ਸੁੱਕਾ ਝੋਨਾ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀ ਫ਼ਸਲ ਦੀ ਖਰੀਦ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਹੋ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਉਚਿਤ ਮੁੱਲ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਂਦੇ ਹੋਏ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਾਲ 2025-26 ਦੌਰਾਨ ਜ਼ਿਲ੍ਹੇ ਵਿੱਚ 3,23,524 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਸੀ, ਜਦਕਿ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੀਆਂ 65 ਰੈਗੂਲਰ ਅਤੇ 13 ਆਰਜ਼ੀ ਮੰਡੀਆਂ ਵਿੱਚ ਕਰੀਬ 4,15,000 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਡੀ ਹੁਸ਼ਿਆਰਪੁਰ ਵਿੱਚ ਪਿਛਲੇ ਸਾਲ 12,421 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਸੀ, ਜਦਕਿ ਇਸ ਵਾਰ ਕਰੀਬ 16,458 ਮੀਟ੍ਰਿਕ ਟਨ ਖਰੀਦ ਹੋਣ ਦਾ ਅਨੁਮਾਨ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਖਰੀਦ ਸਬੰਧੀ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਸਾਰੀਆਂ ਮੰਡੀਆਂ ਵਿੱਚ ਬਾਰਦਾਨਾ ਪਹੁੰਚ ਚੁੱਕਾ ਹੈ ਅਤੇ ਇਸ ਦੀ ਕੋਈ ਕਮੀ ਨਹੀਂ ਹੈ। ਲੇਬਰ ਅਤੇ ਢੋਆ-ਢੁਆਈ ਦੇ ਟੈਂਡਰ ਵੀ ਪਹਿਲਾਂ ਹੀ ਫਾਈਨਲ ਕੀਤੇ ਜਾ ਚੁੱਕੇ ਹਨ। ਖਰੀਦੇ ਗਏ ਝੋਨੇ ਦੀ 72 ਘੰਟਿਆਂ ਦੇ ਅੰਦਰ ਲਿਫਟਿੰਗ ਯਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਹੀ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀ ਫ਼ਸਲ ਦੀ ਖਰੀਦ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਤੁਰੰਤ ਕੀਤੀ ਜਾ ਸਕੇ।

# ਆਸ਼ਾ ਕਿਰਣ ਸਪੈਸ਼ਲ ਸਕੂਲ ਵਿੱਚ ਸ.ਫਾਈ ਮੁਹਿੰਮ ਚਲਾਈ ਗਈ

**ਪੈ.ਗਾਮ-ਏ-ਜਗਤ/ਹੁਸ਼ਿਆਰਪੁਰ**
**1 ਅਕਤੂਬਰ (ਦਲਜੀਤ ਅਜਨੋਹਾ)**



ਸਫ਼ਾਈ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਸਾਫ਼-ਸੁਥਰੇ ਵਾਤਾਵਰਣ ਦੀ ਮਹੱਤਤਾ ਨੂੰ ਹਰ ਵਿਅਕਤੀ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਜੇਐੱਸਐੱਸ ਆਸ਼ਾ ਕਿਰਣ ਸਪੈਸ਼ਲ ਸਕੂਲ ਅਤੇ ਡਿਪਲੋਮਾ ਇੰਸਟੀਚਿਊਟ ਵੱਲੋਂ ਸਫ਼ਾਈ ਮੁਹਿੰਮ ਦਾ ਆਯੋਜਨ ਕੀਤਾ ਗਿਆ। ਮੁਹਿੰਮ ਦੌਰਾਨ ਡਿਪਲੋਮਾ ਇੰਸਟੀਚਿਊਟ ਦੇ ਵਿਦਿਆਰਥੀਆਂ ਦੇ ਨਾਲ ਵਿਸ਼ੇਸ਼ ਬੱਚਿਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ ਅਤੇ ਸਫ਼ਾਈ ਦਾ ਸੁਨੇਹਾ ਦਿੱਤਾ।

ਮੁਹਿੰਮ ਤਹਿਤ ਵਿਦਿਆਰਥੀਆਂ ਨੇ ਸਕੂਲ ਦੇ ਗਰਾਊਂਡ, ਵਿਹੜੇ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਸਫ਼ਾਈ ਕੀਤੀ। ਵਿਦਿਆਰਥੀਆਂ ਨੇ ਲੋਕਾਂ ਨੂੰ ਨਿੱਜੀ ਸਫ਼ਾਈ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸਾਫ਼ ਰੱਖਣ, ਕੂੜਾ ਨਿਰਧਾਰਤ ਥਾਂ 'ਤੇ ਸੁੱਟਣ ਅਤੇ ਜਨਤਕ ਥਾਵਾਂ 'ਤੇ ਗੰਦਗੀ ਨਾ ਫੈਲਾਉਣ ਲਈ ਪ੍ਰੇਰਿਤ ਕੀਤਾ।

ਵਿਸ਼ੇਸ਼ ਬੱਚਿਆਂ ਨੇ ਆਪਣੀ ਸਮਰੱਥਾ ਅਨੁਸਾਰ ਸਫ਼ਾਈ ਗਤੀਵਿਧੀਆਂ ਵਿੱਚ ਭਾਗ ਲੈ ਕੇ ਸਮਾਜਿਕ ਜ਼ਿੰਮੇਵਾਰੀ ਅਤੇ ਭਾਗੀਦਾਰੀ ਦਾ ਸੁਨੇਹਾ ਦਿੱਤਾ। ਇਸ ਦੌਰਾਨ ਵਿਦਿਆਰਥੀਆਂ ਨੇ ਕਿਹਾ ਕਿ ਸਫ਼ਾਈ ਸਿਰਫ਼ ਕਿਸੇ ਇੱਕ ਵਿਅਕਤੀ, ਸੰਸਥਾ ਜਾਂ ਵਿਭਾਗ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਸਮਾਜ ਦੇ ਹਰੇਕ ਨਾਗਰਿਕ ਦਾ ਫਰਜ਼ ਹੈ। ਸਫ਼ਾਈ ਨੂੰ ਆਪਣੀਆਂ ਰੋਜ਼ਾਨਾ ਦੀਆਂ ਆਦਤਾਂ ਦਾ ਹਿੱਸਾ ਬਣਾ ਕੇ ਹੀ ਸਿਹਤਮੰਦ ਅਤੇ ਸਾਫ਼-ਸੁਥਰਾ ਵਾਤਾਵਰਣ ਤਿਆਰ ਕੀਤਾ ਜਾ ਸਕਦਾ ਹੈ।

ਮੁਹਿੰਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਫ਼ਾਈ ਪ੍ਰਤੀ ਜ਼ਿੰਮੇਵਾਰੀ, ਅਨੁਸ਼ਾਸਨ ਅਤੇ ਸਕਾਰਾਤਮਕ ਆਦਤਾਂ ਦਾ ਵਿਕਾਸ ਕਰਨਾ ਵੀ ਰਿਹਾ। ਪ੍ਰੋਗਰਾਮ ਦੌਰਾਨ ਦੱਸਿਆ ਗਿਆ ਕਿ ਸਵੱਛ ਭਾਰਤ ਮੁਹਿੰਮ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2 ਅਕਤੂਬਰ 2014 ਨੂੰ ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਕੀਤੀ ਸੀ। ਇਸ ਮੌਕੇ ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਪ੍ਰਿੰਸੀਪਲ ਹਰਬੰਸ ਸਿੰਘ, ਪ੍ਰਿੰਸੀਪਲ ਸ਼ੈਲੀ ਸ਼ਰਮਾ, ਲੋਕੇਸ਼ ਖੰਨਾ, ਰਾਮ ਆਸਰਾ, ਕੋਰਸ ਕੋਆਰਡੀਨੇਟਰ ਰਵਿੰਦਰ ਕੁਮਾਰ, ਪ੍ਰੇਮ ਕੁਮਾਰ ਅਤੇ ਵਾਈਸ ਪ੍ਰਿੰਸੀਪਲ ਇੰਦੂ ਬਾਲਾ ਸਮੇਤ ਸਟਾਫ਼ ਮੈਂਬਰ ਮੌਜੂਦ ਰਹੇ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਇ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

# ਵੈਟਨਰੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਸਾਹਿਤਕ ਸਮਾਗਮ ਵਿੱਚ ਕੀਤਾ ਉਮਦਾ ਪ੍ਰਦਰਸ਼ਨ

**ਲੁਧਿਆਣਾ, 01 ਅਕਤੂਬਰ (ਪੈ.ਗ਼ਾਮ-ਏ-ਜਗਤ)**



ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਕਾਲਜ ਆਫ਼ ਐਨੀਮਲ ਬਾਇਓਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਆਯੋਜਿਤ ਇੱਕ ਸਾਹਿਤਕ ਸਮਾਗਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਯੂਨੀਵਰਸਿਟੀ ਦਾ ਨਾਂ ਰੌਸ਼ਨ ਕੀਤਾ।

ਕਾਲਜ ਦੇ ਡੀਨ, ਡਾ. ਰਾਮ ਸਰਨ ਸੇਠੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਹਿਤਕ ਗਤੀਵਿਧੀਆਂ ਆਤਮ-ਵਿਸ਼ਵਾਸ, ਵਿਸ਼ਲੇਸ਼ਣਾਤਮਕ ਸੋਚ, ਸੰਚਾਰ ਅਤੇ ਅਗਵਾਈ ਦੇ ਹੁਨਰ ਨੂੰ ਵਿਕਸਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦੀਆਂ ਹਨ। ਡਾ. ਸੇਠੀ ਨੇ ਦੱਸਿਆ ਕਿ ਇਹ ਸਮਾਗਮ 'ਡਾ. ਸੁਰਜੀਤ ਪਾਤਰ ਚੇਅਰ' ਅਤੇ 'ਯੂਨੀਵਰਸਿਟੀ ਸਪੀਕਰਜ਼ ਫੋਰਮ, ਪੀਏਯੂ ਦੀ ਸਰਪ੍ਰਸਤੀ ਅਤੇ ਸਹਿਯੋਗ ਅਧੀਨ ਕਰਵਾਇਆ ਗਿਆ ਸੀ, ਜਿਸ ਵਿੱਚ ਪੀਏਯੂ ਅਤੇ ਵੈਟਨਰੀ ਯੂਨੀਵਰਸਿਟੀ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਬਹਿਸ ਅਤੇ ਭਾਸ਼ਣ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਆਪਣੇ ਜਨਤਕ ਭਾਸ਼ਣਕਾਰੀ ਦੇ ਹੁਨਰ, ਪ੍ਰਗਟਾਵੇ ਦੀ ਸ਼ੈਲੀ ਅਤੇ ਬੌਧਿਕ ਸਮਝ ਦਾ ਪ੍ਰਦਰਸ਼ਨ ਕੀਤਾ।

ਭਾਸ਼ਣ ਮੁਕਾਬਲੇ ਵਿੱਚ, ਬੀ.ਟੈਕ. ਬਾਇਓਟੈਕਨਾਲੋਜੀ ਦੇ ਦੂਜੇ ਸਾਲ ਦੀ ਵਿਦਿਆਰਥਣ ਮਿਹਰਪ੍ਰੀਤ ਕੌਰ ਜੇਤੂ ਰਹੀ; ਉਸਨੇ ਆਪਣੇ ਭਰੋਸੇਮੰਦ ਅੰਦਾਜ਼, ਪ੍ਰਭਾਵਸ਼ਾਲੀ ਪ੍ਰਗਟਾਵੇ ਅਤੇ ਵਿਸ਼ੇ 'ਤੇ ਪਕੜ ਨਾਲ ਨਿਰਣਾਇਕ ਮੰਡਲ ਨੂੰ ਪ੍ਰਭਾਵਿਤ ਕੀਤਾ। ਬਹਿਸ ਮੁਕਾਬਲੇ ਵਿੱਚ, ਬੀ.ਟੈਕ. ਬਾਇਓਟੈਕਨਾਲੋਜੀ ਦੇ ਆਖਰੀ ਸਾਲ ਦੇ ਵਿਦਿਆਰਥੀ ਕੁਸ਼ਾਲ ਬੱਤਰਾ ਅਤੇ ਤੀਜੇ ਸਾਲ ਦੀ ਵਿਦਿਆਰਥਣ ਸ਼ਰੁਤੀ ਰਲਹਨ ਨੇ 'ਫਸਟ ਰਨਰ-ਅੱਪ' (ਦੂਜਾ ਸਥਾਨ) ਦਾ ਖਿਤਾਬ ਹਾਸਲ ਕੀਤਾ। ਸ਼ਰੁਤੀ ਰਲਹਨ ਨੂੰ ਸਮਾਗਮ ਦੇ 'ਸਰਵੋਤਮ ਬਹਿਸਕਾਰ' ਵਜੋਂ ਵੀ ਚੁਣਿਆ ਗਿਆ। ਵਿਦਿਆਰਥੀਆਂ ਨੂੰ ਡਾ. ਪ੍ਰੀਤੀਮਾਨ ਕੌਰ ਅਤੇ ਸ੍ਰੀ ਤਰੁਣ ਕਪੂਰ ਦੁਆਰਾ ਸੇਧ ਦਿੱਤੀ ਗਈ ਸੀ, ਜਿਨ੍ਹਾਂ ਦੀ ਅਗਵਾਈ ਨੇ ਵਿਦਿਆਰਥੀਆਂ ਦੀ ਤਿਆਰੀ ਅਤੇ ਸਫਲਤਾ ਵਿੱਚ ਅਹਿਮ ਯੋਗਦਾਨ ਪਾਇਆ।

ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਪੜ੍ਹਾਈ ਤੋਂ ਇਲਾਵਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।

# ਵੈਲਫੇਅਰ ਸੋਸਾਇਟੀ ਸੰਤ ਨਗਰ ਵੱਲੋਂ ਪ੍ਰਧਾਨ ਨੂੰ ਅਹੁਦੇ ਤੋਂ ਹਟਾਉਣ ਦਾ ਫੈਸਲਾ

**ਜਲੰਧਰ, 30 ਸਤੰਬਰ (ਪੈ.ਗ਼ਾਮ-ਏ-ਜਗਤ)**




ਸੰਤ ਨਗਰ, ਲਾਡੋਵਾਲੀ ਰੋਡ, ਜਲੰਧਰ ਸਥਿਤ ਵੈਲਫੇਅਰ ਸੋਸਾਇਟੀ ਦੀ ਇੱਕ ਜ਼ਰੂਰੀ ਮੀਟਿੰਗ 30 ਸਤੰਬਰ 2026 ਨੂੰ ਹੋਈ। ਮੀਟਿੰਗ ਵਿੱਚ ਸੋਸਾਇਟੀ ਦੇ ਚੇਅਰਮੈਨ, ਜਨਰਲ ਸਕੱਤਰ, ਵਾਈਸ ਪ੍ਰਧਾਨ, ਕੈਸ਼ੀਅਰ, ਸਲਾਹਕਾਰਾਂ ਅਤੇ ਹੋਰ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਸੋਸਾਇਟੀ ਦੇ ਪ੍ਰਧਾਨ ਸਰਦਾਰ ਬਲਦੇਵ ਸਿੰਘ ਦੀ ਕਾਰਗੁਜ਼ਾਰੀ ਅਤੇ ਸੋਸਾਇਟੀ ਦੇ ਕੰਮਕਾਜ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੈਂਬਰਾਂ ਵੱਲੋਂ ਦੋਸ਼ ਲਗਾਇਆ ਗਿਆ ਕਿ ਪ੍ਰਧਾਨ ਵੱਲੋਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਢੰਗ ਨਾਲ ਨਹੀਂ ਨਿਭਾਇਆ ਗਿਆ ਅਤੇ ਪਿਛਲੇ ਲਗਭਗ ਪੰਜ ਸਾਲਾਂ ਤੋਂ ਸੋਸਾਇਟੀ ਦੀਆਂ ਚੋਣਾਂ ਨਹੀਂ ਕਰਵਾਈਆਂ ਗਈਆਂ।

ਮੀਟਿੰਗ ਵਿੱਚ ਸੋਸਾਇਟੀ ਦੇ ਵਿੱਤੀ ਮਾਮਲਿਆਂ, ਬੈਂਕ ਖਾਤਿਆਂ ਅਤੇ ਸਰਕਾਰੀ ਫੰਡਾਂ ਦੀ ਵਰਤੋਂ ਸਬੰਧੀ ਵੀ ਸਵਾਲ ਉਠਾਏ ਗਏ। ਮੈਂਬਰਾਂ ਨੇ ਮੰਗ ਕੀਤੀ ਕਿ ਸੋਸਾਇਟੀ ਨੂੰ ਪ੍ਰਾਪਤ ਫੰਡਾਂ ਅਤੇ ਉਨ੍ਹਾਂ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਦਾ ਪੂਰਾ ਹਿਸਾਬ-ਕਿਤਾਬ ਮੈਂਬਰਾਂ ਦੇ ਸਾਹਮਣੇ ਪਾਰਦਰਸ਼ੀ ਢੰਗ ਨਾਲ ਪੇਸ਼ ਕੀਤਾ ਜਾਵੇ।

ਇਸ ਤੋਂ ਇਲਾਵਾ, ਮੈਂਬਰਾਂ ਵੱਲੋਂ ਇਹ ਵੀ ਇਤਰਾਜ਼ ਜਤਾਇਆ ਗਿਆ ਕਿ ਪ੍ਰਧਾਨ ਵੱਲੋਂ ਰਾਜਨੀਤਿਕ ਸਰਗਰਮੀਆਂ ਨਾਲ ਜੁੜੇ ਹੋਣ ਕਾਰਨ ਸੋਸਾਇਟੀ ਦੇ ਨਿਯਮਾਂ ਅਤੇ ਇਸਦੇ ਉਦੇਸ਼ਾਂ ਸਬੰਧੀ ਸਵਾਲ ਖੜ੍ਹੇ ਹੋ ਰਹੇ ਹਨ। ਮੈਂਬਰਾਂ ਨੇ ਅਹੁਦੇ ਦੀ ਕਥਿਤ ਦੁਰਵਰਤੋਂ ਦੇ ਮਾਮਲੇ ਦੀ ਵੀ ਚਰਚਾ ਕੀਤੀ।

ਮੀਟਿੰਗ ਵਿੱਚ ਉਠਾਏ ਗਏ ਇਨ੍ਹਾਂ ਸਾਰੇ ਮਾਮਲਿਆਂ ਨੂੰ ਧਿਆਨ ਵਿੱਚ ਰੱਖਦਿਆਂ ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਨਾਲ ਸਰਦਾਰ ਬਲਦੇਵ ਸਿੰਘ ਨੂੰ ਸੋਸਾਇਟੀ ਦੇ ਪ੍ਰਧਾਨ ਦੇ ਅਹੁਦੇ ਤੋਂ ਤੁਰੰਤ ਪ੍ਰਭਾਵ ਨਾਲ ਹਟਾਉਣ ਦਾ ਫੈਸਲਾ ਕੀਤਾ। ਇਸ ਫੈਸਲੇ 'ਤੇ ਮੌਜੂਦ ਮੈਂਬਰਾਂ ਵੱਲੋਂ ਦਸਤਖ਼ਤ ਕਰਕੇ ਆਪਣੀ ਸਹਿਮਤੀ ਵੀ ਦਰਜ ਕੀਤੀ ਗਈ। ਸੋਸਾਇਟੀ ਦੇ ਮੈਂਬਰਾਂ ਨੇ ਕਿਹਾ ਕਿ ਅੱਗੇ ਤੋਂ ਸੋਸਾਇਟੀ ਦਾ ਸਮੁੱਚਾ ਕੰਮਕਾਜ ਨਿਯਮਾਂ, ਪਾਰਦਰਸ਼ਤਾ, ਜਵਾਬਦੇਹੀ ਅਤੇ ਮੈਂਬਰਾਂ ਦੀ ਸਹਿਮਤੀ ਦੇ ਅਧਾਰ 'ਤੇ ਚਲਾਇਆ ਜਾਵੇਗਾ।

# ਖਿਡਾਰੀਆਂ ਨੂੰ ਪੀੜਤਾਂ ਦੀ ਫਸਟ ਏਡ ਕਰਨ ਦੀ ਟ੍ਰੇਨਿੰਗ ਕਰਵਾਈ, ਕੀਮਤੀ ਜਾਨਾਂ ਬਚਾਉਣ ਲਈ ਬਹੁਤ ਲਾਭਕਾਰੀ : ਰਜਿਸਟ੍ਰਾਰ ਅਜੀਤਾ

**ਪਟਿਆਲਾ, 1 ਅਕਤੂਬਰ (ਪੈ.ਗ਼ਾਮ-ਏ-ਜਗਤ)**




ਪੰਜਾਬੀ ਯੂਨੀਵਰਸਿਟੀ ਵਿਖੇ 38 ਸਾਲਾਂ ਤੋਂ ਚਲ ਰਹੇ ਸਪੋਰਟਸ ਐਂਡ ਸਾਇੰਸ ਵਿਭਾਗ ਵੱਲੋਂ ਹਜ਼ਾਰਾਂ ਖਿਡਾਰੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਦੇ ਹੋਏ ਬੇਹਤਰੀਨ ਟ੍ਰੇਨਿੰਗਾਂ, ਅਭਿਆਸ ਕਰਵਾ ਕੇ ਰਾਸ਼ਟਰੀ, ਅੰਤਰਰਾਸ਼ਟਰੀ ਸਨਮਾਨ ਦਿਵਾਏ ਗਏ ਹਨ ਅਤੇ ਸੈਂਕੜੇ ਕੋਚ, ਫਿਜੀਓਥਰਾਪੀਸਟ ਆਦਿ ਤਿਆਰ ਕੀਤੇ ਗਏ ਹਨ।

ਇਹ ਜਾਣਕਾਰੀ ਯੂਨੀਵਰਸਿਟੀ ਦੇ ਰਜਿਸਟਰਾਰ ਡਾਕਟਰ ਅਜੀਤਾ ਨੇ ਉੱਚ ਅਧਿਕਾਰੀਆਂ ਅਤੇ ਸਟਾਫ਼ ਮੈਂਬਰਾਂ ਅਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੀ। ਉਨ੍ਹਾਂ ਨੇ ਦੱਸਿਆ ਕਿ ਜਦੋਂ ਉਹ ਆਰੀਆਂ ਕੰਨਿਆ ਸਕੂਲ ਵਿਖੇ ਪੜ੍ਹਦੀ ਸੀ ਤਾਂ ਸ਼੍ਰੀ ਕਾਕਾ ਰਾਮ ਵਰਮਾ ਅਤੇ ਇਨ੍ਹਾਂ ਦੇ ਸਾਥੀਆਂ ਵੱਲੋਂ ਉਨ੍ਹਾਂ ਨੂੰ ਮਾਰਚ ਪਾਸਟ ਪਰੇਡ ਅਤੇ ਤਰ੍ਹਾਂ-ਤਰ੍ਹਾਂ ਦੇ ਫਸਟ ਏਡ, ਸੀਪੀਆਰ, ਹੋਮ ਨਰਸਿੰਗ ਮੁਕਾਬਲਿਆਂ ਵਿੱਚ ਚੰਗੇ ਪ੍ਰਦਰਸ਼ਨ ਹਿੱਤ ਇਨਾਮ ਦੇ ਕੇ ਸਨਮਾਨਿਤ ਕਰਵਾਇਆ ਸੀ।

ਇਸ ਮੌਕੇ ਫਸਟ ਏਡ, ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਅਤੇ ਪੰਜਾਬ ਹੋਮ ਗਾਰਡ ਸਿਵਲ ਡਿਫੈਂਸ ਦੇ ਨੋਡਲ ਅਫ਼ਸਰ ਸ਼੍ਰੀ ਮੋਹਨਦੀਪ ਸਿੰਘ ਵੱਲੋਂ ਖਿਡਾਰੀਆਂ ਅਤੇ ਸਟਾਫ਼ ਮੈਂਬਰਾਂ ਨੂੰ ਖੇਡਾਂ ਦੌਰਾਨ ਗਰਾਊਂਡ, ਸੜਕਾਂ, ਕਮਰਿਆਂ ਜਾਂ ਆਪਦਾਵਾਂ ਸਮੇਂ ਅਚਾਨਕ ਵਾਪਰਨ ਵਾਲੀਆਂ ਦੁਰਘਟਨਾਵਾਂ ਸਮੇਂ ਪੀੜਤਾਂ ਨੂੰ ਮਰਨ ਜਾਂ ਅਪਾਹਜ ਹੋਣ ਤੋਂ ਬਚਾਉਣ ਲਈ ਮੌਕੇ 'ਤੇ ਠੀਕ ਫਸਟ ਏਡ, ਸੀਪੀਆਰ, ਰਿਕਵਰੀ ਪੁਜੀਸ਼ਨ, ਵੈਂਟੀਲੇਟਰ ਬਣਾਉਟੀ ਸਾਹ ਕਿਰਿਆ, ਪੱਟੀਆਂ ਫੱਟੀਆਂ ਦੀ ਵਰਤੋਂ, ਮੌਕੇ 'ਤੇ ਹੱਥਾਂ, ਟਾਹਣੀਆਂ, ਚਾਦਰਾਂ, ਕੱਪੜਿਆਂ, ਸੋਟੀਆਂ ਨਾਲ ਸਟਰੈਚਰ ਤਿਆਰ ਕਰਨ ਦੀ ਟ੍ਰੇਨਿੰਗ ਦਿੱਤੀ। ਖਿਡਾਰੀਆਂ ਰਾਹੀਂ ਤਰ੍ਹਾਂ-ਤਰ੍ਹਾਂ ਦੇ ਪ੍ਰੈਕਟਿਕਲ ਕਰਵਾ ਕੇ ਬੇਹੋਸ਼ੀ, ਸਦਮੇ, ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਮਿਰਗੀ, ਸਿਰ ਦੀਆਂ ਸੱਟਾਂ, ਰੀੜ੍ਹ ਦੀ ਹੱਡੀ ਜਾਂ ਲੱਤਾਂ, ਬਾਹਾਂ ਦੀ ਟੁੱਟ, ਖ਼ੂਨ ਵਗਣ ਸਮੇਂ ਮੌਕੇ 'ਤੇ ਠੀਕ ਫਸਟ ਏਡ ਕਰਕੇ ਪੀੜਤਾਂ ਨੂੰ ਮਰਨ ਅਤੇ ਅਪਾਹਜ ਹੋਣ ਤੋਂ ਬਚਾਉਣ ਦੇ ਢੰਗ-ਤਰੀਕੇ ਸਿਖਾਏ।

ਡਾਕਟਰ ਹਰੀਸ਼ ਕੁਮਾਰ, ਡਾਕਟਰ ਪਰਮਵੀਰ ਸਿੰਘ ਅਤੇ ਖਿਡਾਰੀਆਂ ਨੇ ਧੰਨਵਾਦ ਕਰਦੇ ਹੋਏ ਕਾਕਾ ਰਾਮ ਵਰਮਾ ਅਤੇ ਮੋਹਨਦੀਪ ਸਿੰਘ ਦਾ ਸਨਮਾਨ ਕੀਤਾ ਅਤੇ ਦੱਸਿਆ ਕਿ ਫਸਟ ਏਡ, ਸੀਪੀਆਰ ਦੀਆਂ ਟ੍ਰੇਨਿੰਗਾਂ, ਅਭਿਆਸ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਬਚਾਉਣ ਲਈ ਬਹੁਤ ਲਾਭਦਾਇਕ ਸਿੱਧ ਹੋ ਰਹੇ ਹਨ।

# ਪਾਵਰਲਿਫਟਿੰਗ ਵਿੱਚ ਪ੍ਰਭਨੂਰ ਸਿੰਘ ਨੇ ਜਿੱਤਿਆ ਸੋਨ ਤਮਗਾ

**ਜਲੰਧਰ, 1 ਅਕਤੂਬਰ (ਪੈ.ਗ਼ਾਮ-ਏ-ਜਗਤ)**



ਖੇਡਾਂ ਵਤਨ ਪੰਜਾਬ ਦੀਆਂ ਦੇ ਤਹਿਤ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ ਕਰਵਾਏ ਗਏ ਜਲੰਧਰ ਜ਼ਿਲ੍ਹਾ ਪੱਧਰੀ ਪਾਵਰਲਿਫਟਿੰਗ ਸਬ - ਜੂਨੀਅਰ ਮੁਕਾਬਲਿਆਂ ਵਿੱਚ ਸੰਤ ਨਗਰ, ਲਾਡੋਵਾਲੀ ਰੋਡ, ਜਲੰਧਰ ਸ਼ਹਿਰ ਦੇ ਵਸਨੀਕ ਪ੍ਰਭਨੂਰ ਸਿੰਘ, ਪੁੱਤਰ ਕਮਲਜੋਤ ਸਿੰਘ, ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 93 ਕਿਲੋਗ੍ਰਾਮ ਵਰਗ ਵਿੱਚ 450 ਕਿਲੋ ਭਾਰ ਚੱਕ ਕੇ ਸੋਨ ਤਮਗਾ ਹਾਸਲ ਕੀਤਾ।

ਪ੍ਰਭਨੂਰ ਸਿੰਘ ਦੀ ਇਸ ਪ੍ਰਾਪਤੀ ਨਾਲ ਪਰਿਵਾਰ, ਇਲਾਕੇ ਅਤੇ ਜਲੰਧਰ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਦੀ ਇਸ ਉਪਲਬਧੀ ਨੂੰ ਖੇਡਾਂ ਪ੍ਰਤੀ ਸਮਰਪਣ, ਮਿਹਨਤ ਅਤੇ ਲਗਨ ਦਾ ਨਤੀਜਾ ਦੱਸਿਆ ਜਾ ਰਿਹਾ ਹੈ।

ਪਰਿਵਾਰਕ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਨੇ ਪ੍ਰਭਨੂਰ ਸਿੰਘ ਨੂੰ ਇਸ ਸ਼ਾਨਦਾਰ ਜਿੱਤ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਖੇਡ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਪੰਚਕੂਲਾ ਦੇ ਡਾਕਟਰ ਨੇ 7ਵੀਂ 'ਵਰਲਡ ਯੂਨੀਅਨ ਆਫ਼ ਵੂੰਡ ਹੀਲਿੰਗ ਸੋਸਾਇਟੀਜ਼ ਕਾਂਗਰਸ' ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ

**ਪੰਚਕੂਲਾ, (ਪੈ.ਗ਼ਾਮ-ਏ-ਜਗਤ)**




ਮਲੇਸ਼ੀਆ ਦੇ ਕੁਆਲਾਲੰਪੁਰ ਕਨਵੈਨਸ਼ਨ ਸੈਂਟਰ ਵਿੱਚ ਆਯੋਜਿਤ 7ਵੀਂ 'ਵਰਲਡ ਯੂਨੀਅਨ ਆਫ਼ ਵੂੰਡ ਹੀਲਿੰਗ ਸੋਸਾਇਟੀਜ਼ ਕਾਂਗਰਸ 2026' ਵਿੱਚ ਪਾਰਕ ਹੌਸਪੀਟਲ ਪੰਚਕੂਲਾ ਦੇ ਐਸੋਸੀਏਟ ਡਾਇਰੈਕਟਰ - ਸਰਜਰੀ, ਡਾ. ਆਰ.ਕੇ. ਬੱਤਰਾ ਨੇ ਭਾਰਤ ਦੀ ਨੁਮਾਇੰਦਗੀ ਕੀਤੀ। 'ਵੂੰਡ ਓਲੰਪਿਕਸ' (ਜ਼ਖ਼ਮ ਦੇ ਇਲਾਜ ਦਾ ਓਲੰਪਿਕ) ਵਜੋਂ ਦਰਸਾਏ ਗਏ ਇਸ ਪ੍ਰਮੁੱਖ ਗਲੋਬਲ ਆਯੋਜਨ ਨੇ ਸੰਗਠਨ ਦੀ 25ਵੀਂ ਸਿਲਵਰ ਜੁਬਲੀ ਦਾ ਪ੍ਰਤੀਕ ਪੇਸ਼ ਕੀਤਾ। ਇਸ ਸੰਮੇਲਨ ਵਿੱਚ 100 ਤੋਂ ਵੱਧ ਦੇਸ਼ਾਂ ਦੇ 5,000 ਤੋਂ ਵੱਧ ਡਾਕਟਰਾਂ, ਖੋਜਕਰਤਾਵਾਂ ਅਤੇ ਨੀਤੀ ਘਾੜਿਆਂ ਨੇ ਭਾਗ ਲਿਆ। ਇਹ ਕਾਂਗਰਸ 'ਗਲੋਬਲ ਪੈਰਾਡਾਈਮ ਸ਼ਿਫਟ: ਵੂੰਡ ਕੇਅਰ ਸਪੈਸ਼ਲਿਟੀ ਐਂਡ ਰਿਕੋਗਨਿਸ਼ਨ' (ਵੈਸ਼ਵਿਕ ਪੈਰਾਡਾਈਮ ਬਦਲਾਅ: ਜ਼ਖ਼ਮ ਦੇਖਭਾਲ ਮਾਹਰਤਾ ਅਤੇ ਮਾਨਤਾ) ਵਿਸ਼ੇ ਦੇ ਤਹਿਤ ਇੱਕ ਅਧਿਕਾਰਤ ਮੈਡੀਕਲ ਸਪੈਸ਼ਲਿਟੀ ਵਜੋਂ ਜ਼ਖ਼ਮ ਦੀ ਦੇਖਭਾਲ ਦੀ ਗਲੋਬਲ ਰਸਮੀ ਮਾਨਤਾ ਨੂੰ ਗਤੀ ਦੇਣ 'ਤੇ ਕੇਂਦਰਿਤ ਸੀ।

# ਜਿਹੜੇ ਜੇਲ੍ਹਾਂ ਵਿੱਚ ਆਪਣੀ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਰਤੀਆ ਵਿੱਚ ਰੋਸ ਮਾਰਚ 5 ਅਕਤੂਬਰ ਨੂੰ

**ਰਤੀਆ, 30 ਸਤੰਬਰ (ਪੈ.ਗ਼ਾਮ-ਏ-ਜਗਤ)**



ਜੇਲ੍ਹਾਂ ਵਿੱਚ ਆਪਣੀ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਰਤੀਆ ਦੀ ਸਿੱਖ ਸੰਗਤ ਵੱਲੋਂ 5 ਅਕਤੂਬਰ ਨੂੰ ਸ਼ਹਿਰ ਵਿੱਚ ਸ਼ਾਂਤਮਈ ਪੈਦਲ ਰੋਸ ਮਾਰਚ ਕੱਢਿਆ ਜਾਵੇਗਾ। ਇਸ ਪ੍ਰੋਗਰਾਮ ਦੀਆਂ ਤਿਆਰੀਆਂ ਅਤੇ ਅਗਲੀ ਰੂਪ-ਰੇਖਾ ਨੂੰ ਲੈ ਕੇ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਰਤੀਆ ਵਿਖੇ ਅਹਿਮ ਮੀਟਿੰਗ ਕੀਤੀ ਗਈ।

ਮੀਟਿੰਗ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਸਮੇਤ ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ 5 ਅਕਤੂਬਰ ਨੂੰ ਹੋਣ ਵਾਲੇ ਰੋਸ ਮਾਰਚ ਦੀਆਂ ਤਿਆਰੀਆਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਇੱਕ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜੋ ਵੱਖ-ਵੱਖ ਰੂਟਾਂ 'ਤੇ ਜਾ ਕੇ ਆਸ-ਪਾਸ ਦੇ ਪਿੰਡਾਂ ਵਿੱਚ ਸਥਿਤ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤ ਨਾਲ ਸੰਪਰਕ ਕਰਕੇ ਰੋਸ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕਰੇਗੀ।

ਮੀਟਿੰਗ ਵਿੱਚ ਜਥੇਦਾਰ ਕਾਕਾ ਸਿੰਘ ਲਧੂਵਾਸ, ਜਥੇਦਾਰ ਇਕਬਾਲ ਸਿੰਘ ਖੋਖਰ, ਜਥੇਦਾਰ ਗੁਰਮੇਲ ਸਿੰਘ ਸਹਿਨਾਲ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ) ਨੇ ਕਿਹਾ ਕਿ ਕਈ ਬੰਦੀ ਸਿੰਘ ਆਪਣੀਆਂ ਨਿਰਧਾਰਤ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਪਰ ਇਸ ਦੇ ਬਾਵਜੂਦ ਉਨ੍ਹਾਂ ਦੀ ਰਿਹਾਈ ਨਹੀਂ ਕੀਤੀ ਜਾ ਰਹੀ। ਇਸ ਮੁੱਦੇ ਨੂੰ ਲੈ ਕੇ ਸਿੱਖ ਸੰਗਤ ਵਿੱਚ ਰੋਸ ਹੈ ਅਤੇ ਇਸੇ ਦੇ ਚੱਲਦਿਆਂ 5 ਅਕਤੂਬਰ ਨੂੰ ਸ਼ਾਂਤਮਈ ਰੋਸ ਮਾਰਚ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰੋਸ ਮਾਰਚ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ, ਪੁਰਾਣਾ ਬਾਜ਼ਾਰ ਤੋਂ ਸ਼ੁਰੂ ਹੋ ਕੇ ਤਹਿਸੀਲ ਦਫ਼ਤਰ ਤੱਕ ਜਾਵੇਗਾ। ਇੱਥੇ ਪ੍ਰਸ਼ਾਸਨ ਨੂੰ ਰਾਸ਼ਟਰਪਤੀ ਦੇ ਨਾਮ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨਾਲ ਸਬੰਧਤ ਮੰਗ ਪੱਤਰ ਸੌਂਪਿਆ ਜਾਵੇਗਾ। ਬੁਲਾਰਿਆਂ ਨੇ ਖੇਤਰ ਦੀਆਂ ਸਾਰੀਆਂ ਸਿੱਖ ਜਥੇਬੰਦੀਆਂ, ਨਿਹੰਗ ਜਥੇਬੰਦੀਆਂ, ਧਾਰਮਿਕ ਸੰਸਥਾਵਾਂ ਅਤੇ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ 5 ਅਕਤੂਬਰ ਨੂੰ ਹੋਣ ਵਾਲੇ ਇਸ ਪੈਦਲ ਰੋਸ ਮਾਰਚ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ।

ਮੀਟਿੰਗ ਵਿੱਚ ਜਰਨੈਲ ਸਿੰਘ, ਫਤਿਹ ਸਿੰਘ ਭੁੱਲਰ, ਜਗਸੀਰ ਸਿੰਘ, ਗੁਰਚਰਨ ਸਿੰਘ, ਸਤਨਾਮ ਸਿੰਘ ਲਾਂਬਾ, ਨਿਰਮਲ ਸਿੰਘ ਬਾੜ੍ਹਾ, ਗੁਰਪਿਆਰ ਸਿੰਘ ਬਾੜ੍ਹਾ, ਰੂਪ ਸਿੰਘ ਸਮੇਤ ਗੁਰਦੁਆਰਾ ਸਾਹਿਬ ਦੇ ਮੈਨੇਜਰ ਮੌਜੂਦ ਰਹੇ।

# ਗੁਰੂ ਨਾਨਕ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੇ ਪਿੰਡ ਕਮਾਣਾ ਦੇ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਧਾਰਮਿਕ ਯਾਤਰਾ ਕੀਤੀ

**ਪੈਗ਼ਾਮ-ਏ-ਜਗਤ ਰਤੀਆ, 1 ਅਕਤੂਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**



ਰਤੀਆ ਦੀ ਮੜ੍ਹ ਕਲੋਨੀ ਸਥਿਤ ਗੁਰੂ ਨਾਨਕ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਵਿਦਿਆਰਥੀਆਂ ਨੂੰ ਅਧਿਆਤਮਿਕ ਅਤੇ ਧਾਰਮਿਕ ਕਦਰਾਂ-ਕੀਮਤਾਂ ਨਾਲ ਜਾਣੂ ਕਰਵਾਉਣ ਦੇ ਉਦੇਸ਼ ਨਾਲ ਕੱਲ੍ਹ ਪਿੰਡ ਕਮਾਣਾ ਦੇ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਲਿਜਾਇਆ ਗਿਆ। ਇਸ ਮੌਕੇ ਸਾਰੇ ਵਿਦਿਆਰਥੀਆਂ ਨੇ ਸ਼ਰਧਾ ਨਾਲ ਮੱਥਾ ਟੇਕਿਆ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਧਾਰਮਿਕ ਯਾਤਰਾ ਰਾਹੀਂ ਬੱਚਿਆਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਸੇਵਾ, ਸਿਮਰਨ, ਬਰਾਬਰੀ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਨੂੰ ਸਮਝਣ ਦਾ ਮੌਕਾ ਮਿਲਿਆ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਅਨੁਸ਼ਾਸਨ ਨਾਲ ਇਸ ਯਾਤਰਾ ਵਿੱਚ ਭਾਗ ਲਿਆ। ਇਸ ਮੌਕੇ ਸ਼ਲਿੰਦਰ ਰੋਮੀ ਗੋਸਵਾਮੀ, ਸੋਨੀਆ ਮਦਾਨ ਅਤੇ ਪ੍ਰਿੰਸੀਪਲ ਸ੍ਰੀ ਸੁਸ਼ੀਲ ਕੁਮਾਰ ਦਾ ਵਿਸ਼ੇਸ਼ ਮਾਰਗਦਰਸ਼ਨ ਰਿਹਾ। ਵਿਦਿਆਰਥੀਆਂ ਦੇ ਨਾਲ ਸਕੂਲ ਦੇ ਅਧਿਆਪਕ ਜੋਤੀ ਕੰਬੋਜ, ਕੁਲਵੀਰ ਕੌਰ, ਮੰਜੂ ਮੋਂਗਾ, ਜਸ਼ਨ, ਮਨਪ੍ਰੀਤ, ਆਰਤੀ, ਜਸਵੰਤ, ਮਨਦੀਪ, ਅਲੀਸ਼ਾ ਸਚਦੇਵਾ, ਆਰਤੀ ਅਤੇ ਦੀਪਿਕਾ ਮੌਜੂਦ ਰਹੇ ਅਤੇ ਉਨ੍ਹਾਂ ਨੇ ਬੱਚਿਆਂ ਦੀ ਦੇਖਭਾਲ ਅਤੇ ਮਾਰਗਦਰਸ਼ਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਸਕੂਲ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ, ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਅਧਿਆਤਮਿਕ ਚੇਤਨਾ ਪ੍ਰਦਾਨ ਕਰਨਾ ਹੈ।

# ਬੀਐਸਐਨਐਲ ਨੇ ਆਪਣਾ ਸਥਾਪਨਾ ਦਿਵਸ ਮਨਾਇਆ

**ਪੈ.ਗ਼ਾਮ-ਏ-ਜਗਤ/ਅੰਬਾਲਾ, 1 ਅਕਤੂਬਰ (ਆਰ.ਸਿੰਘ)**




ਬੀਐਸਐਨਐਲ ਨੇ ਅੱਜ ਆਪਣਾ 26ਵਾਂ ਸਥਾਪਨਾ ਦਿਵਸ ਮਨਾਇਆ। ਇਸ ਮੌਕੇ 'ਤੇ, ਹਰਿਆਣਾ ਟੈਲੀਕਾਮ ਸਰਕਲ ਦੇ ਮੁੱਖ ਜਨਰਲ ਮੈਨੇਜਰ (ਸੀਜੇਐਮ) ਸੁਰੇਸ਼ ਕੁਮਾਰ ਨੇ ਬੀਐਸਐਨਐਲ ਦੀਆਂ ਸੇਵਾਵਾਂ ਅਤੇ ਗਾਹਕਾਂ ਲਈ ਪੇਸ਼ ਕੀਤੀਆਂ ਜਾ ਰਹੀਆਂ ਨਵੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬੀਐਸਐਨਐਲ ਦਾ ਮੁੱਖ ਟੀਚਾ ਜਨਤਾ ਨੂੰ ਕਿਫ਼ਾਇਤੀ, ਪਾਰਦਰਸ਼ੀ ਅਤੇ ਉੱਤਮ ਦੂਰਸੰਚਾਰ ਸੇਵਾਵਾਂ ਪ੍ਰਦਾਨ ਕਰਨਾ ਹੈ। ਸਥਾਪਨਾ ਦਿਵਸ ਦੇ ਮੌਕੇ 'ਤੇ ਮੁੱਖ ਜਨਰਲ ਮੈਨੇਜਰ ਸੁਰੇਸ਼ ਕੁਮਾਰ ਨੇ ਦੋ ਨਵੇਂ ਉਤਪਾਦ ਲਾਂਚ ਕੀਤੇ। ਉਨ੍ਹਾਂ ਕਿਹਾ ਕਿ ਪਹਿਲਾ ਉਤਪਾਦ 202 ਰੁਪਏ ਦਾ ਟੈਰਿਫ਼ ਵਾਊਚਰ ਹੈ। ਇਹ ਵਾਊਚਰ ਗਾਹਕਾਂ ਨੂੰ 10,000 ਰੁਪਏ ਤੱਕ ਦਾ ਸਾਈਬਰ ਧੋਖਾਧੜੀ ਬੀਮਾ ਪ੍ਰਦਾਨ ਕਰੇਗਾ। ਦੂਜਾ ਉਤਪਾਦ 2,499 ਰੁਪਏ ਦਾ ਸਾਲਾਨਾ ਪਲਾਨ ਹੈ ਜਿਸ ਵਿਚ 1 ਲੱਖ ਰੁਪਏ ਦਾ ਦੁਰਘਟਨਾ ਬੀਮਾ ਸ਼ਾਮਲ ਹੈ। ਇਸ ਤੋਂ ਇਲਾਵਾ ਗਾਹਕਾਂ ਨੂੰ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਪਸੰਦਾਂ ਦੇ ਆਧਾਰ 'ਤੇ ਹਰ ਮਹੀਨੇ ਆਪਣੀਆਂ ਯੋਜਨਾਵਾਂ ਨੂੰ ਐਡਜਸਟ ਕਰਨ ਲਈ ਟੋਕਨ ਪ੍ਰਦਾਨ ਕੀਤੇ ਜਾਣਗੇ। ਇਸ ਨਾਲ ਗਾਹਕਾਂ ਨੂੰ ਆਪਣੀਆਂ ਜ਼ਰੂਰਤਾਂ ਅਨੁਸਾਰ ਬਦਲਾਅ ਕਰਦੇ ਹੋਏ ਇੱਕ ਸਿੰਗਲ ਪਲਾਨ ਦੀਆਂ ਵਿਸ਼ੇਸ਼ਤਾਵਾਂ ਦੀ ਵਰਤੋਂ ਕਰਨ ਦੀ ਆਗਿਆ ਮਿਲੇਗੀ।

ਮੁੱਖ ਜਨਰਲ ਮੈਨੇਜਰ ਨੇ ਇਹ ਵੀ ਦੱਸਿਆ ਕਿ ਬੀਐਸਐਨਐਲ ਐਫਟੀਟੀਐਚ ਗਾਹਕਾਂ ਲਈ ਓਟੀਟੀ ਪਲਾਨਾਂ ਵਿੱਚ ਇੱਕ ਨਵੀਂ ਵਿਸ਼ੇਸ਼ਤਾ ਪੇਸ਼ ਕਰ ਰਿਹਾ ਹੈ। ਇਸ ਦੇ ਤਹਿਤ ਗਾਹਕ ਟੋਕਨ ਸਿਸਟਮ ਰਾਹੀਂ ਆਪਣੇ ਪਸੰਦੀਦਾ ਓਟੀਟੀ ਪਲਾਨ ਨੂੰ ਚੁਣਨ ਅਤੇ ਬਦਲਣ ਦੇ ਯੋਗ ਹੋਣਗੇ। ਟੋਕਨ ਦੀ ਵੈਧਤਾ ਇੱਕ ਮਹੀਨੇ ਦੀ ਹੋਵੇਗੀ ਜਦੋਂ ਕਿ ਕੁਝ ਓਟੀਟੀ ਪਲਾਨ ਇੱਕ ਸਾਲ ਦੀ ਵੈਧਤਾ ਦੇ ਨਾਲ ਵੀ ਉਪਲਬਧ ਹੋਣਗੇ। ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ਤਾ ਦਾ ਉਦੇਸ਼ ਗਾਹਕਾਂ ਨੂੰ ਆਪਣੀਆਂ ਪਸੰਦੀਦਾ ਸੇਵਾਵਾਂ ਦੀ ਚੋਣ ਕਰਨ ਵਿੱਚ ਵਧੇਰੇ ਲਚਕਤਾ ਦੇਣਾ ਹੈ। ਸੁਰੇਸ਼ ਕੁਮਾਰ ਨੇ ਕਿਹਾ ਕਿ ਬੀਐਸਐਨਐਲ ਦੇ ਨੈੱਟਵਰਕ ਵਿੱਚ ਸੁਧਾਰ ਨਾਲ ਕੰਪਨੀ ਦੇ ਸਿਮ ਅਤੇ ਡਾਟੇ ਦੀ ਵਰਤੋਂ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀਐਸਐਨਐਲ ਆਪਣੇ ਗਾਹਕਾਂ ਦੀਆਂ ਜ਼ਰੂਰਤਾਂ ਅਨੁਸਾਰ ਆਪਣੀਆਂ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਸਥਾਪਨਾ ਦਿਵਸ ਦੇ ਮੌਕੇ 'ਤੇ ਆਮ ਲੋਕਾਂ ਨੂੰ ਬੀਐਸਐਨਐਲ ਦੀਆਂ ਸੇਵਾਵਾਂ, ਨਵੇਂ ਉਤਪਾਦਾਂ ਅਤੇ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਪਹੁੰਚਾਉਣ ਲਈ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਇਸ ਦੇ ਤਹਿਤ ਰੋਡ ਸ਼ੋਅ ਦੇ ਨਾਲ-ਨਾਲ ਪੰਜ ਕਿਲੋਮੀਟਰ ਮੈਰਾਥਨ ਵੀ ਆਯੋਜਿਤ ਕੀਤੀ ਜਾ ਰਹੀ ਹੈ।

# ਗੈਸ ਏਜੰਸੀ ਵਰਕਰਜ਼ ਯੂਨੀਅਨ ਇਫਟੂ ਪਟਿਆਲਾ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

**ਪਟਿਆਲਾ, 1 ਅਕਤੂਬਰ (ਪੈ.ਗ਼ਾਮ-ਏ-ਜਗਤ)**



ਸੁਰਿੰਦਰਾ ਗੈਸ ਸਰਵਿਸ, ਐਸ.ਐਸ.ਟੀ. ਨਗਰ ਪਟਿਆਲਾ ਵਿਖੇ ਪਿਛਲੇ 15-20 ਸਾਲਾਂ ਤੋਂ ਲਗਾਤਾਰ ਪੱਕੇ ਕੰਮ ਕਰ ਰਹੇ ਵਰਕਰਾਂ ਨੂੰ ਨਵੀਂ ਆਈ ਏਜੰਸੀ ਮਾਲਕ ਵੱਲੋਂ, ਜਿਸਦੀ ਸਰਕਾਰੇ-ਦਰਬਾਰੇ ਪਹੁੰਚ ਹੈ, ਆਪਣੇ ਦਫ਼ਤਰ ਬੈਠਦੇ ਸਾਰ ਹੀ ਏਜੰਸੀ ਦੇ ਵਰਕਰਾਂ ਨੂੰ ਬੁਲਾ ਕੇ ਦਬਕਾ ਮਾਰਿਆ ਗਿਆ। ਵਰਕਰਾਂ ਅਨੁਸਾਰ ਏਜੰਸੀ ਮਾਲਕ ਨੇ ਕਿਹਾ ਕਿ ਉਹ ਚੰਡੀਗੜ੍ਹ (ਪੰਚਕੂਲੇ) ਤੋਂ ਆਈ ਹੈ ਅਤੇ ਉਸ ਕੋਲ ਪੰਚਕੂਲੇ ਵਿੱਚ ਤਿੰਨ-ਚਾਰ ਗੈਸ ਏਜੰਸੀਆਂ ਹਨ। ਉਸ ਵੱਲੋਂ ਵਰਕਰਾਂ ਨੂੰ ਤਨਖਾਹ ਨਹੀਂ ਦਿੱਤੀ ਜਾਂਦੀ ਅਤੇ ਵਰਕਰਾਂ ਨੂੰ ਤਨਖਾਹ ਦੇਣੀ ਬੰਦ ਕਰ ਦਿੱਤੀ ਗਈ ਹੈ।

ਵਰਕਰਾਂ ਅਨੁਸਾਰ ਏਜੰਸੀ ਮਾਲਕ ਨੇ ਕਿਹਾ ਕਿ ਉਸ ਨੂੰ ਪਤਾ ਲੱਗਿਆ ਹੈ ਕਿ ਉਹ ਯੂਨੀਅਨ ਦੇ ਮੈਂਬਰ ਹਨ ਅਤੇ ਯੂਨੀਅਨ ਦੀ ਸਰਗਰਮੀ ਵਿੱਚ ਭਾਗ ਲੈਂਦੇ ਹਨ। ਉਸ ਨੇ ਕਥਿਤ ਤੌਰ 'ਤੇ ਕਿਹਾ ਕਿ ਜੇਕਰ ਉਹ ਉਸ ਕੋਲ ਕੰਮ ਕਰਨਾ ਚਾਹੁੰਦੇ ਹਨ ਤਾਂ ਪਹਿਲੀ ਗੱਲ ਇਹ ਹੈ ਕਿ ਉਹ ਲਿਖ ਕੇ ਦੇਣ ਕਿ ਉਹ ਜਥੇਬੰਦੀ ਦੇ ਮੈਂਬਰ ਨਹੀਂ ਹਨ।

ਵਰਕਰਾਂ ਨੇ ਇਹ ਵੀ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਲੋਕਾਂ ਦੇ ਗੈਸ ਸਿਲੰਡਰਾਂ ਵਿੱਚੋਂ ਚੋਰੀ ਨਾਲ ਗੈਸ ਕੱਢ ਕੇ ਸਿਲੰਡਰ ਲੋਕਾਂ ਨੂੰ ਦੇਣ ਲਈ ਕਿਹਾ ਗਿਆ। ਜਦੋਂ ਇਹ ਗੱਲ ਵਰਕਰਾਂ ਵੱਲੋਂ ਆਪਣੀ ਯੂਨੀਅਨ ਦੇ ਧਿਆਨ ਵਿੱਚ ਲਿਆਂਦੀ ਗਈ ਤਾਂ ਉਨ੍ਹਾਂ ਨੂੰ ਜ਼ੁਬਾਨੀ ਤੌਰ 'ਤੇ ਕੰਮ ਤੋਂ ਛੁੱਟੀ ਕਰ ਦਿੱਤੀ ਗਈ ਅਤੇ ਕਿਹਾ ਗਿਆ ਕਿ ਤਨਖਾਹਾਂ ਵੀ ਯੂਨੀਅਨ ਕੋਲ ਜਾ ਕੇ ਲੈ ਲਵੋ। ਉਪਰੋਕਤ ਮਸਲੇ ਸਬੰਧੀ ਯੂਨੀਅਨ ਦੇ ਆਗੂ 29-09-2026 ਨੂੰ ਏਜੰਸੀ ਦੇ ਮਾਲਕ ਨੂੰ ਮਿਲਣ ਲਈ ਏਜੰਸੀ ਦਫ਼ਤਰ ਗਏ ਤਾਂ ਪਹਿਲਾਂ ਤੋਂ ਹੀ 20 ਅਣਪਛਾਤੇ ਬੰਦੇ ਦਫ਼ਤਰ ਅੰਦਰ ਬੈਠੇ ਸਨ। ਆਗੂਆਂ ਅਨੁਸਾਰ ਮਾਲਕ ਵੱਲੋਂ ਉਨ੍ਹਾਂ ਵੀਹ ਬੰਦਿਆਂ ਨੂੰ ਆਗੂਆਂ ਦੇ ਗਲ ਪਵਾ ਕੇ ਅਤੇ ਆਪ ਵੀ ਦਫ਼ਤਰ ਤੋਂ ਬਾਹਰ ਆ ਕੇ ਉੱਚੀ-ਉੱਚੀ ਬੋਲ ਕੇ ਡਰਾਉਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਮਾਲਕ ਨੇ ਉਨ੍ਹਾਂ ਨੂੰ ਕਿਹਾ ਕਿ ਪਤਾ ਨਹੀਂ ਕਿੱਥੋਂ-ਕਿੱਥੋਂ ਚਲੇ ਆਉਂਦੇ ਹਨ, ਭੁੱਖੇ-ਨੰਗੇ ਭੱਜ ਜਾਓ ਇੱਥੋਂ, ਮੈਂ ਕੋਈ ਗੱਲ ਨਹੀਂ ਕਰਨੀ ਤੁਹਾਡੇ ਨਾਲ, ਨਹੀਂ ਤਾਂ ਪੁਲਿਸ ਬੁਲਾ ਕੇ ਤੁਹਾਡੇ ਪਿਛਵਾੜੇ ਗਰਮ ਕਰਵਾਉਂਦੀ ਹਾਂ ਅਤੇ ਨਾਲੇ ਅੰਦਰ ਕਰਵਾਉਂਗੀ।

ਸੋ ਜ਼ਿਲ੍ਹਾ ਕਮੇਟੀ ਮਜਬੂਰ ਹੋ ਕੇ ਆਪਣੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਬੁਲਾ ਕੇ ਸੰਘਰਸ਼ ਕਰਨ ਦਾ ਫ਼ੈਸਲਾ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ ਨੇ ਕੀਤੀ। ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਸੁਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ, ਵਿੱਤ ਸਕੱਤਰ ਅਵਤਾਰ ਸਿੰਘ ਨੰਦਪੁਰ ਕੇਸ਼ੋ, ਪ੍ਰੈਸ ਸਕੱਤਰ ਸਤਗੁਰ ਨਾਭਾ ਅਤੇ ਏਜੰਸੀਆਂ ਦੇ ਪ੍ਰਧਾਨ ਜਰਨੈਲ ਸਿੰਘ, ਧੀਰਜ ਕੁਮਾਰ, ਕੇਸਰ ਸਿੰਘ, ਮਨਜੀਤ ਸਿੰਘ ਜੱਸੀ, ਸੋਨੀ, ਜਸਵੀਰ ਸਿੰਘ, ਰਘਬੀਰ ਸਿੰਘ ਨਾਭਾ ਹਾਜ਼ਰ ਸਨ। ਇਸ ਤੋਂ ਇਲਾਵਾ ਉਚੇਚੇ ਤੌਰ 'ਤੇ ਜਥੇਬੰਦੀ ਦੇ ਸਰਪ੍ਰਸਤ ਸੂਬਾ ਆਗੂ ਸ੍ਰੀ ਨਾਥ ਪਟਿਆਲਾ ਹਾਜ਼ਰ ਸਨ।

# ਕੁੱਤਿਆਂ ਦੇ ਝੁੰਡ ਨੇ ਬੱਚੇ ਨੂੰ ਨੋਚਿਆ, ਪੀਜੀਆਈ ਰੈਫ਼ਰ

**ਪੈ.ਗ਼ਾਮ-ਏ-ਜਗਤ ਅੰਬਾਲਾ, 1 ਅਕਤੂਬਰ (ਆਰ.ਸਿੰਘ)**



ਅੰਬਾਲਾ ਦੇ ਛੋਟਾ ਕੋਟ ਕਛੂਆ ਪਿੰਡ ਵਿਚ ਅਵਾਰਾ ਕੁੱਤਿਆਂ ਦੇ ਝੁੰਡ ਨੇ 7 ਸਾਲਾ ਮਾਸੂਮ ਬੱਚੇ ਤੇ ਹਮਲਾ ਕਰਕੇ ਉਸ ਨੂੰ ਲਹੂ-ਲੁਹਾਨ ਕਰ ਦਿੱਤਾ। ਕੁੱਤਿਆਂ ਨੇ ਬੱਚੇ ਦੇ ਚਿਹਰੇ ਅਤੇ ਬੁੱਲ੍ਹਾਂ ਸਮੇਤ ਉਸ ਦੇ ਸਰੀਰ 'ਤੇ 30 ਤੋਂ ਵੱਧ ਥਾਵਾਂ 'ਤੇ ਬੁਰੀ ਤਰ੍ਹਾਂ ਬੁਰਕ ਮਾਰੇ। ਬੱਚੇ ਨੂੰ ਤੁਰੰਤ ਸਿਵਲ ਹਸਪਤਾਲ ਅੰਬਾਲਾ ਕੈਂਟ ਲਿਆਂਦਾ ਗਿਆ ਜਿੱਥੋਂ ਉਸ ਨੂੰ ਮੁੱਢਲੀ ਡਾਕਟਰੀ ਸਹਾਇਤਾ ਦੇਣ ਤੋਂ ਬਾਅਦ ਗੰਭੀਰ ਹਾਲਤ ਵਿੱਚ ਪਲਾਸਟਿਕ ਸਰਜਰੀ ਲਈ ਪੀਜੀਆਈ ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ।

ਮੂਲ ਰੂਪ ਵਿੱਚ ਬਿਹਾਰ ਦੇ ਸੀਤਾਮੜੀ ਜ਼ਿਲ੍ਹੇ ਦੇ ਨਿਵਾਸੀ, ਭਰੋਸੀ ਰਾਮ ਨੇ ਦੱਸਿਆ ਕਿ ਪਿਛਲੇ ਦੋ ਸਾਲਾਂ ਤੋਂ, ਉਹ ਛੋਟਾ ਕੋਟ ਕਛੂਆ ਵਿੱਚ ਖੇਤ ਮਾਲਕ ਅਮਨ ਸੈਣੀ ਦੇ ਖੇਤ ਵਿੱਚ ਇੱਕ ਕਮਰੇ ਵਿੱਚ ਰਹਿ ਕੇ ਦਿਹਾੜੀਦਾਰ ਮਜ਼ਦੂਰ ਵਜੋਂ ਕੰਮ ਕਰ ਰਿਹਾ ਹੈ। ਉਸ ਦਾ ਦੂਜਾ ਪੁੱਤਰ ਵਿਕਰਮ (7) ਸਥਾਨਕ ਸਰਕਾਰੀ ਸਕੂਲ ਵਿੱਚ ਪਹਿਲੀ ਜਮਾਤ ਦਾ ਵਿਦਿਆਰਥੀ ਹੈ। ਜਦੋਂ ਵਿਕਰਮ ਖੇਤਾਂ ਤੋਂ ਘਰ ਵਾਪਸ ਆ ਰਿਹਾ ਸੀ ਤਾਂ ਲਗਭਗ 15 ਅਵਾਰਾ ਕੁੱਤਿਆਂ ਨੇ ਅਚਾਨਕ ਉਸ 'ਤੇ ਹਮਲਾ ਕਰ ਦਿੱਤਾ, ਉਸ ਨੂੰ ਜ਼ਮੀਨ 'ਤੇ ਸੁੱਟ ਲਿਆ ਅਤੇ ਕੱਟਣਾ ਸ਼ੁਰੂ ਕਰ ਦਿੱਤਾ। ਬੱਚੇ ਦੇ ਰੋਣ ਦੀ ਆਵਾਜ਼ ਸੁਣ ਕੇ ਖੇਤ ਦਾ ਮਾਲਕ ਅਮਨ ਸੈਣੀ ਅਤੇ ਬੱਚੇ ਦੀ ਮਾਂ, ਜੋ ਨੇੜੇ ਕੰਮ ਕਰ ਰਹੇ ਸਨ, ਮੌਕੇ 'ਤੇ ਪਹੁੰਚੇ ਅਤੇ ਇੱਟਾਂ, ਪੱਥਰ ਮਾਰ ਕੇ ਕੁੱਤਿਆਂ ਨੂੰ ਭਜਾ ਦਿੱਤਾ। ਪਰਿਵਾਰ ਖ਼ੂਨ ਨਾਲ ਲੱਥਪੱਥ ਬੱਚੇ ਨੂੰ ਅੰਬਾਲਾ ਛਾਉਣੀ ਦੇ ਸਿਵਲ ਹਸਪਤਾਲ ਲੈ ਆਇਆ।

ਸਿਵਲ ਹਸਪਤਾਲ ਦੇ ਡਾਕਟਰ ਮੋਹਿਤ ਪਾਠਕ ਨੇ ਦੱਸਿਆ ਕਿ ਬੱਚੇ ਦੀ ਛਾਤੀ ਅਤੇ ਕਮਰ ਨੂੰ ਛੱਡ ਕੇ ਉਸ ਦੇ ਪੂਰੇ ਸਰੀਰ 'ਤੇ ਕੁੱਤਿਆਂ ਦੇ ਕੱਟਣ ਦੇ 30 ਤੋਂ ਵੱਧ ਡੂੰਘੇ ਨਿਸ਼ਾਨ ਸਨ। ਕੁੱਤਿਆਂ ਨੇ ਬੱਚੇ ਦੇ ਚਿਹਰੇ ਅਤੇ ਬੁੱਲ੍ਹਾਂ ਨੂੰ ਵੀ ਬੁਰੀ ਤਰ੍ਹਾਂ ਨੋਚਿਆ ਹੋਇਆ ਸੀ। ਬੱਚੇ ਨੂੰ ਟਾਂਕੇ ਨਹੀਂ ਲਾਏ ਜਾ ਸਕੇ। ਮੁੱਢਲੀ ਡਾਕਟਰੀ ਸਹਾਇਤਾ ਦੇਣ ਤੋਂ ਬਾਅਦ ਹਾਲਤ ਗੰਭੀਰ ਹੋਣ ਕਰਕੇ ਬੱਚੇ ਨੂੰ ਉਸ ਦੇ ਚਿਹਰੇ ਦੀ ਪਲਾਸਟਿਕ ਸਰਜਰੀ ਲਈ ਪੀਜੀਆਈ ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ ਹੈ।

# ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨੇ ਇਕ ਸਕੂਲ ਅਤੇ ਇਕ ਹਸਪਤਾਲ ਦਾ ਕੀਤਾ ਮੁਆਇਨਾ

**ਪੈ.ਗ਼ਾਮ-ਏ-ਜਗਤ ਅੰਬਾਲਾ, 1 ਅਕਤੂਬਰ (ਆਰ.ਸਿੰਘ)**



ਵੀਰਵਾਰ ਨੂੰ ਹਰਿਆਣਾ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸ਼੍ਰੀਮਤੀ ਊਸ਼ਾ ਪ੍ਰਿਯਦਰਸ਼ੀ ਨੇ ਪੀਕੇਆਰ ਜੈਨ ਪਬਲਿਕ ਸਕੂਲ ਅੰਬਾਲਾ ਸ਼ਹਿਰ ਅਤੇ ਸੀ. ਲਾਲ ਹਸਪਤਾਲ ਅੰਬਾਲਾ ਛਾਉਣੀ ਦਾ ਅਚਾਨਕ ਦੌਰਾ ਕਰਕੇ ਉੱਥੇ ਮਿਲਦੀਆਂ ਸਹੂਲਤਾਂ ਦਾ ਮੁਆਇਨਾ ਕੀਤਾ ਅਤੇ ਜ਼ਰੂਰੀ ਮਾਰਗ ਦਰਸ਼ਨ ਦਿੱਤਾ।

ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸ਼੍ਰੀਮਤੀ ਊਸ਼ਾ ਪ੍ਰਿਯਦਰਸ਼ੀ ਸਭ ਤੋਂ ਪਹਿਲਾਂ ਪੀਕੇਆਰ ਜੈਨ ਪਬਲਿਕ ਸਕੂਲ ਅੰਬਾਲਾ ਸ਼ਹਿਰ ਪਹੁੰਚੀ ਅਤੇ ਸਕੂਲ ਵਿਚ ਪੜ੍ਹਦੀਆਂ ਵਿਦਿਆਰਥਣਾਂ ਦੀ ਗਿਣਤੀ, ਸਟਾਫ਼ ਦੀ ਗਿਣਤੀ, ਟਾਇਲਟ ਸਹੂਲਤਾਂ, ਪੀਣ ਵਾਲੇ ਪਾਣੀ ਦੀਆਂ ਸਹੂਲਤਾਂ, ਅੱਗ ਬੁਝਾਉਣ ਵਾਲੇ ਯੰਤਰ, ਪੀਓਐਸ ਐਕਟ ਅਧੀਨ ਇੱਕ ਅੰਦਰੂਨੀ ਕਮੇਟੀ ਦੇ ਗਠਨ ਅਤੇ ਹੋਰ ਪ੍ਰਬੰਧਾਂ ਬਾਰੇ ਪੁੱਛਗਿੱਛ ਕੀਤੀ। ਉਨ੍ਹਾਂ ਸਕੂਲ ਪ੍ਰਿੰਸੀਪਲ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਕਮੇਟੀ ਮੈਂਬਰ ਅਤੇ ਉੱਥੇ ਪੜ੍ਹ ਰਹੀਆਂ ਵਿਦਿਆਰਥਣਾਂ ਦੋਵੇਂ ਪੀਓਐਸ ਐਕਟ ਤੋਂ ਜਾਣੂ ਹੋਣ। ਇਸ ਤੋਂ ਇਲਾਵਾ ਸਕੂਲ ਵਿੱਚ ਸਿੱਖਿਆ ਦੇ ਅਧਿਕਾਰ ਨਾਲ ਸਬੰਧਿਤ ਇੱਕ ਪੂਰਾ ਬਾਕਸ ਅਤੇ ਇੱਕ ਬੋਰਡ ਹੋਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਤਾਕੀਦ ਕੀਤੀ ਕਿ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਕਾਨੂੰਨ ਬਾਰੇ ਜਾਗਰੂਕ ਕਰਨ ਲਈ ਸਮੇਂ-ਸਮੇਂ 'ਤੇ ਜਾਗਰੂਕਤਾ ਕੈਂਪ ਲਾਏ ਜਾਣੇ ਚਾਹੀਦੇ ਹਨ।

ਇਸ ਤੋਂ ਬਾਅਦ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਅੰਬਾਲਾ ਛਾਉਣੀ ਸਥਿਤ ਸੀ. ਲਾਲ ਹਸਪਤਾਲ ਪਹੁੰਚੀ ਅਤੇ ਉੱਥੋਂ ਦੀਆਂ ਸਹੂਲਤਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇੱਥੇ, ਉਨ੍ਹਾਂ ਨੇ ਪੀਓਐਸ ਐਕਟ ਦੇ ਤਹਿਤ ਇੱਕ ਅੰਦਰੂਨੀ ਕਮੇਟੀ ਦੀ ਸਥਾਪਨਾ ਦੇ ਨਿਰਦੇਸ਼ ਵੀ ਦਿੱਤੇ ਜਿਸ ਵਿੱਚ ਅੱਗ ਬੁਝਾਉਣ ਵਾਲੇ ਯੰਤਰ, ਔਰਤਾਂ ਲਈ ਵੱਖਰੇ ਪਖਾਨੇ ਅਤੇ ਕਮਰਿਆਂ ਵਿੱਚ ਹਵਾਦਾਰੀ ਦੀ ਘਾਟ ਸ਼ਾਮਲ ਹੈ।

ਇਸ ਮੌਕੇ 'ਤੇ ਚੇਅਰਪਰਸਨ ਨੇ ਕਿਹਾ ਕਿ ਹਰਿਆਣਾ ਰਾਜ ਮਹਿਲਾ ਕਮਿਸ਼ਨ ਦਾ ਉਦੇਸ਼ ਤੱਥਾਂ ਦੇ ਅਧਾਰ 'ਤੇ ਔਰਤਾਂ ਨਾਲ ਸਬੰਧਿਤ ਸ਼ਿਕਾਇਤਾਂ ਦਾ ਤੁਰੰਤ ਅਤੇ ਕਾਨੂੰਨੀ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਮਿਸ਼ਨ ਨੂੰ ਪੇਸ਼ ਕੀਤੀ ਗਈ ਹਰੇਕ ਸ਼ਿਕਾਇਤ ਵਿੱਚ ਸਾਰੀਆਂ ਸਬੰਧਿਤ ਧਿਰਾਂ ਨੂੰ ਸੁਣਨ ਤੋਂ ਬਾਅਦ, ਉਪਲਬਧ ਤੱਥਾਂ ਦੇ ਅਧਾਰ 'ਤੇ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।

## ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਅਨਾਜ ਮੰਡੀ 'ਚ ਝੋਨੇ ਦੀ ਖ਼ਰੀਦ ਸ਼ੁਰੂ ਕਰਵਾਈ, ਪ੍ਰਬੰਧਾਂ ਦਾ ਲਿਆ ਜਾਇਜ਼ਾ

**ਧੂਰੀ, 1 ਅਕਤੂਬਰ (ਪੈ.ਗਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ,ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਗਗਨ ਜਵੰਧਾ, ਆੜ੍ਹਤੀ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਵੀ ਮੌਜੂਦ ਸਨ।

- **ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ: ਓ.ਐਸ.ਡੀ. ਸੁਖਵੀਰ ਸਿੰਘ**



ਇਸ ਮੌਕੇ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮੰਡੀ ਨਾਲ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਝੋਨੇ ਦੀ ਆਮਦ, ਖ਼ਰੀਦ ਅਤੇ ਲਿਫਟਿੰਗ ਸਬੰਧੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਅਤੇ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਗਿਆ ਹੈ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀ ਵਿੱਚ ਲਿਆਉਣ ਤੋਂ ਲੈ ਕੇ ਉਸ ਦੀ ਵਿਕਰੀ ਅਤੇ ਲਿਫਟਿੰਗ ਤੱਕ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ, ਇਸ ਲਈ ਮੰਡੀ ਪੱਧਰ 'ਤੇ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਫ਼ਸਲ ਦੀ ਆਮਦ ਵਧਣ ਦੇ ਨਾਲ-ਨਾਲ ਖ਼ਰੀਦ ਅਤੇ ਲਿਫਟਿੰਗ ਦੀ ਪ੍ਰਕਿਰਿਆ ਵਿੱਚ ਵੀ ਤੇਜ਼ੀ ਲਿਆਂਦੀ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਲੈ ਕੇ ਮੰਡੀ ਵਿੱਚ ਬੇਲੋੜਾ ਇੰਤਜ਼ਾਰ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਸਮੇਤ ਮੰਡੀ ਨਾਲ ਜੁੜੇ ਸਾਰੇ ਵਰਗਾਂ ਦੀ ਸਹੂਲਤ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਖ਼ਰੀਦ ਦੌਰਾਨ ਮੰਡੀ ਵਿੱਚ ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ, ਬਾਰਦਾਨੇ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੀ ਉਪਲਬਧਤਾ ਯਕੀਨੀ ਬਣਾਈ ਗਈ ਹੈ। ਓ.ਐਸ.ਡੀ. ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਸੁੱਕੀ ਝੋਨੇ ਦੀ ਫ਼ਸਲ ਲੈ ਕੇ ਆਉਣ ਅਤੇ ਸਰਕਾਰੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸਬੰਧਤ ਅਧਿਕਾਰੀਆਂ ਅਤੇ ਮੰਡੀ ਪ੍ਰਬੰਧਨ ਨਾਲ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਸਾਰੇ ਸਬੰਧਤ ਭਾਈਵਾਲਾਂ ਦੇ ਸਹਿਯੋਗ ਨਾਲ ਮੌਜੂਦਾ ਝੋਨੇ ਦੇ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿ ਆ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਸਬੰਧਤ ਵਿਭਾਗਾਂ ਦੇ ਅਧਿਕਾਰੀ, ਆੜ੍ਹਤੀਏ, ਕਿਸਾਨ ਅਤੇ ਮੰਡੀ ਨਾਲ ਜੁੜੇ ਹੋਰ ਨੁਮਾਇੰਦੇ ਮੌਜੂਦ ਸਨ।

## ਸਾਉਣੀ ਸੀਜ਼ਨ ਦੀ ਸੁਚਾਰੂ ਖ਼ਰੀਦ ਲਈ ਧੂਰੀ ਦੀ ਨਵੀਂ ਅਨਾਜ ਮੰਡੀ ਵਿਖੇ ਧਾਰਮਿਕ ਸਮਾਗਮ

**ਧੂਰੀ, 1 ਅਕਤੂਬਰ (ਪੈ.ਗਾਮ-ਏ-ਜਗਤ)**

ਸਾਉਣੀ ਦੇ ਸੀਜ਼ਨ ਦੀ ਆਮਦ ਅਤੇ ਨਵੀਂ ਅਨਾਜ ਮੰਡੀ ਧੂਰੀ ਦੀ ਚੜ੍ਹਦੀ ਕਲਾ ਨੂੰ ਮੁੱਖ ਰੱਖਦਿਆਂ ਆੜ੍ਹਤੀ ਐਸੋਸੀਏਸ਼ਨ ਧੂਰੀ ਵੱਲੋਂ ਨਵੀਂ ਅਨਾਜ ਮੰਡੀ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਅਤੇ ਸਮੁੱਚੇ ਇਲਾਕੇ ਦੀ ਖ਼ੁਸ਼ਹਾਲੀ ਤੇ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਨਤਮਸਤਕ ਹੁੰਦਿਆ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਸਾਉਣੀ ਦਾ ਸੀਜ਼ਨ ਕਿਸਾਨਾਂ ਅਤੇ ਖੇਤੀਬਾੜੀ ਨਾਲ ਜੁੜੇ ਹਰੇਕ ਵਰਗ ਲਈ ਮਹੱਤਵਪੂਰਨ ਹੁੰਦਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਸੀਜ਼ਨ ਦੌਰਾਨ ਕਿਸਾਨਾਂ ਨੂੰ ਸੁਚਾਰੂ ਮੰਡੀਕਰਨ ਸਹੂਲਤਾਂ ਮੁਹੱਈਆ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ।

- **ਕਿਸਾਨਾਂ ਤੇ ਸਮੁੱਚੇ ਇਲਾਕੇ ਦੀ ਖ਼ੁਸ਼ਹਾਲੀ ਲਈ ਕੀਤੀ ਅਰਦਾਸ**

ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਮੰਡੀ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਜੁੜੇ ਸਾਰੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਫ਼ਸਲ ਦੀ ਆਮਦ, ਖਰੀਦ, ਲਿਫਟਿੰਗ ਅਤੇ ਹੋਰ ਮੰਡੀਕਰਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾ ਰਿਹਾ ਹੈ।

ਓ.ਐਸ.ਡੀ. ਨੇ ਕਿਹਾ ਕਿ ਧੂਰੀ ਦੀ ਨਵੀਂ ਅਨਾਜ ਮੰਡੀ ਖੇਤਰ ਦੀ ਖੇਤੀਬਾੜੀ ਆਰਥਿਕਤਾ ਦਾ ਮਹੱਤਵਪੂਰਨ ਕੇਂਦਰ ਹੈ। ਇਸ ਲਈ ਮੰਡੀ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਮੰਡੀਕਰਨ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਉਣਾ ਸਾਰੇ ਸਬੰਧਤ ਭਾਈਵਾਲਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸਮੂਹ ਆੜ੍ਹਤੀਆਂ, ਕਿਸਾਨਾਂ ਅਤੇ ਮੰਡੀ ਨਾਲ ਜੁੜੇ ਵਰਗਾਂ ਨੂੰ ਸ਼ੁਰੂ ਹੋਏ ਸੀਜ਼ਨ ਦੌਰਾਨ ਆਪਸੀ ਸਹਿਯੋਗ ਅਤੇ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਆਸ ਪ੍ਰਗਟਾਈ ਕਿ ਗੁਰੂ ਸਾਹਿਬ ਦੀ ਕਿਰਪਾ ਅਤੇ ਸਮੂਹ ਭਾਈਵਾਲਾਂ ਦੇ ਸਹਿਯੋਗ ਨਾਲ ਸਾਉਣੀ ਦਾ ਸੀਜ਼ਨ ਸੁਚਾਰੂ ਢੰਗ ਨਾਲ ਨੇਪਰੇ ਚੜ੍ਹੇਗਾ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਵਿਕਰੀ ਸਬੰਧੀ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਗਗਨ ਜਵੰਧਾ, ਆੜ੍ਹਤੀ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ, ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀਏ ਅਤੇ ਇਲਾਕਾ ਨਿਵਾਸੀ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਮੰਡੀ ਦੀ ਚੜ੍ਹਦੀ ਕਲਾ, ਕਿਸਾਨਾਂ ਦੀ ਖ਼ੁਸ਼ਹਾਲੀ, ਸਾਉਣੀ ਦੇ ਸੀਜ਼ਨ ਦੀ ਸਫ਼ਲਤਾ ਅਤੇ ਸਮੁੱਚੇ ਇਲਾਕੇ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਡੇਰਾਬੱਸੀ ਹਲਕੇ ਤੋਂ ਤਿੰਨ ਬੱਸਾਂ ਸੰਗਤਾਂ ਤੀਰਥ ਦਰਸ਼ਨਾਂ ਲਈ ਰਵਾਨਾ

**ਡੇਰਾਬੱਸੀ, 01 ਅਕਤੂਬਰ (ਸੰਜੀਵ ਸਿੰਘ ਸੈਣੀ, ਮੋਹਾਲੀ)**

ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਪਿੰਡ ਭੂਖੜੀ, ਭਾਗਸੀ ਅਤੇ ਸਮਗੌਲੀ ਤੋਂ ਸੰਗਤਾਂ ਨੂੰ ਧਾਰਮਿਕ ਅਤੇ ਇਤਿਹਾਸਕ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਤਿੰਨ ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

- **ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਭੂਖੜੀ, ਭਾਗਸੀ ਅਤੇ ਸਮਗੌਲੀ ਤੋਂ ਬੱਸਾਂ ਨੂੰ ਹਰੀ ਝੰਡੀ ਦਿਖਾਈ**



ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਨ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਅਜਿਹੇ ਉਪਰਾਲਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਸੰਗਤਾਂ ਨੂੰ ਸੁਵਿਧਾਜਨਕ ਢੰਗ ਨਾਲ ਤੀਰਥ ਅਸਥਾਨਾਂ ਦੀ ਯਾਤਰਾ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਤੀਰਥ ਯਾਤਰਾ 'ਤੇ ਜਾਣ ਵਾਲੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸੰਗਤਾਂ ਨੇ ਇਸ ਉਪਰਾਲੇ ਲਈ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਲੋਕਾਂ ਨੂੰ ਆਪਣੇ ਧਾਰਮਿਕ ਅਤੇ ਇਤਿਹਾਸਕ ਵਿਰਸੇ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ। ਇਸ ਮੌਕੇ ਪਿੰਡ ਭੂਖੜੀ, ਭਾਗਸੀ ਅਤੇ ਸਮਗੌਲੀ ਦੇ ਸਰਪੰਚ, ਪੰਚਾਇਤ ਮੈਂਬਰ, ਬਲਾਕ ਸੰਮਤੀ ਮੈਂਬਰ, ਸਥਾਨਕ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਮੋਹਾਲੀ ਵੱਲੋਂ ਸਨੇਟਾ ਦੇ ਪੇਂਡੂ ਸਿਹਤ ਸਿਖਲਾਈ ਕੇਂਦਰ ਵਿਖੇ 'ਪੋਸ਼ਣ ਮੇਲਾ-2026' ਦਾ ਆਯੋਜਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 1 ਅਕਤੂਬਰ (ਪੈ.ਗਾਮ-ਏ-ਜਗਤ)**

ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼, ਮੋਹਾਲੀ ਦੇ ਕਮਿਊਨਿਟੀ ਮੈਡੀਸਿਨ ਵਿਭਾਗ ਵੱਲੋਂ 9ਵੇਂ ਰਾਸ਼ਟਰੀ ਪੋਸ਼ਣ ਮਹੀਨੇ ਤਹਿਤ ਪੇਂਡੂ ਸਿਹਤ ਸਿਖਲਾਈ ਕੇਂਦਰ (ਆਰ.ਐੱਚ.ਟੀ.ਸੀ.), ਸਨੇਟਾ ਵਿਖੇ 'ਪੋਸ਼ਣ ਮੇਲਾ-2026' ਕਰਵਾਇਆ ਗਿਆ। 'ਸਾਡੀ ਆਂਗਣਵਾੜੀ, ਸਾਡੀ ਜ਼ਿੰਮੇਵਾਰੀ' ਵਿਸ਼ੇ ਤਹਿਤ ਕਰਵਾਏ ਗਏ ਇਸ ਸਮਾਗਮ ਦਾ ਉਦੇਸ਼ ਸਮਾਜ ਵਿੱਚ ਵਿਹਾਰਕ, ਸਸਤੇ ਅਤੇ ਸਥਾਨਕ ਤੌਰ 'ਤੇ ਉਪਲਬਧ ਪੋਸ਼ਣ ਸਬੰਧੀ ਖੁਰਾਕੀ ਆਦਤਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।

- **'ਸਾਡੀ ਆਂਗਣਵਾੜੀ, ਸਾਡੀ ਜ਼ਿੰਮੇਵਾਰੀ' ਵਿਸ਼ੇ ਤਹਿਤ ਹਰ ਉਮਰ ਵਰਗ ਲਈ ਪੋਸ਼ਣ ਦੀ ਮਹੱਤਤਾ 'ਤੇ ਜਾਗਰੂਕਤਾ**




ਇਸ ਮੌਕੇ ਸਹਾਇਕ ਨਰਸ ਦਾਈਆਂ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਪੋਸ਼ਣ ਮਾਹਿਰਾਂ ਅਤੇ ਭਾਗ ਲੈ ਰਹੀਆਂ ਸੰਸਥਾਵਾਂ ਦੇ ਆਹਾਰ ਵਿਗਿਆਨ ਅਤੇ ਪੋਸ਼ਣ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਸਰਕਾਰੀ ਸੈਕੰਡਰੀ ਸਕੂਲ, ਸਨੇਟਾ ਦੇ 9ਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੀ ਆਪਣੇ ਅਧਿਆਪਕਾਂ ਸਮੇਤ ਮੇਲੇ ਵਿੱਚ ਭਾਗ ਲਿਆ।

ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਮੋਹਾਲੀ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਨਵਦੀਪ ਸਿੰਘ ਸੈਣੀ ਨੇ ਬਿਮਾਰੀਆਂ ਦੀ ਰੋਕਥਾਮ ਵਿੱਚ ਪੋਸ਼ਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਿਹਤ ਕਰਮਚਾਰੀ ਪੋਸ਼ਣ ਸਬੰਧੀ ਜਾਣਕਾਰੀ ਨੂੰ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਸਿਹਤਮੰਦ ਖੁਰਾਕੀ ਅਭਿਆਸਾਂ ਵਿੱਚ ਤਬਦੀਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਡਾ. ਅੰਮ੍ਰਿਤ ਕੌਰ ਵਿਰਕ, ਪ੍ਰੋਫ਼ੈਸਰ ਅਤੇ ਮੁਖੀ, ਕਮਿਊਨਿਟੀ ਮੈਡੀਸਿਨ ਵਿਭਾਗ, ਸਮੇਤ ਵਿਭਾਗ ਦੇ ਅਧਿਆਪਕਾਂ ਡਾ. ਅਨੂ ਭਾਰਦਵਾਜ, ਡਾ. ਧਰੁਵੇਂਦਰ ਲਾਲ ਅਤੇ ਡਾ. ਜਸਵਿੰਦਰ ਕੌਰ ਅਤੇ ਡਾ. ਆਭਾ ਆਨੰਦ, ਆਹਾਰ ਨਿਗਰਾਨ, ਵੱਲੋਂ ਮਹਿਮਾਨਾਂ ਨੂੰ ਸਨਮਾਨ ਵਜੋਂ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।

ਡਾ. ਨਿਵੇਧਿਕਾ ਰਾਏ, ਸਹਾਇਕ ਪ੍ਰੋਫ਼ੈਸਰ, ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ਼, ਲਾਂਡਰਾਂ, ਨੇ ਕਿਸ਼ੋਰ ਅਵਸਥਾ, ਗਰਭ ਅਵਸਥਾ ਅਤੇ ਦੁੱਧ ਪਿਲਾਉਣ ਦੇ ਸਮੇਂ ਦੌਰਾਨ ਢੁਕਵੀਂ ਖੁਰਾਕ ਸਬੰਧੀ ਵਿਸ਼ੇਸ਼ ਜਾਣਕਾਰੀ ਦਿੱਤੀ। ਡਾ. ਅਕਸ਼ੈ ਕੁਮਾਰ, ਕਮਿਊਨਿਟੀ ਮੈਡੀਸਿਨ ਵਿਭਾਗ,ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ, ਨੇ ਜੀਵਨ ਦੇ ਵੱਖ-ਵੱਖ ਪੜਾਵਾਂ ਵਿੱਚ ਖ਼ੂਨ ਦੀ ਕਮੀ ਸਬੰਧੀ ਜਾਗਰੂਕਤਾ ਸੈਸ਼ਨ ਕਰਵਾਇਆ ਅਤੇ ਇਸ ਦੇ ਪੀੜ੍ਹੀ ਦਰ ਪੀੜ੍ਹੀ ਚੱਲਣ ਵਾਲੇ ਪ੍ਰਭਾਵ ਨੂੰ ਰੋਕਣ ਲਈ ਸਮੇਂ ਸਿਰ ਰੋਕਥਾਮ ਦੀ ਲੋੜ 'ਤੇ ਜ਼ੋਰ ਦਿੱਤਾ। ਕਮਿਊਨਿਟੀ ਮੈਡੀਸਿਨ ਵਿਭਾਗ ਦੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਅਤੇ ਐਮ.ਬੀ.ਬੀ.ਐਸ. ਇੰਟਰਨਾਂ ਵੱਲੋਂ ਨੁੱਕੜ ਨਾਟਕ ਪੇਸ਼ ਕਰਕੇ ਪੋਸ਼ਣ ਸਬੰਧੀ ਮਹੱਤਵਪੂਰਨ ਸੰਦੇਸ਼ ਆਮ ਲੋਕਾਂ ਤੱਕ ਸੌਖੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਏ ਗਏ।

ਆਹਾਰ ਵਿਗਿਆਨ ਅਤੇ ਪੋਸ਼ਣ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਜਾਣਕਾਰੀ ਭਰਪੂਰ ਸਟਾਲ ਵੀ ਲਗਾਏ ਗਏ, ਜਿਨ੍ਹਾਂ ਵਿੱਚ ਪੂਰਕ ਖੁਰਾਕ, ਗਰਭ ਅਵਸਥਾ ਅਤੇ ਦੁੱਧ ਪਿਲਾਉਣ ਸਮੇਂ ਦੀ ਸੰਤੁਲਿਤ ਥਾਲੀ, ਖੁਰਾਕ ਦੀ ਮਾਤਰਾ ਬਾਰੇ ਜਾਣਕਾਰੀ, ਘੱਟ ਲਾਗਤ ਵਾਲੀਆਂ ਪੌਸ਼ਟਿਕ ਪਕਵਾਨ ਵਿਧੀਆਂ, ਰਵਾਇਤੀ ਖੁਰਾਕ 'ਨਾਨੀ ਦੀ ਰਸੋਈ' ਅਤੇ ਮੁੱਢਲਾ ਪੋਸ਼ਣ ਮੁਲਾਂਕਣ 'ਆਪਣੇ ਸਰੀਰ ਨੂੰ ਜਾਣੋ' ਆਦਿ ਵਿਸ਼ੇ ਸ਼ਾਮਲ ਸਨ। 'ਆਪਣੇ ਸਰੀਰ ਨੂੰ ਜਾਣੋ' ਸਟਾਲ ਵਿਖੇ ਆਉਣ ਵਾਲੇ ਲੋਕਾਂ ਦਾ ਕੱਦ, ਭਾਰ, ਸਰੀਰਕ ਭਾਰ ਸੂਚਕ ਅਤੇ ਕਮਰ ਦਾ ਘੇਰਾ ਮਾਪਿਆ ਗਿਆ ਅਤੇ ਇਸ ਦੇ ਆਧਾਰ 'ਤੇ ਉਨ੍ਹਾਂ ਨੂੰ ਖੁਰਾਕ ਅਤੇ ਪੋਸ਼ਣ ਸਬੰਧੀ ਸਲਾਹ ਵੀ ਦਿੱਤੀ ਗਈ। ਇਸ ਪੋਸ਼ਣ ਮੇਲੇ ਨੇ ਸਿਹਤ ਕਰਮਚਾਰੀਆਂ, ਪੋਸ਼ਣ ਮਾਹਿਰਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਇੱਕ ਸਾਂਝੇ ਮੰਚ 'ਤੇ ਇਕੱਠਾ ਕਰਦਿਆਂ ਹਰ ਉਮਰ ਵਰਗ ਵਿੱਚ ਚੰਗੇ ਪੋਸ਼ਣ ਦੀ ਮਹੱਤਤਾ ਦਾ ਸੰਦੇਸ਼ ਦਿੱਤਾ।

## ਚੰਡੀਗੜ੍ਹ ਪ੍ਰਸ਼ਾਸਨ ਨੇ ਐੱਨਐੱਸਡੀਸੀ ਨਾਲ ਰਣਨੀਤਕ ਸਹਿਮਤੀ ਪੱਤਰ 'ਤੇ ਹਸਤਾਖਰ ਕੀਤੇ

**ਪੈ.ਗਾਮ-ਏ-ਜਗਤ ਚੰਡੀਗੜ੍ਹ, 1 ਅਕਤੂਬਰ, (ਹਰਮਿੰਦਰ ਸਿੰਘ ਨਾਗਪਾਲ)**

ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਵੋਕੇਸ਼ਨਲ ਟ੍ਰੇਨਿੰਗ ਦੇ ਅਵਸਰਾਂ ਦਾ ਵਿਸਤਾਰ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ, ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਨਾਲ ਇੱਕ ਸਹਿਮਤੀ ਪੱਤਰ 'ਤੇ ਹਸਤਾਖਰ ਕੀਤੇ। ਇਸ ਅਵਸਰ 'ਤੇ ਪੰਜਾਬ ਦੇ ਲੋਕ ਭਵਨ ਵਿਖੇ ਪੀਐੱਮਕੇਵੀਵਾਈ 4.0 ਦੇ ਤਹਿਤ ਵਿਸ਼ੇਸ਼ 'ਕੇਅਰਗਿਵਿੰਗ' ਸਕਿੱਲ ਡਿਵੈਲਪਮੈਂਟ ਪਹਿਲ ਦੀ ਵੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਗਰਾਮ ਦੀ ਸ਼ੁਰੂਆਤ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਦੇ ਸੀਈਓ, ਸ਼੍ਰੀ ਅਰੁਣ ਪਿੱਲਈ ਦੀ ਸੰਖੇਪ ਪ੍ਰਸਤੁਤੀ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਸਮਾਗਮ ਦੇ ਉਦੇਸ਼ ਅਤੇ ਪਿਛੋਕੜ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਐੱਨਐੱਸਡੀਸੀ ਨੇ ਰਣਨੀਤਕ ਸਹਿਯੋਗ ਦੀ ਪਰਿਕਲਪਨਾ, ਉਦੇਸ਼ਾਂ ਅਤੇ ਵਿਆਪਕ ਸਰੂਪ 'ਤੇ ਪ੍ਰਸਤੁਤੀ ਦਿੱਤੀ। ਸਮਾਗਮ ਦੀਆਂ ਮੁੱਖ ਵਿਸ਼ੇਸ਼ਤਾਵਾਂ: ਸੀਐੱਸਡੀਐੱਮ ਅਤੇ ਐੱਨਐੱਸਡੀਸੀ ਨੇ ਹਸਤਾਖਰ ਕੀਤੇ ਸਹਿਮਤੀ ਪੱਤਰ ਦਾ ਰਸਮੀ ਅਦਾਨ-ਪ੍ਰਦਾਨ ਕੀਤਾ। ਇਸ ਨਾਲ ਸਕਿੱਲ ਡਿਵੈਲਪਮੈਂਟ ਅਤੇ ਉਦਯੋਗ ਅਧਾਰਿਤ ਟ੍ਰੇਨਿੰਗ ਲਈ ਇੱਕ ਸਹਿਯੋਗਾਤਮਕ ਢਾਂਚਾ ਸਥਾਪਿਤ ਹੋਵੇਗਾ। ਮਾਣਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੀਐੱਮਕੇਵੀਵਾਈ 4.0 ਦੇ ਤਹਿਤ 'ਕੇਅਰਗਿਵਿੰਗ' ਸਕਿੱਲ ਡਿਵੈਲਪਮੈਂਟ ਪਹਿਲ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ।

- **ਪੀਐੱਮਕੇਵੀਵਾਈ 4.0 ਦੇ ਤਹਿਤ 'ਕੇਅਰਗਿਵਿੰਗ' ਸਕਿੱਲ ਪਹਿਲ ਦੀ ਸ਼ੁਰੂਆਤ ਕੀਤੀ**



ਆਪਣੇ ਸੰਬੋਧਨ ਵਿੱਚ ਮਾਣਯੋਗ ਪ੍ਰਸ਼ਾਸਕ ਨੇ ਮੰਗ-ਅਧਾਰਿਤ ਸਕਿੱਲ ਡਿਵੈਲਪਮੈਂਟ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਇਹ ਰਣਨੀਤਕ ਸਾਂਝੇਦਾਰੀ ਚੰਡੀਗੜ੍ਹ ਦੇ ਨੌਜਵਾਨਾਂ ਨੂੰ ਬਦਲਦੀਆਂ ਉਦਯੋਗਿਕ ਜ਼ਰੂਰਤਾਂ ਅਤੇ ਆਲਮੀ ਰੋਜ਼ਗਾਰ ਦੇ ਅਵਸਰਾਂ ਦੇ ਅਨੁਰੂਪ ਸਕਿੱਲ ਪ੍ਰਦਾਨ ਕਰਕੇ ਉਨ੍ਹਾਂ ਲਈ ਨਵੇਂ ਅਵਸਰ ਖੋਲ੍ਹੇਗੀ। ਇਹ ਸਮਾਗਮ ਸੰਸਥਾਗਤ ਸਾਂਝੇਦਾਰੀਆਂ, ਉਦਯੋਗਾਂ ਦੀਆਂ ਜ਼ਰੂਰਤਾਂ ਦੇ ਅਨੁਰੂਪ ਟ੍ਰੇਨਿੰਗ ਅਤੇ ਰੋਜ਼ਗਾਰ ਦੇ ਵਿਸਤ੍ਰਿਤ ਅਵਸਰਾਂ ਦੇ ਜ਼ਰੀਏ ਚੰਡੀਗੜ੍ਹ ਦੇ ਸਕਿੱਲ ਡਿਵੈਲਪਮੈਂਟ ਈਕੋ-ਸਿਸਟਮ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਰਿਹਾ। ਇਸ ਵਿੱਚ ਉੱਭਰਦੀ ਗਲੋਬਲ 'ਕੇਅਰ ਇਕੌਨਮੀ' ਵਿੱਚ ਉਪਲਬਧ ਅਵਸਰ ਵੀ ਸ਼ਾਮਲ ਹਨ।

## ਸਰਕਾਰੀ ਸੇਵਾਵਾਂ ਨੂੰ ਹੋਰ ਪਾਰਦਰਸ਼ੀ ਅਤੇ ਸਮਾਂਬੱਧ ਬਣਾਉਣ ਵੱਲ PSEB ਦਾ ਅਹਿਮ ਕਦਮ, ਸਰਟੀਫਿਕੇਟ ਸੋਧ ਲਈ ਘਰ ਬੈਠੇ ਆਨਲਾਈਨ ਸਹੂਲਤ

**ਐਸ.ਏ.ਐਸ. ਨਗਰ 01 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰੀਖਿਆਰਥੀਆਂ ਅਤੇ ਆਮ ਜਨਤਾ ਲਈ ਸਰਟੀਫਿਕੇਟ ਸਬੰਧੀ ਸੇਵਾਵਾਂ ਨੂੰ ਹੋਰ ਸੁਖਾਲਾ, ਪਾਰਦਰਸ਼ੀ ਅਤੇ ਬਿਨੈਕਾਰ-ਪੱਖੀ ਬਣਾਉਣ ਲਈ ਸਰਟੀਫਿਕੇਟਾਂ ਵਿੱਚ ਦਰਜ ਵੇਰਵਿਆਂ ਦੀ ਸੋਧ ਸਬੰਧੀ ਆਨਲਾਈਨ ਸੇਵਾ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਨਵੀਂ ਪਹਿਲਕਦਮੀ ਤਹਿਤ ਬਿਨੈਕਾਰ ਹੁਣ ਘਰ ਬੈਠੇ ਹੀ ਸਰਟੀਫਿਕੇਟ ਵਿੱਚ ਦਰਜ ਨਾਮ, ਪਿਤਾ/ਮਾਤਾ ਦਾ ਨਾਮ, ਜਨਮ ਮਿਤੀ ਆਦਿ ਵਿੱਚ ਸੋਧ ਲਈ ਆਨਲਾਈਨ ਅਰਜ਼ੀ ਜਮ੍ਹਾਂ ਕਰਵਾ ਸਕਣਗੇ। ਪਹਿਲਾਂ ਸਰਟੀਫਿਕੇਟ ਵਿੱਚ ਦਰਜ ਵੇਰਵਿਆਂ ਵਿੱਚ ਸੋਧ ਕਰਵਾਉਣ ਲਈ ਬਿਨੈਕਾਰਾਂ ਨੂੰ ਲੋੜੀਂਦੇ ਸਹਾਇਕ ਦਸਤਾਵੇਜ਼ਾਂ ਦੀ ਤਸਦੀਕ ਕਰਵਾਉਣ ਅਤੇ ਕੇਸ ਜਮ?ਹਾਂ ਕਰਵਾਉਣ ਲਈ ਬੋਰਡ ਦੇ ਖੇਤਰੀ ਦਫਤਰਾਂ ਜਾਂ ਮੁੱਖ ਦਫਤਰ ਵਿਖੇ ਨਿੱਜੀ ਤੌਰ 'ਤੇ ਪਹੁੰਚ ਕਰਨੀ ਪੈਂਦੀ ਸੀ। ਇਸ ਤੋਂ ਇਲਾਵਾ ਆਪਣੇ ਕੇਸ ਦੀ ਪ੍ਰਗਤੀ ਜਾਂ ਸਥਿਤੀ ਜਾਣਨ ਲਈ ਵੀ ਬਿਨੈਕਾਰਾਂ ਨੂੰ ਵਾਰ-ਵਾਰ ਦਫਤਰਾਂ ਦੇ ਚੱਕਰ ਲਗਾਉਣੇ ਪੈਂਦੇ ਸਨ। ਇਸ ਕਾਰਨ ਬਿਨੈਕਾਰਾਂ ਦਾ ਸਮਾਂ ਅਤੇ ਆਵਾਜਾਈ ਦਾ ਖਰਚ ਵੀ ਹੁੰਦਾ ਸੀ, ਖਾਸ ਕਰਕੇ ਦੂਰ-ਦੁਰਾਡੇ ਇਲਾਕਿਆਂ ਵਿੱਚ ਰਹਿੰਦੇ ਪ੍ਰੀਖਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧੇਰੇ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ।

- **ਪੀਐਸਈਬੀ ਵੱਲੋਂ ਸਰਟੀਫਿਕੇਟ ਸੋਧ ਸੇਵਾ ਡਿਜ਼ੀਟਲ, ਬਿਨੈਕਾਰਾਂ ਨੂੰ ਦਫ਼ਤਰਾਂ ਦੇ ਚੱਕਰਾਂ ਤੋਂ ਮਿਲੇਗੀ ਰਾਹਤ**



ਡਾ. ਅਮਰਪਾਲ ਸਿੰਘ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਨਿਰਧਾਰਤ ਸਮੇਂ ਅੰਦਰ ਮੁਹੱਈਆ ਕਰਵਾਉਣ ਲਈ ਲਾਗੂ Punjab Transparency and Accountability in Delivery of Public Services Act ਅਧੀਨ ਬੋਰਡ ਵੱਲੋਂ ਸਰਟੀਫਿਕੇਟ ਵਿੱਚ ਸੋਧਾਂ ਸਬੰਧੀ ਸੇਵਾਵਾਂ ਨੂੰ ਡਿਜੀਟਲ ਕਰਨ ਦਾ ਇਹ ਉਪਰਾਲਾ ਕੀਤਾ ਗਿਆ ਹੈ। ਪਹਿਲਾਂ ਨਿਰਧਾਰਤ ਪ੍ਰਕਿਰਿਆ ਅਧੀਨ ਅਜਿਹੇ ਕੇਸਾਂ ਨੂੰ ਨਿਪਟਾਉਣ ਲਈ 45 ਦਿਨਾਂ ਤੱਕ ਦਾ ਸਮਾਂ ਲੱਗ ਸਕਦਾ ਸੀ, ਹੁਣ 21 ਦਿਨਾਂ ਦੇ ਅੰਦਰ ਸੋਧ ਉਪਰੰਤ ਸਰਟੀਫਿਕੇਟ ਉਮੀਦਵਾਰ ਨੂੰ ਮਿਲ ਜਾਵੇਗਾ।

ਇਸ ਸਬੰਧੀ ਬੋਰਡ ਵੱਲੋਂ certificate.pseb.ac.in ਨਾਂ ਦਾ ਨਵਾਂ ਆਨਲਾਈਨ ਪੋਰਟਲ ਸ਼ੁਰੂ ਕੀਤਾ ਗਿਆ ਹੈ। ਇਸ ਪੋਰਟਲ 'ਤੇ ਹਰੇਕ ਸੇਵਾ ਲਈ ਲੋੜੀਂਦੇ ਦਸਤਾਵੇਜ਼ਾਂ, ਸ਼ਰਤਾਂ ਅਤੇ ਅਰਜ਼ੀ ਜਮ੍ਹਾਂ ਕਰਵਾਉਣ ਸਬੰਧੀ ਹਦਾਇਤਾਂ ਉਪਲਬਧ ਕਰਵਾਈਆਂ ਗਈਆਂ ਹਨ। ਬਿਨੈਕਾਰ ਨੂੰ ਅਰਜ਼ੀ ਦੇਣ ਤੋਂ ਪਹਿਲਾਂ ਹੀ ਲੋੜੀਂਦੀ ਜਾਣਕਾਰੀ ਮਿਲ ਜਾਵੇਗੀ, ਜਿਸ ਨਾਲ ਅਧੂਰੀਆਂ ਅਰਜ਼ੀਆਂ ਅਤੇ ਦਸਤਾਵੇਜ਼ਾਂ ਦੀ ਕਮੀ ਕਾਰਨ ਹੋਣ ਵਾਲੀ ਦੇਰੀ ਨੂੰ ਘਟਾਉਣ ਵਿੱਚ ਮਦਦ ਮਿਲੇਗੀ।

ਨਵੇਂ ਪੋਰਟਲ ਰਾਹੀਂ ਬਿਨੈਕਾਰ ਨੂੰ ਸੇਵਾ ਪ੍ਰਾਪਤ ਕਰਨ ਲਈ ਬੋਰਡ ਦੇ ਦਫਤਰ ਆਉਣ ਦੀ ਲੋੜ ਨਹੀਂ ਰਹੇਗੀ। ਬਿਨੈਕਾਰ ਘਰ ਬੈਠੇ ਪੋਰਟਲ 'ਤੇ ਆਪਣੀ ਅਰਜ਼ੀ ਭਰ ਕੇ ਲੋੜੀਂਦੇ ਸਹਾਇਕ ਦਸਤਾਵੇਜ਼ ਅਪਲੋਡ ਕਰ ਸਕੇਗਾ ਅਤੇ ਆਨਲਾਈਨ ਫੀਸ ਵੀ ਜਮ?ਹਾਂ ਕਰਵਾ ਸਕੇਗਾ।

ਇਸ ਨਵੀਂ ਪ੍ਰਣਾਲੀ ਰਾਹੀਂ ਅਰਜ਼ੀ ਜਮ?ਹਾਂ ਕਰਵਾਉਣ ਤੋਂ ਲੈ ਕੇ ਕੇਸ ਦੀ ਸਥਿਤੀ ਜਾਣਨ ਤੱਕ ਦੀ ਸੇਵਾ ਘਰ ਬੈਠੇ ਪ੍ਰਾਪਤ ਕੀਤੀ ਜਾ ਸਕੇਗੀ ਅਤੇ ਬਿਨੈਕਾਰ ਨੂੰ ਆਪਣੇ ਕੇਸ ਦੀ ਸਥਿੱਤੀ ਸਬੰਧੀ ਜਾਣਕਾਰੀ ਲਈ ਬੋਰਡ ਦੇ ਦਫਤਰਾਂ ਵਿੱਚ ਨਿੱਜੀ ਤੌਰ 'ਤੇ ਪਹੁੰਚ ਕਰਨ ਦੀ ਲੋੜ ਨਹੀਂ ਰਹੇਗੀ।

## ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲਾ 7 ਅਕਤੂਬਰ, 2026 ਨੂੰ ਲਾਇਲਪੁਰ ਖਾਲਸਾ ਕਾਲਜ, ਅਰਬਨ ਅਸਟੇਟ, ਕਪੂਰਥਲਾ ਵਿਖੇ ਹੋਵੇਗਾ

**ਪੈ.ਗਾਮ-ਏ-ਜਗਤ/ਕਪੂਰਥਲਾ (ਜੱਸਪ੍ਰੀਤ ਸਿੰਘ "ਧਿੰਜਣ)**

ਸ਼੍ਰੀਮਤੀ ਜਸਪ੍ਰੀਤ ਕੌਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਕਪੂਰਥਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਸ਼ਾ ਵਿਭਾਗ, ਪੰਜਾਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜ਼ਿਲ੍ਹਾ ਪੱਧਰੀ ਕੁਇਜ਼ (ਪ੍ਰਸ਼ਨੋਤਰੀ) ਮੁਕਾਬਲੇ ਕਰਵਾਏ ਜਾ ਰਹੇ ਹਨ। ਜ਼ਿਲ੍ਹੇ ਦੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਤੋਂ ਪ੍ਰਾਪਤ ਹੋਈਆਂ ਐਂਟਰੀਆਂ ਦੇ ਆਧਾਰ 'ਤੇ ਇਹ ਮੁਕਾਬਲਾ ਮਿਤੀ 07-10-2026 ਨੂੰ ਸਵੇਰੇ 10:30 ਵਜੇ ਲਾਇਲਪੁਰ ਖਾਲਸਾ ਕਾਲਜ, ਅਰਬਨ ਅਸਟੇਟ, ਕਪੂਰਥਲਾ ਵਿਖੇ ਆਯੋਜਿਤ ਕੀਤਾ ਜਾਵੇਗਾ।

ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਸਬੰਧਤ ਸੰਸਥਾਵਾਂ ਦੇ ਮੁਖੀਆਂ ਨੂੰ ਅਪੀਲ ਕੀਤੀ ਹੈ ਕਿ ਵਿਦਿਆਰਥੀਆਂ ਦੀ ਵਰਗ-ਵਾਰ ਰਜਿਸਟ੍ਰੇਸ਼ਨ ਦਾ ਕੰਮ ਸਵੇਰੇ 09:30 ਵਜੇ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਲਈ ਜਿਨ੍ਹਾਂ ਵਿਦਿਆਰਥੀਆਂ ਦੇ ਨਾਂ ਭੇਜੇ ਗਏ ਹਨ, ਉਨ੍ਹਾਂ ਨੂੰ ਨਿਯਤ ਸਮੇਂ ਅਤੇ ਸਥਾਨ 'ਤੇ ਪਹੁੰਚਣ ਲਈ ਸਮੇਂ ਸਿਰ ਸੂਚਿਤ ਕਰ ਦਿੱਤਾ ਜਾਵੇ।



ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ, ਪੰਜਾਬ ਵੱਲੋਂ ਬਾਲ ਗਿਆਨ ਕੁਇਜ਼ ਮੁਕਾਬਲੇ ਦੇ ਨਾਲ-ਨਾਲ ਪੰਜਾਬੀ ਅਤੇ ਹਿੰਦੀ ਭਾਸ਼ਾ ਦੇ ਸਾਹਿਤ ਸਿਰਜਣ ਅਤੇ ਕਾਵਿ-ਗਾਇਨ ਮੁਕਾਬਲੇ ਵੀ ਜ਼ਿਲ੍ਹਾ ਪੱਧਰ 'ਤੇ ਕਰਵਾਏ ਜਾਂਦੇ ਹਨ। ਇਹ ਮੁਕਾਬਲੇ ਵਿਦਿਆਰਥੀਆਂ ਨੂੰ ਆਪਣੇ ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੇ ਮਾਨਸਿਕ ਵਿਕਾਸ ਅਤੇ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ।

ਬਾਲ ਗਿਆਨ ਕੁਇਜ਼ ਮੁਕਾਬਲੇ ਵਿੱਚ ਜ਼ਿਲ੍ਹਾ ਪੱਧਰ 'ਤੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਕ੍ਰਮਵਾਰ 1000/-, 750/- ਅਤੇ 500/- ਰੁਪਏ ਦਾ ਨਕਦ ਇਨਾਮ (ਜਾਂ ਇਸੇ ਮੁੱਲ ਦੀਆਂ ਪੁਸਤਕਾਂ) ਅਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਜਾਣਗੇ। ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਰਾਜ ਪੱਧਰੀ ਮੁਕਾਬਲੇ ਵਿੱਚ ਸ਼ਿਰਕਤ ਕਰਨ ਦੇ ਯੋਗ ਹੋਣਗੇ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਮੋਹਾਲੀ ਤੋਂ 2 ਬੱਸਾਂ ਰਵਾਨਾ

**ਪੈ.ਗਾਮ-ਏ-ਜਗਤ ਮੋਹਾਲੀ, 30 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਪੰਜਾਬ ਭਰ ਦੇ ਵਿੱਚੋਂ ਰੋਜ਼ਾਨਾ ਬੱਸਾਂ ਸ਼੍ਰੀ ਅੰਮ੍ਰਿਤਸਰ ਸਾਹਿਬ ਸਥਿਤ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਬਾਘਾ ਬਾਰਡਰ ਅਤੇ ਜਲਿਆਂ ਵਾਲੇ ਬਾਗ ਦੇ ਦਰਸ਼ਨ ਕਰਨ ਲਈ ਜਾ ਰਹੀਆਂ ਹਨ।

- **ਹਲਕਾ ਕੋਆਰਡੀਨੇਟਰ-ਫੂਲਰਾਜ ਸਿੰਘ ਨੇ ਦਿੱਤੀ ਬੱਸਾਂ ਨੂੰ ਹਰੀ ਝੰਡੀ**



ਇਸ ਦੇ ਨਾਲ ਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਖਾਟੂਸ਼ਾਮ, ਬਾਲਾਸਰ, ਵਰਿੰਦਾਵਨ, ਰਿਸ਼ੀਕੇਸ਼ ਵਿਖੇ ਵੀ ਸ਼ਰਧਾਲੂਆਂ ਨੂੰ ਨਤਮਸਤਕ ਹੋਣ ਦੇ ਲਈ ਪੰਜਾਬ ਸਰਕਾਰ ਵੱਲੋਂ ਸਮੁੱਚੇ ਪ੍ਰਬੰਧ ਕੀਤੇ ਗਏ ਹਨ ਅਤੇ ਰੋਜ਼ਾਨਾ ਵੱਡੀ ਗਿਣਤੀ ਦੇ ਵਿੱਚ ਸ਼ਰਧਾਲੂ ਇਸ ਯਾਤਰਾ ਲਈ ਰਵਾਨਾ ਹੋ ਰਹੇ ਹਨ। ਅੱਜ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਵਿਧਾਨ ਸਭਾ ਹਲਕਾ ਮੋਹਾਲੀ ਤੋਂ 2 ਬੱਸਾਂ ਰਵਾਨਾ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਇੱਕ ਬੱਸ ਵਾਰਡ ਨੰਬਰ-9 ਤੋਂ ਸੀਨੀਅਰ ਨੇਤਾ-ਕੌਂਸਲਰ ਅਨੂ ਬੱਬਰ ਅਤੇ ਦੂਸਰੀ ਪਿੰਡ ਮੋਟੇ ਮਾਜਰਾ ਤੋਂ ਰਵਾਨਾ ਹੋਈ।

ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ ਨੇ ਕਿਹਾ ਕਿ ਪੰਜਾਬ ਨਿਵਾਸੀ ਅੱਜ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਬਹੁਤ ਧੰਨਵਾਦੀ ਹਨ, ਜਿਨ੍ਹਾਂ ਨੇ ਸੀਨੀਅਰ ਸਿਟੀਜਨ ਦੀ ਆਸਥਾ ਅਤੇ ਸ਼ਰਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਸ਼ੁਰੂਆਤ ਕੀਤੀ ਹੈ। ਇਸ ਯਾਤਰਾ ਦੇ ਨਾਲ ਜਿੱਥੇ ਸ਼ਰਧਾਲੂ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨ ਕਰ ਰਹੇ ਹਨ, ਉੱਥੇ ਆਪਸੀ ਭਾਈਚਾਰਕ ਸਾਂਝ ਵੀ ਵੱਧਦੀ ਹੈ। ਸ਼ਰਧਾਲੂ ਬਹੁਤੀ ਵਾਰ ਆਪਸ ਵਿੱਚ ਕਦੀ ਮਿਲੇ ਵੀ ਨਹੀਂ ਹੁੰਦੇ ਹਨ, ਉਹ ਇਸ ਯਾਤਰਾ ਦੇ ਜ਼ਰੀਏ ਆਪਸ ਵਿੱਚ ਇਕੱਠਿਆਂ ਸਮਾਂ ਬਤੀਤ ਕਰਦੇ ਹਨ ਅਤੇ ਇੱਕ ਦੂਸਰੇ ਬਾਰੇ ਚੰਗੀ ਤਰ੍ਹਾਂ ਜਾਣਦੇ ਹਨ, ਜਿਸ ਦੇ ਨਾਲ ਉਹ ਇੱਕ ਦੂਸਰੇ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋਣਾ ਸ਼ੁਰੂ ਕਰ ਦਿੰਦੇ ਹਨ, ਜੋ ਕਿ ਇੱਕ ਉਸਾਰੂ ਸਮਾਜ ਦੀ ਸਿਰਜਣਾ ਵਿੱਚ ਵੱਡਾ ਯੋਗਦਾਨ ਹੁੰਦਾ ਹੈ। ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਇਸ ਯਾਤਰਾ ਦੇ ਦੌਰਾਨ ਸ਼ਰਧਾਲੂਆਂ ਦੇ ਨਾਲ ਹਮੇਸ਼ਾ ਗਾਈਡ ਵੀ ਉਪਲਬਧ ਰਹਿੰਦਾ ਹੈ, ਜੋ ਇਹਨਾਂ ਤੀਰਥ ਅਸਥਾਨਾਂ ਦੀ ਇਤਿਹਾਸਿਕ ਮਹੱਤਤਾ ਦੇ ਬਾਰੇ ਵਿੱਚ ਸ਼ਰਧਾਲੂਆਂ ਨੂੰ ਪੂਰੀ ਜਾਣਕਾਰੀ ਮੁਹੱਈਆ ਕਰਵਾਉਂਦਾ ਹੈ। ਪਿੰਡ ਮੋਟੇ ਮਾਜਰਾ ਅਤੇ ਵਾਰਡ ਨੰਬਰ-9 ਤੋਂ ਬੱਸ ਨੂੰ ਰਵਾਨਾ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੌਂਸਲਰ ਅਨੂ ਬੱਬਰ ਨੇ ਕਿਹਾ ਕਿ ਅੱਜ ਵਾਰਡ ਨੰਬਰ-9 ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੂਸਰੀ ਬੱਸ ਭੇਜੀ ਗਈ ਹੈ। ਅਸੀਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਸਾਡੇ ਬਜ਼ੁਰਗਾਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਜੋ ਉਪਰਾਲਾ ਕੀਤਾ ਗਿਆ ਹੈ, ਬਜ਼ੁਰਗਾਂ ਦੇ ਚਿਹਰਿਆਂ 'ਤੇ ਦਿਖ ਰਹੀ ਖ਼ੁਸ਼ੀ ਬਿਆਨ ਕਰਨ ਤੋਂ ਪਰੇ ਹੈ।

## ਜ਼ਿਲ੍ਹੇ ਵਿੱਚ ਝੋਨੇ ਦੀ ਖਰੀਦ ਦੇ ਪਹਿਲੇ ਦਿਨ 300 ਕਿਸਾਨਾਂ ਤੋਂ ਕਰੀਬ 2000 ਮੀਟ੍ਰਿਕ ਟਨ ਝੋਨਾ ਖਰੀਦਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 1 ਅਕਤੂਬਰ (ਪੈ.ਗਾਮ-ਏ-ਜਗਤ)**

ਸਾਉਣੀ ਮੰਡੀਕਰਨ ਸੀਜ਼ਨ 2026-27 ਲਈ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਝੋਨੇ ਦੀ ਸਰਕਾਰੀ ਖਰੀਦ ਅੱਜ ਸ਼ੁਰੂ ਹੋ ਗਈ। ਖਰੀਦ ਦੇ ਪਹਿਲੇ ਦਿਨ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਰੀਬ 300 ਕਿਸਾਨਾਂ ਤੋਂ ਕਰੀਬ 2000 ਮੀਟ੍ਰਿਕ ਟਨ ਝੋਨਾ ਖਰੀਦਿਆ ਗਿਆ। ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐੱਸ. ਨੇ ਸਮੂਹ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਝੋਨੇ ਦੀ ਖਰੀਦ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾਵੇ ਤਾਂ ਜੋ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਜ਼ਿਲ੍ਹੇ ਵਿੱਚ ਝੋਨੇ ਦੀ ਖਰੀਦ ਲਈ ਕੁੱਲ 18 ਖਰੀਦ ਕੇਂਦਰ ਨੋਟੀਫਾਈ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਾਰੇ ਖਰੀਦ ਕੇਂਦਰਾਂ 'ਤੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਖਰੀਦ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਖਰੀਦੇ ਗਏ ਝੋਨੇ ਦੀ ਸਮੇਂ ਸਿਰ ਖਰੀਦ ਅਤੇ ਚੁਕਾਈ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਮੰਡੀਆਂ ਵਿੱਚ ਕਿਸਾਨਾਂ ਲਈ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ। ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਾਰੀਆਂ ਖਰੀਦ ਏਜੰਸੀਆਂ ਵੱਲੋਂ ਖਰੀਦ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਖਰੀਦ ਦੀ ਰਫ਼ਤਾਰ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਵੱਧ ਨਮੀ ਕਾਰਨ ਖਰੀਦ ਵਿੱਚ ਕਿਸੇ ਤਰ੍ਹਾਂ ਦੀ ਦੇਰੀ ਨਾ ਹੋਵੇ। ਉਨ੍ਹਾਂ ਕਿਸਾਨਾਂ ਨੂੰ ਨਿਰਧਾਰਤ ਨਮੀ ਦੀ ਹੱਦ ਅਨੁਸਾਰ ਝੋਨਾ ਮੰਡੀਆਂ ਵਿੱਚ ਲਿਆਉਣ ਅਤੇ ਖਰੀਦ ਪ੍ਰਕਿਰਿਆ ਵਿੱਚ ਪ੍ਰਸ਼ਾਸਨ ਤੇ ਖਰੀਦ ਏਜੰਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਸਾਨਾਂ ਨੂੰ ਵਾਤਾਵਰਣ ਦੀ ਸੁਰੱਖਿਆ ਲਈ ਝੋਨੇ ਦੀ ਪਰਾਲੀ ਦਾ ਫ਼ਸਲ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਦੀ ਮਦਦ ਨਾਲ ਯੋਗ ਪ੍ਰਬੰਧਨ ਕਰਨ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਵੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਪਰਾਲੀ ਦਾ ਜ਼ਿੰਮੇਵਾਰੀ ਨਾਲ ਪ੍ਰਬੰਧਨ ਵਾਤਾਵਰਣ ਦੀ ਸੁਰੱਖਿਆ ਦੇ ਨਾਲ-ਨਾਲ ਸਾਫ਼ ਹਵਾ ਨੂੰ ਯਕੀਨੀ ਬਣਾਉਣ ਵਿੱਚ ਵੀ ਅਹਿਮ ਯੋਗਦਾਨ ਪਾਵੇਗਾ।

# ਪ੍ਰਸ਼ਾਸਕ ਨੇ ਨਿਯਮਿਤ ਸਵੈ-ਇੱਛਤ ਖੂਨਦਾਨ ਨੂੰ 'ਜਨ-ਅੰਦੋਲਨ' ਬਣਾਉਣ ਦਾ ਸੱਦਾ ਦਿੱਤਾ

**ਪੈ.ਗਾਮ-ਏ-ਜਗਤ**
**ਚੰਡੀਗੜ੍ਹ, 1 ਅਕਤੂਬਰ**
**(ਹਰਮਿੰਦਰ ਸਿੰਘ ਨਾਗਪਾਲ)**




ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼?ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਾਗਰਿਕਾਂ ਨੂੰ ਨਿਯਮਿਤ ਤੌਰ 'ਤੇ ਸਵੈ-ਇੱਛਤ ਖੂਨਦਾਨ ਕਰਨ ਅਤੇ ਇਸ ਨੂੰ ਇੱਕ ਨਿਰੰਤਰ ਸਮਾਜਿਕ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਇਹ ਸਮਾਗਮ 'ਰਾਸ਼ਟਰੀ ਸਵੈ-ਇੱਛਤ ਖੂਨਦਾਨ ਦਿਵਸ' ਅਵਸਰ 'ਤੇ ਜੀਐੱਮਸੀਐੱਚ-32 ਵੱਲੋਂ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ 'ਟ੍ਰਾਂਸਫਿਊਜ਼ਨ ਮੈਡੀਸਿਨ' ਵਿਭਾਗ ਨੇ ਲੋੜਵੰਦ ਮਰੀਜ਼ਾਂ ਨੂੰ ਸਮੇਂ 'ਤੇ ਸੁਰੱਖਿਅਤ ਖੂਨ ਉਪਲਬਧ ਕਰਵਾਉਣ ਵਿੱਚ ਸਵੈ-ਇੱਛਤ ਖੂਨਦਾਨ ਦੇ ਮਹੱਤਵ ਬਾਰੇ ਦੱਸਿਆ।

ਪ੍ਰਸ਼ਾਸਕ ਨੇ ਸਮਾਗਮ ਵਿੱਚ ਮੌਜੂਦ ਨੌਜਵਾਨਾਂ, ਗ਼ੈਰ-ਸਰਕਾਰੀ ਸੰਗਠਨਾਂ ਦੇ ਪ੍ਰਤੀਨਿਧੀਆਂ ਅਤੇ ਹੋਰ ਪ੍ਰਤੀਭਾਗੀਆਂ ਦੇ ਨਾਲ ਸਵੈ-ਇੱਛਤ ਖੂਨਦਾਨ ਕਰਨ ਦੀ ਸਹੁੰ ਵੀ ਚੁਕਾਈ। ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਦੇ ਵਿਭਿੰਨ ਗ਼ੈਰ-ਸਰਕਾਰੀ ਸੰਗਠਨਾਂ ਦੇ ਨਾਲ-ਨਾਲ ਥੈਲੇਸੀਮੀਆ ਤੋਂ ਪੀੜਿਤ ਬੱਚਿਆਂ ਲਈ ਨਿਯਮਿਤ ਖੂਨਦਾਨ ਕਰਨ ਵਾਲੇ ਖੂਨਦਾਨੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਜਿਨ੍ਹਾਂ ਪਰਿਵਾਰਾਂ ਨੇ ਮੈਡੀਕਲ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਟ੍ਰੇਨਿੰਗ ਲਈ ਆਪਣੇ ਸਵਰਗਵਾਸੀ ਰਿਸ਼ਤੇਦਾਰਾਂ ਦੀਆਂ ਮ੍ਰਿਤਕ ਦੇਹਾਂ ਜੀਐੱਮਸੀਐੱਚ, ਚੰਡੀਗੜ੍ਹ ਨੂੰ ਦਾਨ ਕੀਤੀਆਂ, ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਪ੍ਰਸ਼ਾਸਕ ਨੇ ਦੱਸਿਆ ਕਿ ਚੰਡੀਗੜ੍ਹ ਨੇ 2025-26 ਦੌਰਾਨ 1,028 ਸਵੈ-ਇੱਛਤ ਖੂਨਦਾਨ ਕੈਂਪ ਲਗਾਏ ਅਤੇ 1,06,064 ਯੂਨਿਟ ਖੂਨ ਇਕੱਠਾ ਕੀਤਾ, ਜਿਸ ਨਾਲ ਇਹ ਲਗਾਤਾਰ ਚੌਥੇ ਸਾਲ ਸਵੈ-ਇੱਛਤ ਖੂਨਦਾਨ ਵਿੱਚ ਬਿਹਤਰੀਨ ਕੇਂਦਰ ਸ਼ਾਸਿਤ ਪ੍ਰਦੇਸ਼ ਹੋਣ ਦਾ ਪੁਰਸਕਾਰ ਬਰਕਰਾਰ ਰੱਖਣ ਵਿੱਚ ਕਾਮਯਾਬ ਰਿਹਾ। ਨੌਜਵਾਨਾਂ ਦੀ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ, ਕਟਾਰੀਆ ਨੇ ਨਾਗਰਿਕਾਂ, ਵਿੱਦਿਅਕ ਸੰਸਥਾਵਾਂ, ਉਦਯੋਗਾਂ, ਸਮਾਜਿਕ ਅਤੇ ਧਾਰਮਿਕ ਸੰਗਠਨਾਂ ਅਤੇ ਗ਼ੈਰ-ਸਰਕਾਰੀ ਸੰਗਠਨਾਂ ਨੂੰ ਨਿਯਮਿਤ ਸਵੈ-ਇੱਛਤ ਖੂਨਦਾਨ ਨੂੰ ਹੁਲਾਰਾ ਦੇਣ ਅਤੇ ਇਸ ਨਾਲ ਜੁੜੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਨੇ ਕਿਹਾ ਕਿ ਖੂਨ ਦਾ ਨਿਰਮਾਣ ਨਹੀਂ ਕੀਤਾ ਜਾ ਸਕਦਾ ਅਤੇ ਸਵੈ-ਇੱਛਤ ਖੂਨਦਾਨੀ ਹੀ ਇਸ ਦਾ ਇੱਕੋ-ਇੱਕ ਮਾਨਵੀ ਸਰੋਤ ਹਨ। ਉਨ੍ਹਾਂ ਨੇ ਸਾਰਿਆਂ ਨੂੰ ਇਹ ਸੁਨਿਸ਼ਚਿਤ ਕਰਨ ਦਾ ਸੱਦਾ ਦਿੱਤਾ ਕਿ ਖੂਨ ਦੀ ਉਪਲਬਧਤਾ ਨਾ ਹੋਣ ਕਾਰਨ ਕਿਸੇ ਵੀ ਮਰੀਜ਼ ਦਾ ਇਲਾਜ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਦੀ ਪਹਿਚਾਣ ਕੇਵਲ ਇੱਕ ਆਧੁਨਿਕ, ਸਵੱਛ ਅਤੇ ਸੁੰਦਰ ਸ਼ਹਿਰ ਦੇ ਰੂਪ ਵਿੱਚ ਹੀ ਨਹੀਂ, ਬਲਕਿ ਸਵੈ-ਇੱਛਤ ਖੂਨਦਾਨ, ਨਿਰਸੁਆਰਥ ਸੇਵਾ ਅਤੇ ਮਾਨਵੀ ਜ਼ਿੰਮੇਦਾਰੀ ਦੇ ਮਜ਼ਬੂਤ ਸੱਭਿਆਚਾਰ ਵਾਲੇ ਸ਼ਹਿਰ ਦੇ ਰੂਪ ਵਿੱਚ ਵੀ ਹੋਣੀ ਚਾਹੀਦੀ ਹੈ।

ਸਵੈ-ਇੱਛਤ ਖੂਨਦਾਨ ਲੋੜਵੰਦ ਮਰੀਜ਼ਾਂ ਲਈ ਉਚਿਤ ਮਾਤਰਾ ਵਿੱਚ ਸੁਰੱਖਿਅਤ ਖੂਨ ਦੀ ਉਪਲਬਧਤਾ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਰਜਰੀ ਅਤੇ ਮੈਡੀਕਲ ਐਮਰਜੈਂਸੀ ਦੇ ਇਲਾਵਾ ਜਣੇਪੇ ਦੇ ਦੌਰਾਨ ਕਠਿਨਾਈਆਂ ਦੇ ਕਾਰਨ ਅਧਿਕ ਖੂਨ ਦੀ ਜ਼ਰੂਰਤ ਵਾਲੀਆਂ ਮਹਿਲਾਵਾਂ, ਗੰਭੀਰ ਅਨੀਮੀਆ ਤੋਂ ਪੀੜਿਤ ਬੱਚਿਆਂ ਅਤੇ ਥੈਲੇਸੀਮੀਆ, ਹੀਮੋਫੀਲੀਆ ਅਤੇ ਹੋਰ ਖੂਨ ਸਬੰਧੀ ਬਿਮਾਰੀਆਂ ਤੋਂ ਪੀੜਿਤ ਮਰੀਜ਼ਾਂ ਦੇ ਇਲਾਜ ਵਿੱਚ ਵੀ ਖੂਨ ਦੀ ਨਿਯਮਿਤ ਜ਼ਰੂਰਤ ਹੁੰਦੀ ਹੈ। ਇਸ ਅਵਸਰ 'ਤੇ ਸਿਹਤ ਸਕੱਤਰ ਮਨਦੀਪ ਸਿੰਘ ਬਰਾੜ; ਡਾਇਰੈਕਟਰ ਪ੍ਰਿੰਸੀਪਲ ਪ੍ਰੋਫੈਸਰ ਰਵਨੀਤ ਕੌਰ; ਜੁਆਇੰਟ ਡਾਇਰੈਕਟਰ ਡਾ. ਅਤੁਲ ਧਕਨੇ; ਅਤੇ ਮੈਡੀਕਲ ਸੁਪਰਡੈਂਟ ਪ੍ਰੋਫੈਸਰ ਵਿਸ਼ਾਲ ਗੁਗਲਾਨੀ ਵੀ ਉਪਸਥਿਤ ਸਨ। ਪ੍ਰਸ਼ਾਸਕ ਨੇ ਸਵੈ-ਇੱਛਤ ਖੂਨਦਾਨੀਆਂ, ਜੀਐੱਮਸੀਐੱਚ-32 ਦੇ ਟਰਾਂਸਫਿਊਜ਼ਨ ਮੈਡੀਸਿਨ ਵਿਭਾਗ ਦੇ ਡਾਕਟਰਾਂ, ਤਕਨੀਕੀ ਅਤੇ ਨਰਸਿੰਗ ਸਟਾਫ਼, ਅਤੇ ਪੂਰੇ ਵਰ੍ਹੇ ਖੂਨਦਾਨ ਕੈਂਪ ਆਯੋਜਿਤ ਕਰਨ ਵਾਲੇ ਸੰਗਠਨਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

# ਸਾਈਬਰ ਧੋਖਾਧੜੀ ਵਿੱਚ 'ਗੋਲਡਨ ਆਵਰ' ਬੇਹੱਦ ਅਹਿਮ, ਠੱਗੀ ਤੋਂ ਤੁਰੰਤ ਬਾਅਦ 1930 'ਤੇ ਕਰੋ ਕਾਲ : ਐਸ.ਪੀ. ਹਾਂਸੀ ਵਿਨੋਦ ਕੁਮਾਰ

**ਹਾਂਸੀ, 1 ਅਕਤੂਬਰ**
**(ਪੈ.ਗਾਮ-ਏ-ਜਗਤ)**

ਹਾਂਸੀ ਦੇ ਪੁਲਿਸ ਅਧਿਕਾਰੀ ਵਿਨੋਦ ਕੁਮਾਰ ਨੇ ਆਮ ਲੋਕਾਂ ਨੂੰ ਸਾਈਬਰ ਠੱਗੀ ਤੋਂ ਬਚਾਅ ਅਤੇ ਠੱਗੀ ਹੋਣ ਦੀ ਸਥਿਤੀ ਵਿੱਚ ਤੁਰੰਤ ਕਾਰਵਾਈ ਕਰਨ ਦੀ ਸਲਾਹ ਦਿੰਦਿਆਂ ਮਹੱਤਵਪੂਰਨ ਐਡਵਾਈਜ਼ਰੀ ਜਾਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਈਬਰ ਧੋਖਾਧੜੀ ਵਿੱਚ ਸਮਾਂ ਸਭ ਤੋਂ ਮਹੱਤਵਪੂਰਨ ਹੁੰਦਾ ਹੈ। ਠੱਗੀ ਤੋਂ ਬਾਅਦ ਦਾ ਸ਼ੁਰੂਆਤੀ ਸਮਾਂ, ਜਿਸ ਨੂੰ 'ਗੋਲਡਨ ਆਵਰ' ਕਿਹਾ ਜਾਂਦਾ ਹੈ, ਦੌਰਾਨ ਕੀਤੀ ਗਈ ਤੁਰੰਤ ਕਾਰਵਾਈ ਠੱਗੀ ਦੀ ਰਕਮ ਨੂੰ ਅੱਗੇ ਤਬਦੀਲ ਹੋਣ ਤੋਂ ਰੋਕਣ ਵਿੱਚ ਮਦਦਗਾਰ ਹੋ ਸਕਦੀ ਹੈ।

ਪੁਲਿਸ ਅਧਿਕਾਰੀ ਨੇ ਦੱਸਿਆ ਕਿ ਸਾਈਬਰ ਠੱਗ ਅਕਸਰ ਪੀੜਤ ਦੇ ਖਾਤੇ ਵਿੱਚੋਂ ਰਕਮ ਕਢਵਾਉਣ ਤੋਂ ਬਾਅਦ ਉਸ ਨੂੰ ਵੱਖ-ਵੱਖ ਬੈਂਕ ਖਾਤਿਆਂ ਵਿੱਚ ਤੇਜ਼ੀ ਨਾਲ ਤਬਦੀਲ ਕਰ ਦਿੰਦੇ ਹਨ। ਅਜਿਹੇ ਵਿੱਚ ਜੇਕਰ ਪੀੜਤ ਠੱਗੀ ਦਾ ਪਤਾ ਲੱਗਣ ਤੋਂ ਬਾਅਦ ਸ਼ਿਕਾਇਤ ਕਰਨ ਵਿੱਚ ਦੇਰੀ ਕਰਦਾ ਹੈ ਤਾਂ ਰਕਮ ਦੇ ਅੱਗੇ ਕਈ ਖਾਤਿਆਂ ਵਿੱਚ ਪਹੁੰਚ ਜਾਣ ਦੀ ਸੰਭਾਵਨਾ ਵੱਧ ਜਾਂਦੀ ਹੈ। ਇਸ ਲਈ ਸਾਈਬਰ ਧੋਖਾਧੜੀ ਦਾ ਪਤਾ ਲੱਗਦੇ ਹੀ ਕਿਸੇ ਵੀ ਤਰ੍ਹਾਂ ਦੀ ਝਿਜਕ ਜਾਂ ਉਡੀਕ ਕੀਤੇ ਬਿਨਾਂ ਤੁਰੰਤ ਕਾਰਵਾਈ ਕਰਨੀ ਜ਼ਰੂਰੀ ਹੈ।

ਠੱਗੀ ਹੁੰਦੇ ਹੀ ਇਹ ਕਦਮ ਚੁੱਕੋ

ਤੁਰੰਤ 1930 'ਤੇ ਕਾਲ ਕਰੋ।

ਸਾਈਬਰ ਠੱਗੀ ਦਾ ਪਤਾ ਲੱਗਦੇ ਹੀ ਰਾਸ਼ਟਰੀ ਸਾਈਬਰ ਹੈਲਪਲਾਈਨ ਨੰਬਰ 1930 'ਤੇ ਤੁਰੰਤ ਸੂਚਨਾ ਦਿਓ।



ਐਨ.ਸੀ.ਆਰ.ਪੀ. 'ਤੇ ਸ਼ਿਕਾਇਤ ਦਰਜ ਕਰੋ। ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ 'ਤੇ ਆਨਲਾਈਨ ਸ਼ਿਕਾਇਤ ਦਰਜ ਕਰਵਾਓ, ਤਾਂ ਜੋ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਸ਼ੁਰੂ ਕੀਤੀ ਜਾ ਸਕੇ।

ਬੈਂਕ ਨੂੰ ਵੀ ਤੁਰੰਤ ਸੂਚਿਤ ਕਰੋ।

ਜੇਕਰ ਠੱਗੀ ਦੀ ਰਕਮ ਬੈਂਕ ਖਾਤੇ ਵਿੱਚੋਂ ਕਢੀ ਗਈ ਹੈ ਤਾਂ ਸਬੰਧਤ ਬੈਂਕ/ਵਿੱਤੀ ਸੰਸਥਾ ਨੂੰ ਵੀ ਤੁਰੰਤ ਜਾਣਕਾਰੀ ਦਿਓ।

ਸਬੂਤ ਸੁਰੱਖਿਅਤ ਰੱਖੋ।

ਠੱਗੀ ਨਾਲ ਸਬੰਧਤ ਮੋਬਾਈਲ ਨੰਬਰ, ਸੁਨੇਹੇ, ਸਕ੍ਰੀਨਸ਼ਾਟ, ਬੈਂਕ ਲੈਣ-ਦੇਣ ਦੀ ਜਾਣਕਾਰੀ, ਯੂ.ਪੀ.ਆਈ. ਆਈ.ਡੀ., ਲਿੰਕ ਜਾਂ ਹੋਰ ਉਪਲਬਧ ਡਿਜੀਟਲ ਸਬੂਤਾਂ ਨੂੰ ਸੁਰੱਖਿਅਤ ਰੱਖੋ ਅਤੇ ਪੁਲਿਸ ਨੂੰ ਉਪਲਬਧ ਕਰਵਾਓ।

'ਗੋਲਡਨ ਆਵਰ' ਵਿੱਚ ਕਾਰਵਾਈ, ਰਕਮ ਰੋਕਣ ਵਿੱਚ ਮਦਦਗਾਰ

ਪੁਲਿਸ ਅਧਿਕਾਰੀ ਵਿਨੋਦ ਕੁਮਾਰ ਨੇ ਕਿਹਾ ਕਿ ਸਾਈਬਰ ਅਪਰਾਧ ਦੇ ਮਾਮਲੇ ਵਿੱਚ ਇੱਕ-ਇੱਕ ਮਿੰਟ ਮਹੱਤਵਪੂਰਨ ਹੁੰਦਾ ਹੈ। ਠੱਗੀ ਦੀ ਰਕਮ ਜਿੰਨੀ ਦੇਰ ਤੱਕ ਬੈਂਕਿੰਗ ਪ੍ਰਣਾਲੀ ਵਿੱਚ ਰਹਿੰਦੀ ਹੈ, ਉਸ ਨੂੰ ਸਬੰਧਤ ਖਾਤਿਆਂ ਵਿੱਚ ਰੋਕਣ ਜਾਂ ਫ?ਰੀਜ਼ ਕਰਵਾਉਣ ਲਈ ਓਨੀ ਹੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਇਸ ਲਈ ਨਾਗਰਿਕਾਂ ਨੂੰ ਠੱਗੀ ਤੋਂ ਬਾਅਦ ਸ਼ਰਮਿੰਦਗੀ ਜਾਂ ਡਰ ਕਾਰਨ ਚੁੱਪ ਨਹੀਂ ਰਹਿਣਾ ਚਾਹੀਦਾ, ਸਗੋਂ ਤੁਰੰਤ 1930 'ਤੇ ਕਾਲ ਕਰਕੇ ਘਟਨਾ ਦੀ ਜਾਣਕਾਰੀ ਦੇਣੀ ਚਾਹੀਦੀ ਹੈ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਈਬਰ ਧੋਖਾਧੜੀ ਹੋਣ 'ਤੇ ਉਡੀਕ ਨਾ ਕਰੋ ਅਤੇ ਖੁਦ ਰਕਮ ਵਾਪਸ ਲੈਣ ਦੀ ਕੋਸ਼ਿਸ਼ ਵਿੱਚ ਸਮਾਂ ਬਰਬਾਦ ਨਾ ਕਰੋ। ਤੁਰੰਤ ਸ਼ਿਕਾਇਤ ਕਰੋ, ਕਿਉਂਕਿ ਸਮੇਂ ਸਿਰ ਦਿੱਤੀ ਗਈ ਸੂਚਨਾ ਸਾਈਬਰ ਠੱਗੀ ਦੀ ਰਕਮ ਨੂੰ ਅੱਗੇ ਜਾਣ ਤੋਂ ਰੋਕਣ ਦੀ ਕਾਰਵਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

# ਏ.ਡੀ.ਸੀ. ਲਕਸ਼ਿਤ ਸਰੀਨ ਦੀ ਪ੍ਰਧਾਨਗੀ ਹੇਠ ਐਸ.ਡੀ. ਮਹਿਲਾ ਕਾਲਜ ਦੇ ਆਡੀਟੋਰੀਅਮ ਵਿੱਚ ਪਿੰਡ ਪੱਧਰੀ ਟਾਸਕ ਫੋਰਸ ਕਮੇਟੀਆਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੀਟਿੰਗ ਆਯੋਜਿਤ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**



ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਗਰਾਨੀ ਪ੍ਰਬੰਧ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ। ਇਸੇ ਲੜੀ ਤਹਿਤ ਐਸ.ਡੀ. ਮਹਿਲਾ ਕਾਲਜ, ਹਾਂਸੀ ਦੇ

**• ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਪੂਰੀ ਤਰ੍ਹਾਂ ਰੋਕ ਲਗਾਉਣ ਲਈ ਪਿੰਡ ਪੱਧਰੀ ਟਾਸਕ ਫੋਰਸ ਰੱਖੇਗੀ ਤਿੱਖੀ ਨਜ਼ਰ**

ਆਡੀਟੋਰੀਅਮ ਵਿੱਚ ਪਿੰਡ ਪੱਧਰੀ ਟਾਸਕ ਫੋਰਸ ਕਮੇਟੀਆਂ ਵਿੱਚ ਸ਼ਾਮਲ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ ਲਕਸ਼ਿਤ ਸਰੀਨ ਨੇ ਕੀਤੀ। ਮੀਟਿੰਗ ਵਿੱਚ ਹਾਂਸੀ, ਨਾਰਨੌਂਦ ਅਤੇ ਬਾਸ ਖੇਤਰਾਂ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਬਣਾਈਆਂ ਗਈਆਂ ਨਿਗਰਾਨੀ ਕਮੇਟੀਆਂ ਦੇ ਕੰਮਾਂ ਅਤੇ ਹੁਣ ਤੱਕ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਗਈ।

ਮੀਟਿੰਗ ਵਿੱਚ ਹਾਂਸੀ, ਨਾਰਨੌਂਦ ਅਤੇ ਬਾਸ ਖੇਤਰਾਂ ਲਈ ਕੁੱਲ 97 ਨਿਗਰਾਨੀ ਕਮੇਟੀਆਂ ਬਣਾਈਆਂ ਗਈਆਂ। ਹਰੇਕ ਕਮੇਟੀ ਵਿੱਚ ਪਟਵਾਰੀ, ਗ੍ਰਾਮ ਸਕੱਤਰ, ਪੁਲਿਸ ਵਿਭਾਗ ਦਾ ਇੱਕ ਕਰਮਚਾਰੀ ਅਤੇ ਖੇਤੀਬਾੜੀ ਵਿਭਾਗ ਦਾ ਇੱਕ ਕਰਮਚਾਰੀ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਕਮੇਟੀਆਂ ਨੂੰ ਆਪਣੇ-ਆਪਣੇ ਨਿਰਧਾਰਤ ਪਿੰਡਾਂ ਅਤੇ ਖੇਤਰਾਂ ਵਿੱਚ ਨਿਯਮਤ ਨਿਗਰਾਨੀ ਰੱਖਣ ਅਤੇ ਖੇਤਾਂ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀ ਕਿਸੇ ਵੀ ਘਟਨਾ ਦੀ ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚ ਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਵਧੀਕ ਡਿਪਟੀ ਕਮਿਸ਼ਨਰ ਲਕਸ਼ਿਤ ਸਰੀਨ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ-ਆਪਣੇ ਨਿਰਧਾਰਤ ਖੇਤਰਾਂ ਵਿੱਚ ਨਿਯਮਤ ਦੌਰੇ ਕਰਨ ਅਤੇ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ 'ਤੇ ਤਿੱਖੀ ਨਜ਼ਰ ਰੱਖਣ। ਉਨ੍ਹਾਂ ਕਿਹਾ ਕਿ ਨਿਗਰਾਨੀ ਕਮੇਟੀਆਂ ਆਪਣੇ ਖੇਤਰ ਵਿੱਚ ਹੋਣ ਵਾਲੀਆਂ ਗਤੀਵਿਧੀਆਂ ਦਾ ਢੁਕਵਾਂ ਰਿਕਾਰਡ ਅਤੇ ਰਿਪੋਰਟ ਤਿਆਰ ਰੱਖਣ ਅਤੇ ਕਿਸੇ ਵੀ ਘਟਨਾ ਦੀ ਸੂਚਨਾ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਉਪਲਬਧ ਕਰਵਾਉਣ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਗਰਾਨੀ ਪ੍ਰਬੰਧ ਸਿਰਫ਼ ਕਾਗਜ਼ਾਂ ਤੱਕ ਸੀਮਤ ਨਾ ਰਹੇ, ਸਗੋਂ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਦਿਖਾਈ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀ ਰੋਕਥਾਮ ਨੂੰ ਅਤਿ ਜ਼ਰੂਰੀ ਕੰਮ ਮੰਨਦਿਆਂ ਸਾਰੇ ਅਧਿਕਾਰੀ ਅਤੇ ਕਰਮਚਾਰੀ ਪੂਰੀ ਨਿਸ਼ਠਾ, ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਆਪਣੇ ਫਰਜ਼ ਨਿਭਾਉਣ। ਉਨ੍ਹਾਂ ਸਪੱਸ਼ਟ ਨਿਰਦੇਸ਼ ਦਿੱਤੇ ਕਿ ਡਿਊਟੀ ਵਿੱਚ ਕਿਸੇ ਵੀ ਕਿਸਮ ਦੀ ਕੋਤਾਹੀ ਜਾਂ ਲਾਪਰਵਾਹੀ ਸਾਹਮਣੇ ਆਉਣ 'ਤੇ ਸਬੰਧਤ ਨਿਗਰਾਨੀ ਕਮੇਟੀ ਦੇ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਦੌਰਾਨ ਸਬੰਧਤ ਅਧਿਕਾਰੀਆਂ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਅਤੇ ਨਿਗਰਾਨੀ ਪ੍ਰਬੰਧ ਤਹਿਤ ਹੁਣ ਤੱਕ ਕੀਤੇ ਗਏ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਖੇਤਰਾਂ ਵਿੱਚ ਨਿਗਰਾਨੀ ਦੇ ਨਾਲ-ਨਾਲ ਜਾਗਰੂਕਤਾ ਗਤੀਵਿਧੀਆਂ ਵੀ ਲਗਾਤਾਰ ਜਾਰੀ ਰੱਖਣ ਅਤੇ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਦੀ ਸੂਚਨਾ, ਜਾਂਚ ਅਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਰਿਕਾਰਡ ਵਿਵਸਥਿਤ ਢੰਗ ਨਾਲ ਤਿਆਰ ਰੱਖਣ।

ਮੀਟਿੰਗ ਵਿੱਚ ਡੀ.ਐਸ.ਪੀ. ਵਿਨੋਦ ਸ਼ੰਕਰ ਭਾਰਦਵਾਜ, ਬੀ.ਡੀ.ਪੀ.ਓ. ਅਸ਼ੋਕ ਮੇਹਰਾ, ਐਸ.ਐਮ.ਐਸ. ਡਾ. ਆਰਤੀ, ਐਸ.ਐਮ.ਐਸ. ਐਗਰੋ ਡਾ. ਪ੍ਰੀਤੀ ਵਰਮਾ, ਐਸ.ਐਮ.ਐਸ. ਡਾ. ਰੌਬਿਨ, ਤਕਨੀਕੀ ਸਹਾਇਕ ਡਾ. ਵਿਕਾਸ ਸਿੰਘ ਸਮੇਤ ਖੇਤੀਬਾੜੀ, ਮਾਲ, ਵਿਕਾਸ ਅਤੇ ਪੰਚਾਇਤ, ਪੁਲਿਸ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਕਿਸਾਨਾਂ ਨੂੰ ਜਾਗਰੂਕ ਕਰਨ 'ਤੇ ਵੀ ਦਿੱਤਾ ਜ਼ੋਰ

*ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਨਾਲ ਹਵਾ ਪ੍ਰਦੂਸ਼ਣ ਵਧਣ ਦੇ ਨਾਲ-ਨਾਲ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਇਸ ਲਈ ਸਿਰਫ਼ ਨਿਗਰਾਨੀ ਅਤੇ ਕਾਰਵਾਈ ਹੀ ਨਹੀਂ, ਸਗੋਂ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਬਾਰੇ ਜਾਗਰੂਕ ਕਰਨਾ ਵੀ ਜ਼ਰੂਰੀ ਹੈ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਢੁਕਵੇਂ ਪ੍ਰਬੰਧਨ ਲਈ ਉਪਲਬਧ ਤਕਨੀਕਾਂ, ਖੇਤੀਬਾੜੀ ਮਸ਼ੀਨਰੀ ਅਤੇ ਹੋਰ ਸਾਧਨਾਂ ਬਾਰੇ ਜਾਣਕਾਰੀ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਪਿੰਡ ਪੱਧਰ ਤੱਕ ਪ੍ਰਭਾਵਸ਼ਾਲੀ ਨਿਗਰਾਨੀ ਪ੍ਰਬੰਧ ਯਕੀਨੀ ਬਣਾਉਣ। ਪਿੰਡ ਪੱਧਰੀ ਟਾਸਕ ਫੋਰਸ ਵਿੱਚ ਸ਼ਾਮਲ ਅਧਿਕਾਰੀ ਅਤੇ ਕਰਮਚਾਰੀ ਆਪਣੇ ਖੇਤਰ ਦੇ ਕਿਸਾਨਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਮਿਲਾਉਣ ਅਤੇ ਹੋਰ ਵਿਗਿਆਨਕ ਪ੍ਰਬੰਧਨ ਤਰੀਕਿਆਂ ਬਾਰੇ ਜਾਣਕਾਰੀ ਦੇਣ।*

# ਖੇਡਾਂ ਵਤਨ ਪੰਜਾਬ ਦੀਆਂ: ਦੌੜ ਵਿੱਚ ਗੁਰਸਾਹਿਬਜੋਤ ਸਿੰਘ ਨੇ ਕ੍ਰਮਵਾਰ ਪਹਿਲਾ, ਸਮਰ ਸਿੰਘ ਨੇ ਦੂਸਰਾ ਅਤੇ ਫਤਿਹਵੀਰ ਸਿੰਘ ਨੇ ਤੀਜਾ ਸਥਾਨ ਕੀਤਾ ਹਾਸਲ

**ਸੰਗਰੂਰ, 01 ਅਕਤੂਬਰ**
**(ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ, ਸੂਬੇ ਦੀ ਨੌਜਵਾਨੀ ਨੂੰ ਖੇਡਾਂ ਨਾਲ ਜੋੜਨ ਲਈ ਕਰਵਾਈਆਂ ਜਾ ਰਹੀਆ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 04 ਤਹਿਤ ਜ਼ਿਲ੍ਹਾ ਪੱਧਰੀ ਖੇਡਾ ਦੇ ਅੱਜ ਤੀਸਰੇ ਦਿਨ ਸ੍ਰੀਮਤੀ ਨਰਿੰਦਰ ਕੌਰ ਭਰਾਜ, ਐਮ.ਐਲ.ਏ. ਹਲਕਾ, ਸੰਗਰੂਰ ਵੱਲੋਂ ਵਾਰ ਹੀਰੋਜ਼ ਸਟੇਡੀਅਮ, ਸੰਗਰੂਰ ਵਿਖੇ ਸ਼ਿਰਕਤ ਕੀਤੀ ਗਈ ਅਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਖਿਡਾਰੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਸ੍ਰ ਸੁਖਚੈਨ ਸਿੰਘ ਪਾਪੜਾ, ਵਧੀਕ ਡਿਪਟੀ ਕਮਿਸ਼ਨਰ, (ਵਿਕਾਸ) ਅਤੇ ਸ਼੍ਰੀ ਸਤੀਸ਼ ਚੰਦਰ, ਸਬ-ਡਵੀਜ਼ਨਲ ਮੈਜਿਸਟ੍ਰੇਟ, ਸੰਗਰੂਰ ਵੱਲੋਂ ਵੀ ਸ਼ਿਰਕਤ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਮੈਡਲ ਦਿੱਤੇ ਗਏ ਅਤੇ ਮੈਡਲ ਜੇਤੂ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਗਿਆ। ਗੇਮ ਤੈਰਾਕੀ, ਅਤੇ ਹਾਕੀ ਦੇ ਨਾਲ-ਨਾਲ ਅੱਜ ਐਥਲੈਟਿਕਸ, ਖੋਹ-ਖੋਹ, ਬੈਡਮਿੰਟਨ, ਕਿੱਕ ਬਾਕਸਿੰਗ, ਬਾਕਸਿੰਗ, ਹੈਂਡਬਾਲ, ਹਾਕੀ, ਬਾਸਕਿਟਬਾਲ, ਟੇਬਲ ਟੈਨਿਸ, ਕੁਸ਼ਤੀ, ਖੋਹ-ਖੋਹ, ਅਤੇ ਰੋਲਰ ਸਕੇਟਿੰਗ ਖੇਡਾਂ ਵੀ ਸ਼ੁਰੂ ਹੋ ਚੁੱਕੀਆਂ ਹਨ। ਇਹ ਜਾਣਕਾਰੀ ਸ੍ਰ ਨਵਦੀਪ ਸਿੰਘ ਜ਼ਿਲ੍ਹਾ ਖੇਡ ਅਫਸਰ ਸੰਗਰੂਰ ਨੇ ਸਾਂਝੀ ਕੀਤੀ। ਅੱਜ ਹੋਏ ਮੁਕਾਬਲਿਆਂ ਤਹਿਤ ਅੰ: 14 (60 ਮੀਟਰ) ਦੌੜ ਵਿੱਚ ਗੁਰਸਾਹਿਬਜੋਤ ਸਿੰਘ ਨੇ ਕ੍ਰਮਵਾਰ ਪਹਿਲਾ ਅਤੇ ਸਮਰ ਸਿੰਘ ਨੇ ਦੂਸਰਾ ਅਤੇ ਫਤਿਹਵੀਰ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਲੰਬੀ ਛਾਲ ਦੇ ਹੋਏ ਮੁਕਾਬਲੇ ਵਿੱਚ ਕ੍ਰਮਵਾਰ ਭੁਪਿੰਦਰ ਸਿੰਘ ਨੇ ਪਹਿਲਾ ਅਤੇ ਮਨਿੰਦਰਜੋਤ ਸਿੰਘ ਨੇ ਦੂਸਰਾ ਅਤੇ ਏਕਮਜੋਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਇਸ ਦੇ ਨਾਲ ਹੀ ਗੋਲਾ ਸੁੱਟਣ ਦੇ ਹੋਏ ਮੁਕਾਬਲੇ ਦੌਰਾਨ ਮਨਰਾਜ ਸਿੰਘ ਸਿੱਧੂ ਨੇ ਪਹਿਲਾ ਅਤੇ ਉਦੇਵੀਰ ਸਿੰਘ ਨੇ ਦੂਸਰਾ ਅਤੇ ਜੈਬੀਰ ਸਿੰਘ ਥਿੰਦ ਨੇ ਤੀਜਾ ਸਥਾਨ ਹਾਸਿਲ ਕੀਤਾ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹੋ ਰਿਹਾ ਚਹੁੰਮੁਖੀ ਵਿਕਾਸ : ਅਸ਼ੋਕ ਕਨੌਜੀਆ

**ਹਾਂਸੀ, 1 ਅਕਤੂਬਰ**
**(ਪੈ.ਗਾਮ-ਏ-ਜਗਤ)**



ਸਮੁੱਚੇ ਭਾਰਤ ਦੇਸ਼ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਚਹੁੰਮੁਖੀ ਵਿਕਾਸ ਹੋ ਰਿਹਾ ਹੈ। ਇਹ ਸ਼ਬਦ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਨਮੋ-ਸੇਵਾ, ਅਣਕਹੀਆਂ ਕਹਾਣੀਆਂ ਦੇ ਜ਼ਿਲ੍ਹਾ ਸੰਯੋਜਕ ਅਤੇ ਭਾਰਤ ਸਰਕਾਰ ਦੇ ਖਾਦ ਵਿਭਾਗ ਵਿੱਚ ਡਾਇਰੈਕਟਰ ਅਸ਼ੋਕ ਕਨੌਜੀਆ ਨੇ ਕੁਲਾਨਾ ਪਿੰਡ ਦੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਮੁੱਖ ਬੁਲਾਰੇ ਵਜੋਂ ਆਪਣੇ ਸੰਬੋਧਨ ਦੌਰਾਨ ਕਹੇ। ਕਨੌਜੀਆ ਨੇ ਅੱਗੇ ਦੱਸਿਆ ਕਿ ਭਾਵੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ 13 ਸਾਲ ਤੱਕ ਗੁਜਰਾਤ ਦੇ ਮੁੱਖ ਮੰਤਰੀ ਰਹੇ ਹੋਣ ਜਾਂ ਹੁਣ 12 ਸਾਲਾਂ ਤੋਂ ਦੇਸ਼ ਦੇ ਪ੍ਰਧਾਨ ਮੰਤਰੀ ਹਨ, ਉਨ੍ਹਾਂ ਨੇ ਆਪਣੇ ਕੰਮਾਂ ਰਾਹੀਂ ਵਿਕਾਸ ਦੇ ਖੇਤਰ ਵਿੱਚ ਅਮਿੱਟ ਛਾਪ ਛੱਡੀ ਹੈ। ਉਨ੍ਹਾਂ ਵੱਲੋਂ ਚਲਾਏ ਗਏ ਕਾਰਜਾਂ ਦੇ ਕਾਰਨ ਹੀ 2047 ਵਿੱਚ ਭਾਰਤ ਪੂਰੀ ਤਰ੍ਹਾਂ ਵਿਕਸਤ ਦੇਸ਼ ਬਣਨ ਦਾ ਮਾਣ ਪ੍ਰਾਪਤ ਕਰੇਗਾ।

ਇਸ ਮੌਕੇ ਨਾਟਕ ਮੰਡਲੀ ਨੇ ਆਪਣੀ ਪੇਸ਼ਕਾਰੀ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤੇ ਗਏ ਕੰਮਾਂ ਦਾ ਬਖਾਨ ਕੀਤਾ। ਇਸ ਵਿੱਚ ਦੱਸਿਆ ਗਿਆ ਕਿ ਜਦੋਂ ਉਹ ਗੁਜਰਾਤ ਦੇ ਮੁੱਖ ਮੰਤਰੀ ਸਨ ਤਾਂ ਭੂਚਾਲ ਆਉਣ ਸਮੇਂ ਉਨ੍ਹਾਂ ਨੇ ਕਿਵੇਂ ਜਲਦ ਹੀ ਜਨ-ਜੀਵਨ ਨੂੰ ਮੁੜ ਲੀਹ 'ਤੇ ਲਿਆਂਦਾ ਸੀ ਅਤੇ ਜਦੋਂ 2019 ਵਿੱਚ ਕੋਵਿਡ ਆਇਆ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੁਫ਼ਤ ਵੈਕਸੀਨ ਦੇ ਕੇ ਲੱਖਾਂ ਲੋਕਾਂ ਦੀਆਂ ਜਾਨਾਂ ਬਚਾਈਆਂ ਅਤੇ ਵਿਦੇਸ਼ਾਂ ਵਿੱਚ ਵੀ ਮੁਫ਼ਤ ਵੈਕਸੀਨ ਦੇ ਕੇ ਭਾਰਤ ਦਾ ਦਿਆਲੂ ਭਾਵ ਦਰਸਾਇਆ। ਉਨ੍ਹਾਂ ਅੱਗੇ ਦੱਸਿਆ ਕਿ ਹਾਂਸੀ ਜ਼ਿਲ੍ਹੇ ਵਿੱਚ ਨਾਟਕ ਮੰਡਲੀ ਵੱਲੋਂ ਸਕੂਲਾਂ, ਕਾਲਜਾਂ ਅਤੇ ਆਈ.ਟੀ.ਆਈ. ਵਿੱਚ 30 ਪ੍ਰੋਗਰਾਮ ਕਰਵਾਏ ਗਏ।

ਕਨੌਜੀਆ ਨੇ ਕਿਹਾ ਕਿ ਪਿਛਲੇ 25 ਸਾਲਾਂ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੇ ਹਨ ਤਾਂ ਜੋ ਭਾਰਤ ਮੁੜ ਇੱਕ ਸ਼ਕਤੀਸ਼ਾਲੀ ਅਤੇ ਮਾਣਮੱਤਾ ਰਾਸ਼ਟਰ ਬਣ ਸਕੇ। ਇਸ ਮੌਕੇ ਸੰਯੋਜਕ ਵਿਨੋਦ ਚਾਨੌਤ, ਕੌਂਸਲਰ ਮਨਜੀਤ ਜਾਂਗੜਾ, ਸੰਦੀਪ ਸੈਣੀ, ਪ੍ਰਿੰਸੀਪਲ ਸੁਨੀਤਾ ਰਾਣੀ ਸਮੇਤ ਸਮੁੱਚਾ ਸਟਾਫ਼ ਅਤੇ ਸੈਂਕੜੇ ਵਿਦਿਆਰਥੀ ਹਾਜ਼ਰ ਸਨ।

# ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲਾਲੜੂ ਖੇਤਰ ਦੀਆਂ ਚਾਰ ਅਨਾਜ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ

**ਲਾਲੜੂ, 1 ਅਕਤੂਬਰ**
**(ਪੈ.ਗਾਮ-ਏ-ਜਗਤ)**

**• ਕਿਸਾਨਾਂ ਦੀ ਫ਼ਸਲ ਦੀ ਸਮੇਂ ਸਿਰ ਖਰੀਦ ਅਤੇ ਅਦਾਇਗੀ ਲਈ ਸਰਕਾਰ ਵਚਨਬੱਧ: ਕੁਲਜੀਤ ਰੰਧਾਵਾ**



ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਅੱਜ ਲਾਲੜੂ ਖੇਤਰ ਦੀਆਂ ਮੰਡੀਆਂ ਲਾਲੜੂ, ਟਿਵਾਣਾ, ਜੜੌਤ ਅਤੇ ਤਸਿੰਬਲੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਵੱਲੋਂ ਮੰਡੀਆਂ ਵਿੱਚ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ ਗਈ।

ਵਿਧਾਇਕ ਸ. ਰੰਧਾਵਾ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਫ਼ਸਲ ਦੀ ਖਰੀਦ, ਲਿਫਟਿੰਗ ਅਤੇ ਅਦਾਇਗੀ ਨਾਲ ਸਬੰਧਤ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦੀ ਸਮੇਂ ਸਿਰ ਖਰੀਦ ਅਤੇ ਅਦਾਇਗੀ ਲਈ ਭਗਵੰਤ ਸਿੰਘ ਮਾਨ ਸਰਕਾਰ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਲੋੜੀਂਦੀਆਂ ਸਾਰੀਆਂ ਸਹੂਲਤਾਂ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

ਇਸ ਮੌਕੇ ਲਾਲੜੂ ਮੰਡੀ ਵਿਖੇ ਕਿਸਾਨ ਗੁਰਪ੍ਰੀਤ ਸਿੰਘ ਪੁੱਤਰ ਜੈਪਾਲ ਸਿੰਘ, ਵਾਸੀ ਪਿੰਡ ਮਲਕਪੁਰ ਦੀ ਫ਼ਸਲ ਦੀ ਖਰੀਦ ਆੜ੍ਹਤੀ ਜ਼ੁੰਮਾ ਰਾਮ ਭਗਵਾਨ ਦਾਸ ਵਿਖੇ ਰਸਮੀ ਤੌਰ ਤੇ ਸ਼ੁਰੂ ਕੀਤੀ ਗਈ। ਟਿਵਾਣਾ ਮੰਡੀ ਵਿਖੇ ਕਿਸਾਨ ਬਲਜਿੰਦਰ ਸਿੰਘ ਪੁੱਤਰ ਜਗੀਰ ਸਿੰਘ, ਵਾਸੀ ਪਿੰਡ ਲਹਿਲੀ ਦੀ ਫ਼ਸਲ ਦੀ ਖਰੀਦ ਸ਼ਾਰਦਾ ਇੰਟਰਪ੍ਰਾਈਜ਼ਿਜ਼ ਵਿਖੇ ਸ਼ੁਰੂ ਕੀਤੀ ਗਈ। ਇਸੇ ਤਰ੍ਹਾਂ ਜੜੌਤ ਮੰਡੀ ਵਿਖੇ ਕਿਸਾਨ ਵਰਿੰਦਰ ਸਿੰਘ ਪੁੱਤਰ ਅਜਮੇਰ ਸਿੰਘ, ਵਾਸੀ ਪਿੰਡ ਕੁਰਲੀ ਦੀ ਫ਼ਸਲ ਦੀ ਖਰੀਦ ਕਰਨ ਇੰਟਰਪ੍ਰਾਈਜ਼ਿਜ਼ ਵਿਖੇ, ਜਦਕਿ ਤਸਿੰਬਲੀ ਮੰਡੀ ਵਿਖੇ ਕਿਸਾਨ ਗੁਰਧਿਆਨ ਸਿੰਘ ਪੁੱਤਰ ਬਲਜਿੰਦਰ ਸਿੰਘ, ਵਾਸੀ ਪਿੰਡ ਸਿਹਪੁਰ ਦੀ ਫ਼ਸਲ ਦੀ ਖਰੀਦ ਰਘੂਨਾਥ ਦਾਸ ਸੋਹਨ ਲਾਲ ਵਿਖੇ ਰਸਮੀ ਤੌਰ ਤੇ ਸ਼ੁਰੂ ਕੀਤੀ ਗਈ। ਇਸ ਮੌਕੇ ਮਾਰਕਿਟ ਕਮੇਟੀ ਲਾਲੜੂ ਦੇ ਚੇਅਰਮੈਨ ਸ. ਗੁਰਸੇਵਕ ਸਿੰਘ, ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਸ. ਜੋਰਾਵਰ ਸਿੰਘ, ਸੀਨੀਅਰ ਪ੍ਰਧਾਨ, ਕੌਂਸਲਰ, ਵਾਰਡ ਇੰਚਾਰਜ, ਪੰਚ-ਸਰਪੰਚ, ਪਾਰਟੀ ਦੇ ਮੈਂਬਰ, ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀ ਅਤੇ ਆੜ੍ਹਤੀ ਮੌਜੂਦ ਸਨ।

# ਖਰੜ, ਕੁਰਾਲੀ ਤੇ ਖਿਜ਼ਰਾਬਾਦ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਦੇ ਪ੍ਰਬੰਧਾਂ ਦਾ ਪਰਮਿੰਦਰ ਸਿੰਘ ਗੋਲਡੀ ਨੇ ਲਿਆ ਜਾਇਜ਼ਾ

**ਖਰੜ, 1 ਅਕਤੂਬਰ**
**(ਪੈ.ਗਾਮ-ਏ-ਜਗਤ)**



ਪੰਜਾਬ ਭਰ ਦੀਆਂ ਅਨਾਜ ਮੰਡੀਆਂ ਵਿੱਚ ਅੱਜ 1 ਅਕਤੂਬਰ ਤੋਂ ਸਰਕਾਰੀ ਝੋਨੇ ਦੀ ਖਰੀਦ ਸ਼ੁਰੂ ਹੋ ਗਈ ਹੈ। ਇਸੇ ਤਹਿਤ ਚੇਅਰਮੈਨ ਪੰਜਾਬ ਯੂਥ ਡਿਵੈਲਪਮੈਂਟ ਬੋਰਡ, ਸ. ਪਰਮਿੰਦਰ ਸਿੰਘ ਗੋਲਡੀ ਨੇ ਅੱਜ ਖਰੜ, ਕੁਰਾਲੀ ਅਤੇ ਖਿਜ਼ਰਾਬਾਦ ਅਨਾਜ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੀ ਸਰਕਾਰੀ ਖਰੀਦ ਸਬੰਧੀ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਦੌਰਾਨ ਸ. ਗੋਲਡੀ ਨੇ ਤਿੰਨਾਂ ਮੰਡੀਆਂ ਵਿੱਚ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਅਤੇ ਖਰੀਦ ਏਜੰਸੀਆਂ ਦੇ ਸਟਾਫ ਨਾਲ ਗੱਲਬਾਤ ਕਰਕੇ ਝੋਨੇ ਦੀ ਆਮਦ, ਖਰੀਦ, ਤੋਲ, ਲਿਫਟਿੰਗ ਅਤੇ ਕਿਸਾਨਾਂ ਲਈ ਕੀਤੇ ਗਏ ਹੋਰ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਮੰਡੀਆਂ ਵਿੱਚ ਮੌਜੂਦ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ ਅਤੇ ਝੋਨੇ ਦੀ ਖਰੀਦ ਸਬੰਧੀ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਸੁਣੇ।

ਇਸ ਮੌਕੇ ਸ. ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਨ੍ਹਾਂ ਦੀ ਫ਼ਸਲ ਦੀ ਖਰੀਦ ਸਮੇਂ ਸਿਰ ਹੋਵੇ, ਇਸ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋਣ ਦੀ ਖੁਸ਼ੀ ਵਿੱਚ ਸ. ਪਰਮਿੰਦਰ ਸਿੰਘ ਗੋਲਡੀ ਵੱਲੋਂ ਕਿਸਾਨਾਂ ਦਾ ਮੂੰਹ ਮਿੱਠਾ ਵੀ ਕਰਵਾਇਆ ਗਿਆ। ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਆਉਣ ਦੇਣ ਲਈ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ। ਇਸ ਮੌਕੇ ਬਹਾਦਰ ਸਿੰਘ, ਪ੍ਰਧਾਨ ਨਗਰ ਕੌਂਸਲ ਕੁਰਾਲੀ, ਸੁਖਵਿੰਦਰ ਸਿੰਘ ਬਿੱਟੂ, ਚੇਅਰਮੈਨ ਮਾਰਕੀਟ ਕਮੇਟੀ ਖਰੜ, ਕੁਸ਼ਲਪਾਲ ਰਾਣਾ, ਚੇਅਰਮੈਨ ਮਾਰਕੀਟ ਕਮੇਟੀ ਕੁਰਾਲੀ, ਰਾਮ ਸਰੂਪ, ਬਲਜੀਤ ਸਿੰਘ (ਮੀਡੀਆ ਇੰਚਾਰਜ, ਹਲਕਾ ਖਰੜ, ਆਪ), ਪ੍ਰਿੰਸ ਧਾਲੀਵਾਲ, ਬਲਾਕ ਪ੍ਰਧਾਨ ਜੁਝਾਰ ਸਿੰਘ, ਸਤਵਿੰਦਰ ਸਿੰਘ, ਸੁਰਿੰਦਰ ਸਿੰਘ, ਜੱਗੀ ਕਦੀਮਾਜਰਾ, ਗੁਰਿੰਦਰ ਸਿੰਘ ਸਾਬਕਾ ਸਰਪੰਚ ਖਿਜਰਾਬਾਦ, ਇੰਦਰਜੀਤ ਸਿੰਘ ਗਿੱਲ, ਅਨਿਲ ਭਾਟੀਆ, ਸੁਖਦੇਵ ਸਿੰਘ ਪੰਚ, ਨਰਿੰਦਰ ਸ਼ਰਮਾ ਅਤੇ ਸੋਨੂੰ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ। ਇਸ ਤੋਂ ਇਲਾਵਾ ਮਾਰਕੀਟ ਕਮੇਟੀ ਖਰੜ ਅਤੇ ਕੁਰਾਲੀ ਦੇ ਅਧਿਕਾਰੀ ਤੇ ਸਟਾਫ ਵੀ ਮੌਜੂਦ ਰਹੇ। ਬਲਾਕ ਸਮਿਤੀ ਮੈਂਬਰ ਬਲਜੀਤ ਸਿੰਘ, ਜਗਜੀਤ ਸਿੰਘ ਅਤੇ ਜਗਤਾਰ ਸਿੰਘ ਤੋਂ ਇਲਾਵਾ ਕਿਸਾਨ ਆਗੂ ਦਵਿੰਦਰ ਸਿੰਘ, ਜਸਪਾਲ ਸਿੰਘ ਅਤੇ ਗੁਰਮੀਤ ਸਿੰਘ ਵੀ ਇਸ ਮੌਕੇ ਹਾਜ਼ਰ ਸਨ।

# ਸਮਾਧਾਨ ਕੈਂਪ ਵਿੱਚ ਤਹਿਸੀਲਦਾਰ ਡਾ. ਅਨਿਲ ਕੁਮਾਰ ਬਿਢਾਨ ਨੇ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

**• ਉਮਰ ਅਤੇ ਜਨਮ ਮਿਤੀ ਦੀ ਤਸਦੀਕ ਦਾ ਕੰਮ ਹੁਣ ਬਲਾਕ ਪੱਧਰ 'ਤੇ ਹੋਵੇਗਾ : ਤਹਿਸੀਲਦਾਰ ਡਾ. ਅਨਿਲ ਕੁਮਾਰ ਬਿਢਾਨ**



ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਏ ਜਾ ਰਹੇ ਸਮਾਧਾਨ ਕੈਂਪਾਂ ਦੀ ਲੜੀ ਤਹਿਤ ਵੀਰਵਾਰ ਨੂੰ ਤਹਿਸੀਲਦਾਰ ਡਾ. ਅਨਿਲ ਕੁਮਾਰ ਬਿਢਾਨ ਨੇ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕੈਂਪ ਵਿੱਚ ਪਹੁੰਚੇ ਨਾਗਰਿਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸ਼ਿਕਾਇਤਾਂ ਦਾ ਤਰਜੀਹ ਦੇ ਆਧਾਰ 'ਤੇ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਸਮਾਧਾਨ ਕੈਂਪ ਵਿੱਚ ਰਾਮਨਿਵਾਸ ਨੇ ਵਿਧੁਰ ਪੈਨਸ਼ਨ ਨਾਲ ਸਬੰਧਤ ਸਮੱਸਿਆ ਰੱਖੀ, ਜਦਕਿ ਢਾਣੀ ਪਾਲ ਵਾਸੀ ਚਾਂਦਰਾਮ ਨੇ ਪਰਿਵਾਰ ਪਹਿਚਾਣ ਪੱਤਰ ਵਿੱਚ ਦਰਜ ਗਲਤ ਮੀਟਰ ਨੰਬਰ ਹਟਾਉਣ ਸਬੰਧੀ ਸ਼ਿਕਾਇਤ ਤਹਿਸੀਲਦਾਰ ਦੇ ਸਾਹਮਣੇ ਰੱਖੀ। ਤਹਿਸੀਲਦਾਰ ਅਨਿਲ ਕੁਮਾਰ ਬਿਢਾਨ ਨੇ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੀ ਕਾਰਵਾਈ ਕਰਦਿਆਂ ਸ਼ਿਕਾਇਤਾਂ ਦਾ ਜਲਦ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਤਹਿਸੀਲਦਾਰ ਅਨਿਲ ਬਿਢਾਨ ਨੇ ਨਾਗਰਿਕਾਂ ਨੂੰ ਮਹੱਤਵਪੂਰਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮਰ ਅਤੇ ਜਨਮ ਮਿਤੀ ਦੀ ਤਸਦੀਕ ਨਾਲ ਸਬੰਧਤ ਕੰਮ ਦਾ ਡਾਟਾ ਹੁਣ ਬਲਾਕ ਪੱਧਰ 'ਤੇ ਭੇਜ ਦਿੱਤਾ ਗਿਆ ਹੈ। ਅਜਿਹੇ ਵਿੱਚ ਜਿਨ੍ਹਾਂ ਨਾਗਰਿਕਾਂ ਨੂੰ ਆਪਣੀ ਉਮਰ ਜਾਂ ਜਨਮ ਮਿਤੀ ਦੀ ਤਸਦੀਕ ਨਾਲ ਸਬੰਧਤ ਕੰਮ ਕਰਵਾਉਣਾ ਹੈ, ਉਹ ਸਬੰਧਤ ਬਲਾਕ ਪੱਧਰ 'ਤੇ ਉਪਲਬਧ ਪ੍ਰਬੰਧ ਰਾਹੀਂ ਆਪਣਾ ਕੰਮ ਕਰਵਾ ਸਕਦੇ ਹਨ। ਤਹਿਸੀਲਦਾਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਉਦੇਸ਼ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਉਣਾ ਹੈ। ਸਮਾਧਾਨ ਕੈਂਪਾਂ ਰਾਹੀਂ ਨਾਗਰਿਕਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਅਧਿਕਾਰੀਆਂ ਦੇ ਸਾਹਮਣੇ ਰੱਖਣ ਦਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਰ ਸ਼ਿਕਾਇਤ 'ਤੇ ਗੰਭੀਰਤਾ ਨਾਲ ਕਾਰਵਾਈ ਕਰਦਿਆਂ ਨਿਰਧਾਰਤ ਪ੍ਰਕਿਰਿਆ ਅਨੁਸਾਰ ਉਸ ਦਾ ਨਿਪਟਾਰਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਐਮਈ ਜੈਬੀਰ ਸਿੰਘ, ਕਿਰਤ ਨਿਰੀਖਕ ਅਮਿਤ ਲੋਹਾਨ, ਨਿਰੀਖਕ ਰਮੇਸ਼ ਕੁਮਾਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਰਹੇ।

# ਐਸ.ਆਈ.ਆਰ. ਦਾ ਕੰਮ ਸੰਪੂਰਨ ਹੋਣ ਦੇ ਨੇੜੇ : ਡੀ.ਸੀ. ਕੋਮਲ ਮਿੱਤਲ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ**
**1 ਅਕਤੂਬਰ (ਪੈ.ਗਾਮ-ਏ-ਜਗਤ)**

ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੁਧਾਈ (ਐਸ.ਆਈ.ਆਰ.) ਦਾ ਕੰਮ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਹੁਣ ਤੱਕ 99.37 ਫ਼ੀਸਦੀ ਪ੍ਰਕਿਰਿਆ ਮੁਕੰਮਲ ਕੀਤੀ ਜਾ ਚੁੱਕੀ ਹੈ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ—52-ਖਰੜ, 53-ਐਸ.ਏ.ਐਸ. ਨਗਰ ਅਤੇ 112-ਡੇਰਾਬੱਸੀ—ਵਿੱਚ ਐਸ.ਆਈ.ਆਰ.-2026 ਦੀ 99.37 ਫ਼ੀਸਦੀ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਯਕੀਨੀ ਬਣਾਉਣ ਅਤੇ ਵੋਟਰਾਂ ਨੂੰ ਵੱਧ ਤੋਂ ਵੱਧ ਸਹੂਲਤ ਦੇਣ ਲਈ, ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਸੁਣਵਾਈ ਜਾਂ ਦਸਤਾਵੇਜ਼ ਜਮ?ਹਾਂ ਕਰਵਾਉਣ ਦੀ ਕਾਰਵਾਈ ਬਾਕੀ ਹੈ, ਉਨ੍ਹਾਂ ਮਾਮਲਿਆਂ ਵਿੱਚ ਬੂਥ ਪੱਧਰੀ ਅਧਿਕਾਰੀ (ਬੀ.ਐਲ.ਓ.) ਖੁਦ ਵੋਟਰਾਂ ਨਾਲ ਸੰਪਰਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਉਨ੍ਹਾਂ ਤੋਂ ਸਿੱਧੇ ਤੌਰ 'ਤੇ ਪ੍ਰਾਪਤ ਕਰਨਗੇ। ਇਸ ਤਹਿਤ ਵੋਟਰਾਂ ਨੂੰ ਸੁਣਵਾਈ ਜਾਂ ਦਸਤਾਵੇਜ਼ ਜਮ?ਹਾਂ ਕਰਵਾਉਣ ਲਈ ਦਫ਼ਤਰਾਂ ਵਿੱਚ ਆਉਣ ਦੀ ਲੋੜ ਨਹੀਂ ਪਵੇਗੀ, ਜਿੱਥੇ ਵੀ ਇਹ ਪ੍ਰਕਿਰਿਆ ਲਾਗੂ ਹੁੰਦੀ ਹੈ। ਸ੍ਰੀਮਤੀ ਮਿੱਤਲ ਨੇ ਕਿਹਾ ਕਿ ਇਸ ਵਿਵਸਥਾ ਨਾਲ ਵੋਟਰਾਂ ਨੂੰ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਵਿੱਚ ਨਿੱਜੀ ਸੁਣਵਾਈ ਜਾਂ ਦਸਤਾਵੇਜ਼ ਜਮ?ਹਾਂ ਕਰਵਾਉਣ ਲਈ ਖੁਦ ਜਾਣ ਦੀ ਪਰੇਸ਼ਾਨੀ ਤੋਂ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਤੇ ਚਿੰਤਾਵਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਸਹਾਇਤਾ ਕੇਂਦਰ ਵੀ ਸਥਾਪਿਤ ਕੀਤੇ ਗਏ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਉਨ੍ਹਾਂ ਦਾ ਦਫ਼ਤਰ ਜ਼ਿਲ੍ਹੇ ਦੇ ਤਿੰਨੋਂ ਈ.ਆਰ.ਓਜ਼ ਅਤੇ ਸਮੁੱਚੇ ਚੋਣ ਅਮਲੇ ਨਾਲ ਤਾਲਮੇਲ ਕਰਕੇ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਲਗਾਤਾਰ ਯਤਨ ਕਰ ਰਿਹਾ ਹੈ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਜਿੱਥੇ ਵੀ ਲੋੜ ਹੋਵੇ, ਲੋੜੀਂਦੇ ਦਸਤਾਵੇਜ਼ ਅਤੇ ਜਾਣਕਾਰੀ ਮੁਹੱਈਆ ਕਰਵਾਉਣ ਤਾਂ ਜੋ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।